ਸ਼ੁੱਕਰਵਾਰ, 20 ਨਵੰਬਰ, 2026
5 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 170

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 20 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਜਨਗਣਨਾ 2027
ਦੇਸ਼ ਦੀ ਤਸਵੀਰ 'ਚ ਤੁਹਾਡਾ ਪਰਵਾਰ ਵੀ
ਸਵੈ-ਗਣਨਾ : 16 ਨਵੰਬਰ ਤੋਂ 30 ਨਵੰਬਰ 2026
ਕੇਵਲ ਗੋਆ, ਪੰਜਾਬ, ਉੱਤਰਾਖੰਡ ਅਤੇ ਉੱਤਰ ਪ੍ਰਦੇਸ਼ ਲਈ
Se.census.gov.in
ਸਾਡੀ ਜਨਗਣਨਾ, ਸਾਡਾ ਵਿਕਾਸ
Se.census.gov.in 1800 180 1855 1855
ਜਨਗਣਨਾ ਨਾਲ ਸੰਬੰਧਤ ਜਾਣਕਾਰੀ ਲਈ ਸਕੈਨ ਕਰੋ
ਗ੍ਰਹ ਮੰਤਰਾਲਯ ਭਾਰਤ ਸਰਕਾਰ
CBC 19108/13/0181/2627

ਹਰਦਿਆਲ ਕੰਬੋਜ ਭਾਜਪਾ 'ਚ

ਚੰਡੀਗੜ੍ਹ : ਰਾਜਪੁਰਾ ਹਲਕੇ ਦੇ ਵਿਧਾਇਕ ਰਹਿ ਚੁੱਕੇ ਅਤੇ ਕਾਂਗਰਸ ਪਾਰਟੀ ਚੋਣ ਮੈਨੀਫੈਸਟੋ ਕਮੇਟੀ ਦੇ ਉਪ ਮੁਖੀ ਹਰਦਿਆਲ ਸਿੰਘ ਕੰਬੋਜ ਵੀਰਵਾਰ ਸ਼ਾਮ ਭਾਜਪਾ 'ਚ ਸ਼ਾਮਲ ਹੋ ਗਏ। ਉਨ੍ਹਾ ਦੀ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸਤੀਸ਼ ਪੂਨੀਆ ਵੱਲੋਂ ਪਾਰਟੀ ਵਿੱਚ ਸ਼ਮੂਲੀਅਤ ਕਰਵਾਈ ਗਈ।

ਪੀ ਐੱਫ ਕਢਾਉਣ 'ਚ ਛੋਟ

ਨਵੀਂ ਦਿੱਲੀ : ਕਰਮਚਾਰੀ ਭਵਿੱਖ ਨਿਧੀ ਸੰਗਠਨ (ਈ ਪੀ ਐੱਫ ਓ) ਦੇ ਬੋਰਡ ਨੇ ਵੀਰਵਾਰ ਭਵਿੱਖ ਨਿਧੀ (ਪੀ ਐੱਫ) ਖਾਤਿਆਂ ਵਿੱਚ ਲਾਜ਼ਮੀ ਘੱਟੋ-ਘੱਟ ਬਕਾਇਆ ਲੋੜ ਨੂੰ ਮੌਜੂਦਾ 25 ਪ੍ਰਤੀਸ਼ਤ ਤੋਂ ਘਟਾ ਕੇ 10 ਪ੍ਰਤੀਸ਼ਤ ਕਰਨ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਕਦਮ ਖਾਤਾਧਾਰੀਆਂ ਨੂੰ ਉਨ੍ਹਾਂ ਦੀ ਰਿਟਾਇਰਮੈਂਟ ਬੱਚਤ ਤੱਕ ਵਧੇਰੇ ਪਹੁੰਚ ਪ੍ਰਦਾਨ ਕਰੇਗਾ। ਇਸ ਤੋਂ ਇਲਾਵਾ ਪੀ ਐੱਫ ਵਿੱਚੋਂ ਫੰਡ ਕਢਵਾਉਣ ਲਈ ਇੱਕ ਸਾਲ ਤੋਂ ਨੌਕਰੀ ਕਰਨ ਦੀ ਜ਼ਰੂਰਤ ਨਹੀਂ ਰਹੇਗੀ। ਨਵੇਂ ਨਿਯਮਾਂ ਦੇ ਤਹਿਤ ਹੁਣ ਤੁਸੀਂ ਪੀ ਐੱਫ ਮੈਂਬਰ ਬਣਨ ਤੋਂ ਸਿਰਫ ਦੋ ਮਹੀਨਿਆਂ ਬਾਅਦ ਬੇਰੁਜ਼ਗਾਰੀ ਦੀ ਸਥਿਤੀ ਵਿੱਚ ਫੰਡ ਕਢਵਾ ਸਕਦੇ ਹੋ। ਇਸ ਕਦਮ ਨੂੰ ਮੰਤਰਾਲੇ ਦੁਆਰਾ ਅਜੇ ਸੂਚਿਤ ਨਹੀਂ ਕੀਤਾ ਗਿਆ।


ਆਜ਼ਮ ਖਾਨ ਨੂੰ ਜ਼ਮਾਨਤ ਖਿਲਾਫ ਈ ਡੀ ਦੀ ਅਰਜ਼ੀ ਖਾਰਜ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਵੀਰਵਾਰ ਮਨੀ ਲਾਂਡਰਿੰਗ ਮਾਮਲੇ ਵਿੱਚ ਸਮਾਜਵਾਦੀ ਪਾਰਟੀ ਦੇ ਆਗੂ ਆਜ਼ਮ ਖਾਨ (78) ਨੂੰ ਅੰਤਰਮ ਜ਼ਮਾਨਤ ਦੇਣ ਦਾ ਅਲਾਹਾਬਾਦ ਹਾਈ ਕੋਰਟ ਦਾ ਹੁਕਮ ਬਰਕਰਾਰ ਰੱਖਦਿਆਂ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੀ ਪਟੀਸ਼ਨ ਖਾਰਜ ਕਰ ਦਿੱਤੀ। ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਪੀ ਬੀ ਵਰਾਲੇ ਦੀ ਬੈਂਚ ਨੇ ਕਿਹਾ ਕਿ ਅੰਤਰਮ ਹੁਕਮ ਵਿੱਚ ਦਖਲ ਦੇਣ ਦੀ ਲੋੜ ਨਹੀਂ ਹੈ ਅਤੇ ਹਾਈ ਕੋਰਟ ਦੀਆਂ ਪ੍ਰਥਮ ਦ੍ਰਿਸ਼ਟੀ ਟਿੱਪਣੀਆਂ ਦਾ ਅੰਤਮ ਫੈਸਲੇ 'ਤੇ ਕੋਈ ਅਸਰ ਨਹੀਂ ਹੋਣਾ ਚਾਹੀਦਾ। ਹਾਈ ਕੋਰਟ ਨੇ 17 ਨਵੰਬਰ ਨੂੰ ਇਹ ਰਾਹਤ ਇਸ ਲਈ ਦਿੱਤੀ ਸੀ, ਕਿਉਂਕਿ 31 ਅਕਤੂਬਰ ਨੂੰ ਹਿਰਾਸਤ ਵਿੱਚ ਲੈਂਦੇ ਸਮੇਂ ਈ ਡੀ ਵੱਲੋਂ ਗ੍ਰਿਫਤਾਰੀ ਦੇ ਲਿਖਤੀ ਕਾਰਨ ਦੇਣ ਵਿੱਚ ਕਮੀ ਪਾਈ ਗਈ ਸੀ। ਹਾਈ ਕੋਰਟ ਨੇ ਰਾਮਪੁਰ ਜੇਲ੍ਹ ਤੋਂ ਦੋਹਰੇ ਪੈਨ ਮਾਮਲੇ ਵਿੱਚ ਰਿਹਾਈ ਤੋਂ ਤੁਰੰਤ ਬਾਅਦ ਜੇਲ੍ਹ ਦੇ ਗੇਟ ਤੋਂ ਗ੍ਰਿਫਤਾਰੀ ਨੂੰ 'ਪ੍ਰੇਰਤ ਅਤੇ ਮੰਦਭਾਵਨਾਪੂਰਨ' ਦੱਸਿਆ ਸੀ। ਦੂਜੇ ਪਾਸੇ ਈ ਡੀ ਵੱਲੋਂ ਐਡੀਸ਼ਨਲ ਸਾਲਿਸਟਰ ਜਨਰਲ ਐੱਸ ਵੀ ਰਾਜੂ ਨੇ ਦਲੀਲ ਦਿੱਤੀ ਕਿ ਅਧਿਕਾਰੀਆਂ ਨੇ ਗ੍ਰਿਫਤਾਰੀ ਦੇ ਕਾਰਨ ਸੌਂਪਣ ਦੀ ਕੋਸ਼ਿਸ਼ ਕੀਤੀ ਸੀ, ਪਰ ਖਾਨ ਨੇ ਦਸਤਾਵੇਜ਼ ਲੈਣ ਤੋਂ ਇਨਕਾਰ ਕਰ ਦਿੱਤਾ ਅਤੇ ਹਾਈ ਕੋਰਟ ਨੇ ਤੱਥ ਗਲਤ ਦਰਜ ਕੀਤੇ।

10 ਸਾਲ ਪਹਿਲਾਂ ਬਣਿਆ ਬੇਲੀ ਪੁਲ ਡਿੱਗਿਆ

100 ਸਾਲ ਪੁਰਾਣੇ ਪੁਲ ਕਾਇਮ, ਪਰ ਅਕਾਲੀ-ਭਾਜਪਾ ਰਾਜ ਵਾਲੇ ਡਿੱਗ ਰਹੇ : ਬਲਤੇਜ ਪੰਨੂ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਸੰਗਰੂਰ-ਬਠਿੰਡਾ ਕੌਮੀ ਮਾਰਗ 'ਤੇ ਪਸਿਆਣਾ ਨੇੜੇ ਭਾਖੜਾ ਨਹਿਰ ਉੱਪਰ ਬਣਿਆ ਬੇਲੀ ਪੁਲ ਵੀਰਵਾਰ ਸਵੇਰੇ ਅਚਾਨਕ ਡਿੱਗ ਜਾਣ ਕਾਰਨ ਦੋ ਟਰੱਕ ਪੁਲ ਦੇ ਮਲਬੇ ਵਿੱਚ ਲਟਕ ਗਏ। ਕਰੀਬ ਛੇ ਵਜੇ ਪੁਲ ਤੋਂ ਤਿੰਨ ਗੱਡੀਆਂ ਲੰਘ ਰਹੀਆਂ ਸਨ ਤਾਂ ਜਦੋਂ ਇੱਕ ਗੱਡੀ ਦਾ ਅੱਧਾ ਹਿੱਸਾ ਅਜੇ ਪੁਲ 'ਤੇ ਹੀ ਸੀ ਤਾਂ ਪੁਲ ਟੁੱਟ ਗਿਆ, ਪਰ ਉਸ ਟਰੱਕ ਡਰਾਈਵਰ ਨੇ ਭਜਾ ਕੇ ਆਪਣੀ ਗੱਡੀ ਕੱਢ ਲਈ, ਪਰ ਰੇਤ ਨਾਲ ਭਰੇ ਦੋ ਟਰੱਕ ਪੁਲ ਦੇ ਨਾਲ ਹੀ ਹੇਠਾਂ ਡਿੱਗ ਗਏ। ਦੋਵੇਂ ਟਰੱਕ ਟੁੱਟੇ ਹੋਏ ਢਾਂਚੇ ਵਿੱਚ ਫਸ ਗਏ ਅਤੇ ਨਹਿਰ ਦੇ ਉੱਪਰ ਲਟਕਦੇ ਰਹੇ, ਜਦਕਿ ਨਹਿਰ ਦਾ ਪਾਣੀ ਡਿੱਗੇ ਹੋਏ ਪੁਲ ਦੇ ਉੱਪਰੋਂ ਵਹਿ ਰਿਹਾ ਸੀ। ਆਲੇ ਦੁਆਲੇ ਲੋਹੇ ਦਾ ਜੰਗਲਾ ਹੋਣ ਕਾਰਨ ਟਰੱਕ ਪਾਣੀ ਵਿੱਚ ਤਾਂ ਨਹੀਂ ਰੁੜ੍ਹੇ, ਪਰ ਇੱਕ ਟਰੱਕ ਨੂੰ ਅੱਗ ਲੱਗ ਗਈ ਅਤੇ ਉਹ ਨਸ਼ਟ ਹੋ ਗਿਆ। ਕਿਹਾ ਜਾ ਰਿਹਾ ਹੈ ਕਿ ਅੱਗ ਟਰੱਕ ਦੀਆਂ ਹੀ ਤਾਰਾਂ ਸ਼ਾਰਟ ਹੋਣ ਕਰਨ ਲੱਗੀ। ਭਾਈਰੂਪਾ ਦਾ ਡਰਾਈਵਰ ਗੁਰਜੰਟ ਸਿੰਘ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਲਿਜਾਇਆ ਗਿਆ। ਇਹ ਕੌਮੀ ਮਾਰਗ 2016 ਵਿੱਚ ਮੁਕੰਮਲ



ਹੋਇਆ ਸੀ ਅਤੇ ਇਹ ਪੁਲ ਵੀ ਉਸੇ ਸਮੇਂ ਬਣਾਇਆ ਗਿਆ ਸੀ।

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਭਾਖੜਾ ਨਹਿਰ ਦੇ ਪੁਲ ਦੇ ਡਿੱਗਣ ਦੇ ਮਾਮਲੇ 'ਤੇ ਭਾਜਪਾ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐੱਨ ਐੱਚ ਏ ਆਈ) ਨੂੰ ਕਰੜੇ ਹੱਥੀਂ ਲੈਂਦਿਆਂ ਉਸਾਰੀ ਦੀ ਗੁਣਵੱਤਾ, ਸਾਂਭ-ਸੰਭਾਲ ਦੀ ਘਾਟ ਅਤੇ ਯਾਤਰੀਆਂ ਨੂੰ ਮੁੱਢਲੀ ਸੁਰੱਖਿਆ ਤੇ ਸਹੂਲਤਾਂ ਦਿੱਤੇ ਬਿਨਾਂ ਕੀਤੀ ਜਾ ਰਹੀ ਭਾਰੀ ਟੋਲ ਉਗਰਾਹੀ 'ਤੇ ਗੰਭੀਰ ਸਵਾਲ ਚੁੱਕੇ ਹਨ। 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਡਿੱਗਿਆ ਹੋਇਆ ਪੁਲ ਪੰਜਾਬ ਵਿੱਚ ਅਕਾਲੀ-ਭਾਜਪਾ ਸਰਕਾਰ ਦੇ ਕਾਰਜਕਾਲ ਦੌਰਾਨ ਬਣਾਈਆਂ ਗਈਆਂ ਸੜਕਾਂ ਅਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਹਿੱਸਾ ਸੀ। 2016 ਵਿੱਚ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੇ ਗਏ ਉਨ੍ਹਾਂ ਦਾਅਵਿਆਂ ਨੂੰ ਯਾਦ ਕਰਦਿਆਂ, ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਪੰਜਾਬ ਨੂੰ ਅਜਿਹੀਆਂ 'ਬੰਬ ਪਰੂਫ਼' ਸੜਕਾਂ ਦਿੱਤੀਆਂ ਗਈਆਂ ਹਨ, ਜਿਨ੍ਹਾਂ ਨੂੰ ਬੰਬ ਨਾਲ ਵੀ ਨੁਕਸਾਨ ਨਹੀਂ ਪਹੁੰਚਾਇਆ ਜਾ ਸਕਦਾ, ਉਨ੍ਹਾ ਕਿਹਾ, 'ਇਨ੍ਹਾਂ ਸੜਕਾਂ ਅਤੇ ਪੁਲਾਂ ਦੀ ਹਾਲਤ ਨੇ ਉਨ੍ਹਾਂ ਵੱਡੇ-ਵੱਡੇ ਦਾਅਵਿਆਂ ਦੀ ਪੋਲ ਖੋਲ੍ਹ ਦਿੱਤੀ ਹੈ। ਮਹਿਜ਼ ਇੱਕ ਦਹਾਕਾ ਪਹਿਲਾਂ ਬਣਿਆ ਪੁਲ ਹੁਣ ਢਹਿ ਗਿਆ ਹੈ, ਜਿਸ ਨਾਲ ਲੋਕਾਂ ਦੀਆਂ ਜਾਨਾਂ ਖ਼ਤਰੇ ਵਿੱਚ ਪੈ ਗਈਆਂ ਹਨ।' ਉਨ੍ਹਾ ਕਿਹਾ ਕਿ ਦੇਸ਼ ਭਰ ਵਿੱਚ ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ ਦੇ ਹਾਈਵੇਅਜ਼ ਦੀ ਹਾਲਤ ਲਗਾਤਾਰ ਵਿਗੜ ਰਹੀ ਹੈ ਅਤੇ ਵੱਖ-ਵੱਖ ਥਾਵਾਂ 'ਤੇ ਉਸਾਰੀ ਦੇ ਕੁਝ ਦਿਨਾਂ, ਮਹੀਨਿਆਂ ਜਾਂ ਸਾਲਾਂ ਦੇ ਅੰਦਰ ਹੀ ਪੁਲ ਡਿੱਗ ਰਹੇ ਹਨ। ਇਸ ਦੇ ਉਲਟ ਪੰਜਾਬ ਵਿੱਚ ਕਈ ਪੁਲ 100 ਤੋਂ 125 ਸਾਲਾਂ ਤੋਂ ਵੱਧ ਸਮੇਂ ਤੋਂ ਮਜ਼ਬੂਤੀ ਨਾਲ ਖੜ੍ਹੇ ਹਨ। ਇੱਕ ਨਵੇਂ ਬਣੇ ਪੁਲ ਦਾ ਡਿੱਗਣਾ ਉਸਾਰੀ ਦੀ ਗੁਣਵੱਤਾ ਅਤੇ ਜਨਤਕ ਬੁਨਿਆਦੀ ਢਾਂਚੇ ਦੀ ਸਾਂਭ-ਸੰਭਾਲ ਕਰਨ ਵਿੱਚ ਕੇਂਦਰੀ ਅਥਾਰਟੀਆਂ ਦੀ ਨਾਕਾਮੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਬਲਤੇਜ ਪੰਨੂ ਨੇ • ਬਾਕੀ ਸਫਾ 2 'ਤੇ

ਸੀ ਪੀ ਆਈ ਤੇ ਹੋਰਨਾਂ ਜਥੇਬੰਦੀਆਂ ਨੇ ਦੀਨਾਨਗਰ ਬੀ ਡੀ ਪੀ ਓ ਦਫ਼ਤਰ ਘੇਰਿਆ



ਦੀਨਾਨਗਰ : ਬੀ ਡੀ ਪੀ ਓ ਦੀਨਾਨਗਰ ਵੱਲੋਂ ਸੀ ਪੀ ਆਈ ਆਗੂਆਂ ਨਾਲ ਕੀਤੀ ਗਈ ਬਦਸਲੂਕੀ ਦੇ ਵਿਰੋਧ ਵਿੱਚ ਵੀਰਵਾਰ ਕਮਿਊਨਿਸਟ ਤੇ ਕਿਸਾਨ ਜਥੇਬੰਦੀਆਂ ਵੱਲੋਂ ਬੀ ਡੀ ਪੀ ਓ ਦਫ਼ਤਰ ਦਾ ਘਿਰਾਓ ਕਰਕੇ ਬੀ ਡੀ ਪੀ ਓ ਨਿਰਮਲ ਸਿੰਘ ਖ਼ਿਲਾਫ਼ ਧਰਨਾ ਦਿੱਤਾ ਗਿਆ। ਉਨ੍ਹਾਂ ਇਸ ਅਧਿਕਾਰੀ 'ਤੇ ਸੀ ਪੀ ਆਈ ਆਗੂਆਂ ਦੇ ਵਫ਼ਦ ਨਾਲ ਮਾੜਾ ਸਲੂਕ ਕਰਨ ਦੇ ਇਲਜ਼ਾਮ ਲਗਾਉਂਦਿਆਂ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਅਤੇ ਸਰਕਾਰ ਨੂੰ ਅਜਿਹੇ ਹੈਂਕੜਬਾਜ਼ ਅਫ਼ਸਰਾਂ ਨੂੰ ਤੁਰੰਤ ਨੱਥ ਪਾਉਣ ਦੀ ਅਪੀਲ ਕੀਤੀ। ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਤੇ ਜ਼ਿਲ੍ਹਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਬਲਬੀਰ ਸਿੰਘ ਕੱਤੋਵਾਲ ਨੇ ਕਿਹਾ ਕਿ ਅਸੀਂ ਪਿੰਡ ਭਗਵਾਨਪੁਰ ਵਿੱਚ ਇੱਕ ਜਨਤਕ ਰਸਤੇ 'ਤੇ ਹੋਏ ਨਾਜਾਇਜ਼ ਕਬਜ਼ੇ ਸੰਬੰਧੀ ਬੀ ਡੀ ਪੀ ਓ ਦੀਨਾਨਗਰ ਨੂੰ ਮਿਲਣ ਗਏ ਸੀ, ਪਰ ਕਈ ਵਾਰ ਬੇਨਤੀ ਕਰਨ ਦੇ ਬਾਵਜੂਦ ਉਕਤ ਅਧਿਕਾਰੀ ਨੇ ਨਾਜਾਇਜ਼ ਕਬਜ਼ੇ ਨੂੰ ਛੁਡਵਾਉਣ ਲਈ ਕੋਈ ਕਾਰਵਾਈ ਨਹੀਂ ਕੀਤੀ ਅਤੇ ਕਬਜ਼ਾਧਾਰੀਆਂ ਖ਼ਿਲਾਫ਼ ਐਕਸ਼ਨ ਲੈਣ ਦੀ ਬਜਾਏ ਕਮਿਊਨਿਸਟ ਆਗੂਆਂ ਨਾਲ ਹੀ ਦੁਰਵਿਹਾਰ ਕੀਤਾ। ਉਨ੍ਹਾ ਕਿਹਾ ਕਿ ਇਹ ਧਰਨਾ ਇੱਕ ਚਿਤਾਵਨੀ ਵਜੋਂ ਹੈ, ਜੇਕਰ ਪਿੰਡ ਭਗਵਾਨਪੁਰ ਦਾ ਮਸਲਾ ਹੱਲ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਏਟਕ ਦੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਨੇ ਦੋਸ਼ ਲਗਾਇਆ ਕਿ ਅੱਜ ਦੀ ਤਰੀਕ ਵਿੱਚ ਸਭ ਤੋਂ ਕ੍ਰਿਸ਼ਟ ਮਹਿਕਮਾ ਬਲਾਕ ਵਿਕਾਸ ਤੇ ਪੰਚਾਇਤ ਦਾ ਹੈ, ਜਿਸ ਦੇ ਅੰਦਰ ਅਜਿਹੇ ਲੋਕ ਵਿਰੋਧੀ ਸੋਚ ਰੱਖਣ ਵਾਲੇ ਅਫ਼ਸਰ ਕੰਮ ਕਰਦੇ ਹਨ। ਉਨ੍ਹਾ ਕਿਹਾ ਕਿ ਕਮਿਊਨਿਸਟ • ਬਾਕੀ ਸਫਾ 2 'ਤੇ

ਕਾਮਰੇਡ ਮਿਸ਼ਰੀਵਾਲਾ ਦੀ ਅੰਤਮ ਯਾਤਰਾ 'ਚ ਵੱਡੀ ਗਿਣਤੀ 'ਚ ਲੋਕ ਸ਼ਾਮਲ



ਜਲੰਧਰ (ਗਿਆਨ ਸੈਦਪੁਰੀ) ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਦਰਸ਼ਨ ਸਿੰਘ ਮਿਸ਼ਰੀਵਾਲਾ ਆਪਣੇ ਪਰਵਾਰ ਅਤੇ ਵਿਚਾਰਧਾਰਕ ਸਾਥੀਆਂ ਨੂੰ ਸਦੀਵੀ ਵਿਛੋੜਾ ਦੇ ਗਏ ਸਨ।ਉਹ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਉਹਨਾ ਦੇ ਦੇਹਾਂਤ ਨਾਲ ਇਲਾਕੇ ਦੀ ਖੱਬੇ-ਪੱਖੀ ਅਤੇ ਲੋਕ-ਪੱਖੀ ਲਹਿਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ।ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਪਾਰਟੀ ਦੇ ਨੈਸ਼ਨਲ ਕੌਂਸਲ ਮੈਂਬਰ ਜਗਰੂਪ ਸਿੰਘ, ਜ਼ਿਲ੍ਹਾ ਮੋਗਾ ਦੇ ਸਕੱਤਰ ਤੇ ਸੂਬਾ ਕਾਰਜਕਾਰਨੀ ਦੇ ਮੈਂਬਰ ਕੁਲਦੀਪ ਭੋਲਾ, ਕੰਟਰੋਲ ਕਮਿਸ਼ਨ ਦੇ ਮੈਂਬਰ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਪਾਰਟੀ ਦੇ ਸੂਬਾ ਕੌਂਸਲ ਮੈਂਬਰ ਡਾਕਟਰ ਇੰਦਰਵੀਰ ਗਿੱਲ, ਟਰੇਡ ਯੂਨੀਅਨ ਆਗੂ ਜਗਦੀਸ਼ ਸਿੰਘ ਚਾਹਲ, ਜ਼ਿਲ੍ਹਾ ਮੀਤ ਸਕੱਤਰ ਗੁਰਦਿੱਤ ਸਿੰਘ ਦੀਨਾ, ਖੇਤ ਮਜ਼ਦੂਰਾਂ ਦੇ ਆਗੂ ਸਰਪੰਚ ਸ਼ੇਰ ਸਿੰਘ ਦੌਲਤਪੁਰਾ, ਕਿਸਾਨ ਆਗੂ ਸਿਕੰਦਰ ਸਿੰਘ ਮਧੇਕੇ, ਸਤਵੰਤ ਸਿੰਘ ਖੋਟੇ ਤੇ ਮੁਖਤਿਆਰ ਸਿੰਘ ਮੋਗਾ ਵੱਲੋਂ ਪਾਰਟੀ ਦਾ ਲਾਲ ਝੰਡਾ ਪਾ ਕੇ • ਬਾਕੀ ਸਫਾ 2 'ਤੇ

ਸਰਕਾਰਾਂ ਦੇ ਵੱਡੇ ਦਾਅਵਿਆਂ ਦੇ ਬਾਵਜੂਦ ਪੰਜਾਬ ਨਿੱਘਰਦਾ ਗਿਆ : ਦੇਵੀ ਕੁਮਾਰੀ

ਜਲੰਧਰ (ਗਿਆਨ ਸੈਦਪੁਰੀ) 'ਪੰਜਾਬ ਵਿੱਚ ਸਰਕਾਰ ਭਾਵੇਂ ਅਕਾਲੀ ਦਲ-ਭਾਜਪਾ ਗੱਠਜੋੜ ਦੀ ਰਹੀ ਹੋਵੇ, ਚਾਹੇ ਕਾਂਗਰਸ ਪਾਰਟੀ ਦੀ ਤੇ ਭਾਵੇਂ ਮੌਜੂਦਾ 'ਆਪ' ਦੀ, ਸਭ ਨੇ ਨਸ਼ੇ ਵਰਗੇ ਭਿਆਨਕ ਮਸਲੇ ਨੂੰ ਉਭਾਰ ਕੇ ਅਤੇ ਹੱਲ ਕਰਨ ਦੇ ਦਾਅਵਿਆਂ ਨਾਲ ਵੱਖ-ਵੱਖ ਸਮੇਂ ਸਰਕਾਰਾਂ ਤਾਂ ਬਣਾ ਲਈਆਂ, ਪਰ ਪੰਜਾਬ ਸਿਆਸੀ, ਸਮਾਜੀ ਤੇ ਆਰਥਿਕ ਖੇਤਰ ਵਿੱਚ ਦਿਨੋ-ਦਿਨ ਨਿਘਰਦਾ ਗਿਆ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਨਵਾਂ ਸ਼ਹਿਰ ਦੀ ਕੌਂਸਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਸੂਬਾ ਸਕੱਤਰੇਤ ਮੈਂਬਰ ਨੇ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਸਿੰਥੈਟਿਕ ਨਸ਼ਿਆਂ ਦਾ ਵਰਤਾਰਾ



ਇੰਨਾ ਮਾਰੂ ਰੂਪ ਅਖਤਿਆਰ ਕਰ ਚੁੱਕਾ ਹੈ ਕਿ ਹਰ ਰੋਜ਼ ਕਿਸੇ ਨਾ ਕਿਸੇ ਪਿੰਡ ਵਿੱਚ ਮਾਪਿਆਂ ਨੂੰ ਬੱਚਿਆਂ ਦੀਆਂ ਅਰਥੀਆਂ ਨੂੰ ਮੋਢਾ ਦੇਣਾ ਪੈ ਰਿਹਾ ਹੈ। ਸਮਾਜਿਕ ਤੌਰ 'ਤੇ ਰਿਸ਼ਤਿਆਂ ਦੀ ਮਾਣ-ਮਰਿਯਾਦਾ ਖੰਭ ਲਾ ਕੇ ਉੱਡ ਗਈ ਹੈ। ਕਿਸੇ ਵਕਤ ਮਾਣ ਕਰਨ ਯੋਗ ਪੰਜਾਬ ਬੁਰੀ ਤਰ੍ਹਾਂ ਧੁੰਦਲਕੇ ਵਿੱਚ ਹੈ। ਮੌਜੂਦਾ ਸਰਕਾਰ ਦੇ ਇਮਾਨਦਾਰ • ਬਾਕੀ ਸਫਾ 2 'ਤੇ

ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਹਾਕਮ ਸਿੰਘ ਭੱਟੀ
ਸੁਨਾਮ
98888-18990



ਅਸ਼ੋਕ ਬਾਂਸਲ
ਸੁਨਾਮ
98151-92889



ਨਿਹਾਲ ਸਿੰਘ ਕਲਸੀ
ਮੋਰਿੰਡਾ
98885-86942

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

ਵਿਸ਼ੇਸ਼ ਸਪਲੀਮੈਂਟ



ਧੰਨ ਧੰਨ ਬਾਬਾ ਸ਼ਾਮ ਸਿੰਘ ਜੀ ਨਾਰਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪ

ਪੰਜਾਬ ਪਬਲਿਕ ਸਕੂਲ ਵਿਖੇ ਆਈ ਐੱਸ ਸੀ 1976 ਬੈਚ ਦਾ ਗੋਲਡਨ ਜੁਬਲੀ ਸਮਾਗਮ

ਪੰਜ ਦਹਾਕੇ ਪੁਰਾਣੀਆਂ ਯਾਦਾਂ ਹੋਈਆਂ ਤਾਜ਼ਾ



ਨਾਭਾ (ਅਮਨ ਗਰਗ)-ਪੰਜਾਬ ਪਬਲਿਕ ਸਕੂਲ ਨਾਭਾ ਦੇ ਆਈ.ਐੱਸ.ਸੀ. 1976 ਬੈਚ ਦੇ ਗੋਲਡਨ ਜੁਬਲੀ ਵਰ੍ਹੇ ਮੌਕੇ ਸਾਬਕਾ ਵਿਦਿਆਰਥੀਆਂ ਨੇ ਸਕੂਲ ਦਾ ਦੌਰਾ ਕੀਤਾ। ਇਸ ਮਿਲਣੀ ਦਾ ਉਦੇਸ਼ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਨਾ ਤੇ ਪੰਜ ਦਹਾਕਿਆਂ ਦੌਰਾਨ ਸਕੂਲ ਵੱਲੋਂ ਕੀਤੀ ਗਈ ਤਰੱਕੀ ਤੇ ਵਿਕਾਸ ਨੂੰ ਦੇਖਣਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਦੋ ਮਿੰਟ ਦਾ ਮੌਨ ਧਾਰਨ ਕਰਕੇ ਕੀਤੀ ਗਈ। ਇਸ ਦੌਰਾਨ ਬੈਚ ਦੇ ਇੱਕ ਸਾਥੀ ਦੇ ਪੁੱਤਰ ਮੇਜਰ ਅਨੁਜ ਸੂਦ, ਜਿਨ੍ਹਾਂ ਨੂੰ ਸ਼ੌਰਿਆ ਚੱਕਰ ਨਾਲ ਸਨਮਾਨਤ ਕੀਤਾ ਗਿਆ ਸੀ ਅਤੇ ਜੋ ਸਾਲ 2020 ਵਿੱਚ ਹੰਦਵਾੜਾ ਵਿਖੇ ਦੇਸ਼ ਦੀ ਰੱਖਿਆ ਕਰਦਿਆਂ ਸ਼ਹੀਦ ਹੋ ਗਏ ਸਨ, ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਦੇ ਨਾਲ ਹੀ ਵਿੱਛੜ ਚੁੱਕੇ ਅਧਿਆਪਕਾਂ ਤੇ ਸਾਥੀਆਂ ਨੂੰ ਵੀ ਯਾਦ ਕੀਤਾ ਗਿਆ। ਮਲਕਾਨੀ ਹਾਲ ਵਿਖੇ ਸਕੂਲ ਦੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਪਹੁੰਚੇ ਹੋਏ ਸਾਬਕਾ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਇਸ ਉਪਰੰਤ ਸਾਬਕਾ ਵਿਦਿਆਰਥੀਆਂ ਨੇ ਸਕੂਲ ਕੈਂਪਸ ਦਾ ਦੌਰਾ ਕੀਤਾ ਤੇ ਹੈੱਡਮਾਸਟਰਜ਼ ਗ੍ਰੀਨ ਵਿਖੇ ਬੂਟੇ ਲਗਾ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ। ਆਡੀਟੋਰੀਅਮ ਵਿਖੇ ਹੋਏ ਸਮਾਗਮ ਦੌਰਾਨ ਉਨ੍ਹਾਂ ਨੇ ਆਪਣੇ ਸਕੂਲੀ ਜੀਵਨ ਦੀਆਂ ਯਾਦਾਂ ਤੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਡਾ. ਸ਼ਰਮਾ ਨੇ ਸਾਬਕਾ ਵਿਦਿਆਰਥੀਆਂ ਦੀਆਂ ਅਜਿਹੀਆਂ ਮਿਲਣੀਆਂ ਨੂੰ ਸਕੂਲ ਦੀ ਵਿਰਾਸਤ ਨਾਲ ਜੁੜੇ ਰਹਿਣ ਤੇ ਪੁਰਾਣੇ ਵਿਦਿਆਰਥੀਆਂ ਨਾਲ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦਾ ਅਹਿਮ ਮਾਧਿਅਮ ਦੱਸਿਆ। ਉਨ੍ਹਾਂ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਅੰਤ ਵਿੱਚ ਹਾਈ ਟੀ (ਚਾਹ-ਪਾਰਟੀ) ਦੇ ਨਾਲ ਇਸ ਯਾਦਗਾਰੀ ਮਿਲਣੀ ਦੀ ਸਮਾਪਤੀ ਹੋਈ।

ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ 22 ਨੂੰ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਸਪੈਸ਼ਲ ਕਾਡਰ ਅਧਿਆਪਕ ਫਰੰਟ ਦੇ ਸੱਦੇ 'ਤੇ ਆਈਈਈਟੀ ਸਪੈਸ਼ਲ ਬੀ ਐਂਡ ਤੇ ਟੈਟ ਪਾਸ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਵਿੱਢੇ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ 22 ਅਕਤੂਬਰ ਨੂੰ ਸੰਗਰੂਰ ਵਿਖੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।ਇਸ ਰੋਸ ਪ੍ਰਦਰਸ਼ਨ ਵਿੱਚ ਯੂਨੀਅਨ ਦੇ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਨਾਮਪ੍ਰੀਤ ਸਿੰਘ ਗੋਗੀ ਨੇ ਦੱਸਿਆ ਕਿ ਸਪੈਸ਼ਲ ਬੀ ਐਂਡ ਤੇ ਟੈਟ ਪਾਸ ਅਧਿਆਪਕ ਲੰਮੇ ਸਮੇਂ ਤੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਅਜੇ ਤੱਕ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਸੂਬਾ ਮੀਤ ਪ੍ਰਧਾਨ ਨੇ ਕਿਹਾ ਕਿ 22 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੇ ਘਿਰਾਓ ਦੌਰਾਨ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸਰਕਾਰ ਨੂੰ ਆਪਣੀਆਂ ਮੰਗਾਂ ਪ੍ਰਤੀ ਗੰਭੀਰਤਾ ਦਿਖਾਉਣ ਲਈ ਮਜਬੂਰ ਕੀਤਾ ਜਾਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਅਧਿਆਪਕਾਂ ਦੀਆਂ ਮੰਗਾਂ ਦਾ ਠੋਸ ਤੇ ਸਥਾਈ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਸਮੂਹ ਸਾਥੀ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਇਸ ਸਾਂਝੀ ਲੜਾਈ ਵਿੱਚ ਇਕਜੁੱਟਤਾ ਦਾ ਸਬੂਤ ਦਿੰਦਿਆਂ 22 ਅਕਤੂਬਰ ਦੇ ਘਿਰਾਓ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ।

ਲੋਕ ਭਲਾਈ ਸਕੀਮਾਂ ਜਾਰੀ ਰੱਖਣ ਲਈ ਭਗਵੰਤ ਮਾਨ ਨੂੰ ਫਿਰ ਮੁੱਖ ਮੰਤਰੀ ਬਣਾਉਣਾ ਜ਼ਰੂਰੀ : ਦਲਬੀਰ ਯੂ ਕੇ

ਘਨੌਰ ਹਲਕੇ 'ਚ ਦਲਬੀਰ ਯੂ ਕੇ ਦੇ ਹੱਕ 'ਚ ਚੱਲੀ ਹਨੇਰੀ



ਘਨੌਰ (ਪਟਿਆਲਾ) (ਰਾਜਿੰਦਰ ਸਿੰਘ ਬਿੰਦ)-ਘਨੌਰ ਹਲਕੇ 'ਚ ਵੀਰਵਾਰ ਆਮ ਆਦਮੀ ਪਾਰਟੀ ਦੇ ਹੱਕ 'ਚ ਵੱਡੀ ਹਨੇਰੀ ਚੱਲੀ।ਹਜ਼ਾਰਾਂ ਵਰਕਰਾਂ ਤੇ ਲੋਕਾਂ ਦੇ ਵੱਡੇ ਇਕੱਠ 'ਚ ਇੱਕੋ ਆਵਾਜ਼ ਗੂੰਜੀ, 'ਲੋਕ ਭਲਾਈ ਸਕੀਮਾਂ ਜਾਰੀ ਰੱਖਣ ਲਈ ਭਗਵੰਤ ਮਾਨ ਨੂੰ ਫਿਰ ਮੁੱਖ ਮੰਤਰੀ ਬਣਾਉਣਾ ਜ਼ਰੂਰੀ ਹੈ।' ਘਨੌਰ ਦੇ ਮਸ਼ਹੂਰ ਆਗੂ ਦਲਬੀਰ ਯੂ.ਕੇ. ਦੇ ਹੱਕ 'ਚ ਲੋਕਾਂ ਦੀ ਭਾਰੀ ਭੀੜ ਨੇ ਵਿਰੋਧੀਆਂ ਦੇ ਹੋਸ਼ ਉਡਾ ਦਿੱਤੇ।ਰੈਲੀ ਨੂੰ ਸੰਬੋਧਨ ਕਰਦਿਆਂ ਦਲਬੀਰ ਯੂ.ਕੇ. ਨੇ ਕਿਹਾ ਕਿ ਭਗਵੰਤ ਮਾਨ ਨੇ ਪੰਜਾਬ 'ਚ ਜੋ ਕੰਮ 2 ਸਾਲ 'ਚ ਕਰ ਦਿੱਤੇ ਹਨ, ਉਹ ਪਿਛਲੀਆਂ ਸਰਕਾਰਾਂ 70 ਸਾਲ 'ਚ ਨਹੀਂ ਕਰ ਸਕੀਆਂ।ਮਾਨ ਸਰਕਾਰ ਨੇ ਪੰਜਾਬ ਨੂੰ ਬਦਲ ਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਜੇ ਇਹ ਸਕੀਮਾਂ ਜਾਰੀ ਰੱਖਣੀਆਂ ਹਨ, ਜੇ ਪੰਜਾਬ ਨੂੰ ਫਿਰ ਤੋਂ ਲੁੱਟ ਤੋਂ ਬਚਾਉਣਾ ਹੈ, ਤਾਂ ਭਗਵੰਤ ਮਾਨ ਨੂੰ ਫਿਰ ਮੁੱਖ ਮੰਤਰੀ ਬਣਾਉਣਾ ਪਵੇਗਾ।ਦਲਬੀਰ ਯੂ.ਕੇ. ਨੇ ਕਿਹਾ ਕਿ ਘਨੌਰ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਘਨੌਰ ਤੋਂ 'ਆਪ' ਵੱਡੀ ਜਿੱਤ ਹਾਸਲ ਕਰੇਗੀ।ਦਲਬੀਰ ਯੂ.ਕੇ. ਨੇ ਮੰਚ ਤੋਂ ਮਾਨ ਸਰਕਾਰ ਦੀਆਂ ਸਕੀਮਾਂ ਗਿਣਾਉਂਦਿਆਂ ਕਿਹਾ ਕਿ ਮਾਨ ਸਰਕਾਰ ਨੇ ਸੂਬੇ ਦੇ ਲੋਕਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ, ਮੁਹੱਲਾ ਕਲੀਨਿਕ, ਸਕੂਲ ਆਫ਼ ਐਮੀਨੈਂਸ, ਔਰਤਾਂ ਨੂੰ 1000 ਤੇ 1500 ਰੁਪਏ ਤੋਂ ਇਲਾਵਾ 50,000 ਤੋਂ ਵੱਧ ਸਰਕਾਰੀ ਨੌਕਰੀਆਂ ਬਿਨਾਂ ਸਿਫਾਰਿਸ਼, ਬਿਨਾਂ ਰਿਸ਼ਵਤ, ਸਿਰਫ਼ ਮੈਰਿਟ 'ਤੇ ਮਿਲੀਆਂ ਹਨ।ਇਸ ਮੌਕੇ ਮੀਟਿੰਗ 'ਚ ਹਾਜ਼ਰ ਵਰਕਰਾਂ ਨੇ ਹੱਥ ਖੜ੍ਹੇ ਕਰਕੇ ਐਲਾਨ ਕੀਤਾ ਕਿ ਉਹ ਘਰ-ਘਰ ਜਾ ਕੇ ਮਾਨ ਸਰਕਾਰ ਦੀਆਂ ਸਕੀਮਾਂ ਬਾਰੇ ਦੱਸਣਗੇ ਤੇ ਦਲਬੀਰ ਯੂ.ਕੇ. ਨੂੰ ਵੱਡੀ ਜਿੱਤ ਦਿਵਾਉਣਗੇ।

ਅੰਤ 'ਚ ਦਲਬੀਰ ਯੂ.ਕੇ. ਨੇ ਵਿਰੋਧੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਘਨੌਰ 'ਚ ਹੁਣ ਵਿਰੋਧੀਆਂ ਦੀ ਦਾਲ ਨਹੀਂ ਗਲੇਗੀ।ਘਨੌਰ ਦੇ ਲੋਕ ਜਾਗ ਗਏ ਹਨ।ਘਨੌਰ ਤੋਂ 'ਆਪ' ਇਤਿਹਾਸਕ ਜਿੱਤ ਹਾਸਲ ਕਰੇਗੀ ਤੇ ਭਗਵੰਤ ਮਾਨ ਫਿਰ ਮੁੱਖ ਮੰਤਰੀ ਬਣਨਗੇ।ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਸਰਪੰਚ, ਪੰਚ, ਮਹਿਲਾ ਵਿੰਗ, ਯੂਥ ਵਿੰਗ ਦੇ ਹਜ਼ਾਰਾਂ ਵਰਕਰ ਹਾਜ਼ਰ ਸਨ।

ਦਿ ਐੱਜ ਓਵਰਸੀਜ਼ ਨੇ ਲਗਵਾਏ ਤਿੰਨ ਹੋਰ ਦੇ ਕੈਨੇਡਾ ਸਟੱਡੀ ਵੀਜ਼ੇ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਇਲਾਕੇ ਦੀ ਨਾਮਵਰ ਤੇ ਭਰੋਸੇਮੰਦ ਸੰਸਥਾ ਦਿ ਐੱਜ ਓਵਰਸੀਜ਼ ਕੰਸਲਟੈਂਟ ਧੂਰੀ ਨੇ ਉਚੇਰੀ ਵਿੱਦਿਆ ਹਾਸਲ ਕਰਨ ਲਈ ਵਿਦੇਸ਼ ਜਾਣ ਦੇ ਚਾਹਵਾਨ ਤਿੰਨ ਹੋਰ ਵਿਦਿਆਰਥੀਆਂ ਦੇ ਕੈਨੇਡਾ ਸਟੱਡੀ ਵੀਜ਼ੇ ਲਗਵਾ ਕੇ ਉਨ੍ਹਾਂ ਦੇ ਮਾਪਿਆਂ ਦੇ ਚਿਹਰਿਆਂ 'ਤੇ ਰੌਣਕ ਲਿਆਂਦੀ ਹੈ।ਸੰਸਥਾ ਦੇ ਦਫ਼ਤਰ ਵਿਖੇ ਵਿਦਿਆਰਥੀਆਂ ਨੂੰ ਵੀਜ਼ਾ ਕਾਪੀਆਂ ਸੌਂਪਦਿਆਂ ਕੰਪਨੀ ਦੇ ਐੱਮ. ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਤੇ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਆਪਣੀ ਸਾਰੀ ਟੀਮ ਦੀ ਅਣਥੱਕ ਤੇ ਦਿਨ-ਰਾਤ ਦੀ ਮਿਹਨਤ ਸਿਰ ਬੰਨ੍ਹਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ.ਐੱਮ.ਡੀ. ਜਗਸੀਰ ਸਿੰਘ ਢੀਂਡਸਾ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਦੇ ਛਾਂਟਵੇਂ ਮਾਹਰ ਹਰ ਬੱਚੇ ਦੀ ਫਾਈਲ ਦੀ ਪੜਤਾਲ ਬੜੀ ਬਾਰੀਕੀ ਤੇ ਸੂਝ-ਬੂਝ ਨਾਲ ਕਰਦੇ ਹਨ।ਕਾਗਜ਼-ਪੱਤਰਾਂ ਨੂੰ ਏਨੇ ਢੁੱਕਵੇਂ ਤੇ ਪੁਖ਼ਤਾ ਢੰਗ ਨਾਲ ਤਿਆਰ ਕੀਤਾ ਜਾਂਦਾ ਹੈ ਕਿ ਵੀਜ਼ਾ ਲੱਗਣ ਦੀ ਉਮੀਦ ਲਗਭਗ ਸੌ ਫ਼ੀਸਦੀ ਤੱਕ ਬਣ ਜਾਂਦੀ ਹੈ।ਅਖ਼ੀਰ ਵਿੱਚ ਵੀਜ਼ਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੇ ਸੰਸਥਾ ਦੇ ਸਮੁੱਚੇ ਸਟਾਫ਼ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਕਮਾਂਡਿੰਗ ਅਫ਼ਸਰ ਜਤਿੰਦਰ ਸਿੰਘ ਵੱਲੋਂ ਤਾਰਾ ਚੰਦ ਸਕੂਲ ਦਾ ਦੌਰਾ



ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ (ਸੀ.ਬੀ.ਐੱਸ.ਈ.) ਵਿਖੇ ਤਿੰਨ ਪੰਜਾਬ ਨੇਵਲ ਯੂਨਿਟ ਐੱਨ.ਸੀ.ਸੀ. ਬਠਿੰਡਾ ਦੇ ਕਮਾਂਡਿੰਗ ਅਫ਼ਸਰ ਜਤਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਸਕੂਲ ਦੇ ਐੱਨ.ਸੀ.ਸੀ. ਕੈਡਿਟਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਐੱਨ.ਸੀ.ਸੀ. ਦੀ ਮਹੱਤਤਾ, ਅਨੁਸ਼ਾਸਨ, ਦੇਸ਼ ਭਗਤੀ, ਆਤਮ-ਵਿਸ਼ਵਾਸ ਤੇ ਲੀਡਰਸ਼ਿਪ ਦੇ ਗੁਣਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਐੱਨ.ਸੀ.ਸੀ. ਦੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਤੇ ਇੱਕ ਅਨੁਸ਼ਾਸਤ, ਜ਼ਿੰਮੇਵਾਰ ਤੇ ਦੇਸ਼ ਪ੍ਰਤੀ ਸਮਰਪਤ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕੈਡਿਟਾਂ ਨੂੰ ਐੱਨ.ਸੀ.ਸੀ. ਰਾਹੀਂ ਮਿਲਣ ਵਾਲੇ ਮੌਕਿਆਂ ਤੇ ਭਵਿੱਖ ਵਿੱਚ ਇਸ ਦੇ ਮਹੱਤਵ ਬਾਰੇ ਵੀ ਜਾਣੂ ਕਰਵਾਇਆ। ਇਸ ਮੌਕੇ ਸਕੂਲ ਦੇ ਏ.ਐੱਨ.ਓ. ਭਰਪੂਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਕੈਡਿਟਾਂ ਨੂੰ ਐੱਨ.ਸੀ.ਸੀ. ਦੇ ਉਦੇਸ਼ਾਂ ਅਨੁਸਾਰ ਅਨੁਸ਼ਾਸਨ, ਏਕਤਾ ਤੇ ਸੇਵਾ ਦੀ ਭਾਵਨਾ ਅਪਣਾਉਣ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਪ੍ਰਬੰਧਕ ਸਤੀਸ਼ ਕੁਮਾਰ, ਵਾਈਸ ਪ੍ਰਧਾਨ ਐਡਵੋਕੇਟ ਮਨੋਜ ਕੁਮਾਰ ਤੇ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਕਮਾਂਡਿੰਗ ਅਫ਼ਸਰ ਜਤਿੰਦਰ ਸਿੰਘ ਦਾ ਧੰਨਵਾਦ ਕੀਤਾ।

ਐੱਚ ਆਰ ਗਰੁੱਪ ਆਫ਼ ਕੰਪਨੀਜ਼ ਦੇ ਐੱਮ ਡੀ ਪ੍ਰਦੀਪ ਸਿੰਘ ਦਾ ਸਨਮਾਨ



ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਸ੍ਰੀ ਗੁਰੂ ਚਰਨ ਸਮ੍ਰਿਤੀ ਗੋਪਾਲ ਗਊਸਦਨ ਟਰੱਸਟ ਚੌਰਾ (ਪਟਿਆਲਾ) ਦੇ ਪ੍ਰਬੰਧਕਾਂ ਵੱਲੋਂ ਐੱਚ. ਆਰ. ਗਰੁੱਪ ਆਫ ਕੰਪਨੀਜ਼ ਦੇ ਐੱਮ. ਡੀ. ਪ੍ਰਦੀਪ ਸਿੰਘ ਨਨਾਨਸੂ ਅੰਟਾਲ ਦਾ ਸਨਮਾਨ ਕੀਤਾ ਗਿਆ। ਉਹ ਗੋਪਾਅਸ਼ਟਮੀ ਦੇ ਪਵਿੱਤਰ ਦਿਹਾੜੇ ਮੌਕੇ ਗਊਸ਼ਾਲਾ ਵਿਖੇ ਕਰਵਾਏ ਧਾਰਮਿਕ ਸਮਾਗਮ 'ਚ ਮੁੱਖ ਤੌਰ 'ਤੇ ਸ਼ਾਮਲ ਹੋਣ ਲਈ ਪਹੁੰਚੇ ਸਨ। ਇਸ ਮੌਕੇ ਪ੍ਰਦੀਪ ਸਿੰਘ ਨਨਾਨਸੂ ਅੰਟਾਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਗਊ-ਮਾਤਾ ਦੀ ਸੇਵਾ ਕਰਨੀ ਚਾਹੀਦੀ ਹੈ, ਕਿਉਂਕਿ ਗਊ ਸੇਵਾ ਸਭ ਤੋਂ ਉੱਤਮ ਸੇਵਾ ਹੈ। ਉਨ੍ਹਾਂ ਕਿਹਾ ਕਿ ਸਾਡੇ ਸ਼ਾਸਤਰਾਂ 'ਚ ਵੀ ਲਿਖਿਆ ਹੈ ਕਿ ਗਊ-ਮਾਤਾ ਦੀ ਸੇਵਾ ਕਰਨ ਵਾਲਾ ਵਿਅਕਤੀ ਭਵ-ਸਾਗਰ ਤੋਂ ਪਾਰ ਉੱਤਰ ਜਾਂਦਾ ਹੈ। ਉਨ੍ਹਾਂ ਖ਼ੁਦ ਨੂੰ ਖ਼ੁਸ਼ਕਿਸਮਤ ਦੱਸਦਿਆਂ ਕਿਹਾ ਕਿ ਗੋਪਾਅਸ਼ਟਮੀ ਮੌਕੇ ਉਨ੍ਹਾਂ ਨੂੰ ਇੱਥੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਗਊ ਸੇਵਾ ਦੇ ਕਾਰਜਾਂ 'ਚ ਜੁਟੇ ਟਰੱਸਟ ਦੇ ਸਮੂਹ ਪ੍ਰਬੰਧਕਾਂ ਦੀ ਭਰਪੂਰ ਸ਼ਲਾਘਾ ਵੀ ਕੀਤੀ।

ਸਰਕਾਰੀ ਮਿਡਲ ਸਕੂਲ ਅਟਾਰੀ ਨੇ ਗਣਿਤ 'ਚ ਪਹਿਲਾ ਸਥਾਨ ਜਿੱਤਿਆ



ਸ੍ਰੀ ਮੁਕਤਸਰ ਸਾਹਿਬ (ਸ਼ਸ਼ਿੰਦਰ ਪਾਲ/ਪੂਜਾ)-ਸਰਕਾਰੀ ਮਿਡਲ ਸਕੂਲ ਅਟਾਰੀ ਦੇ ਵਿਦਿਆਰਥੀਆਂ ਨੇ ਬਲਾਕ ਪੱਧਰੀ ਵਿਸ਼ਾ ਮੇਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਸਾਇੰਸ ਮਿਸਟ੍ਰੈੱਸ ਏਕਤਾ ਦੀ ਅਗਵਾਈ ਹੇਠ ਵਿਦਿਆਰਥੀ ਪ੍ਰਤੀਕ ਸਿੰਘ (ਜਮਾਤ ਸੱਤਵੀਂ) ਤੇ ਤਨਵੀਰ ਕੌਰ (ਜਮਾਤ ਛੇਵੀਂ) ਨੇ ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਰੁਪਾਣਾ ਵਿਖੇ ਬਲਾਕ ਪੱਧਰੀ ਵਿਸ਼ਾ ਮੇਲੇ ਵਿੱਚ ਭਾਗ ਲਿਆ।ਵਿਦਿਆਰਥੀਆਂ ਨੇ 'ਆਰਟ ਇੰਟੀਗ੍ਰੇਟਿਡ ਲਰਨਿੰਗ' ਅਧੀਨ ਗਣਿਤ ਵਿਸ਼ੇ ਦਾ ਮਾਡਲ ਪੇਸ਼ ਕੀਤਾ ਤੇ ਬਲਾਕ ਮੁਕਤਸਰ-1 ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਉਪਲਬਧੀ ਹਾਸਲ ਕੀਤੀ।ਇਸ ਮੌਕੇ ਸਕੂਲ ਮੁਖੀ ਤੇ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਤੇ ਉਨ੍ਹਾਂ ਦੀ ਗਾਈਡ ਅਧਿਆਪਕਾ ਮੈਡਮ ਏਕਤਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

ਮਾਲਵਾ ਪੰਜਾਬੀ ਸਾਹਿਤ ਸਭਾ ਰਾਮਪੁਰਾ ਫੂਲ ਦੀ ਮੀਟਿੰਗ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਲਵਾ ਪੰਜਾਬੀ ਸਾਹਿਤ ਸਭਾ (ਰਜਿ:) ਰਾਮਪੁਰਾ ਫੂਲ ਦੀ ਮੀਟਿੰਗ ਦਰਸ਼ਨ ਸਿੰਘ ਪ੍ਰੀਤੀਮਾਨ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀ. ਸੈਕੰ. ਸਕੂਲ ਪਿੰਡ ਰਾਮਪੁਰਾ ਦੇ ਖੇਡ ਮੈਦਾਨ ਵਿਖੇ ਹੋਈ।ਇਸ ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਲੈਕ. ਦਰੁਵ ਸਿੰਘ ਨੇ ਦੱਸਿਆ ਕਿ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ।ਇਹ ਸਾਹਿਤਕ ਸਮਾਗਮ ਪ੍ਰੋ. ਗੁਰਬਚਨ ਸਿੰਘ ਤ

ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾ ਹੋਈ ਤਾਂ 30 ਨੂੰ ਦਿੱਤਾ ਜਾਵੇਗਾ ਧਰਨਾ : ਦਰਾਜਕੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਨੇ ਪਿੰਡ ਸਾਂਡਪੁਰਾ ਵਿੱਚ ਇੱਕ ਗਰੀਬ ਪਰਵਾਰ ਨਾਲ ਹੋਈ ਕਥਿਤ ਕੁੱਟਮਾਰ ਅਤੇ ਭੰਨਤੋੜ ਦੇ ਮਾਮਲੇ ਵਿੱਚ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾ ਹੋਣ 'ਤੇ 30 ਨਵੰਬਰ ਨੂੰ ਥਾਣਾ ਭਿੱਖੀਵਿੰਡ ਦੇ ਐੱਸ ਐੱਚ ਓ ਦਫ਼ਤਰ ਅੱਗੇ ਵਿਸ਼ਾਲ ਧਰਨਾ ਦੇਣ ਦਾ ਐਲਾਨ ਕੀਤਾ ਹੈ।ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਜਸਵੰਤ ਸਿੰਘ ਭਿੱਖੀਵਿੰਡ, ਸੰਤੋਖ ਸਿੰਘ ਮੱਖੀ ਕਲਾਂ, ਸਵਿੰਦਰ ਸਿੰਘ ਚੱਕ ਅਤੇ ਭਗਵੰਤ ਸਿੰਘ ਸੁਰ ਸਿੰਘ ਨੇ ਪਾਰਟੀ ਦਫ਼ਤਰ ਭਿੱਖੀਵਿੰਡ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਸਾਂਡਪੁਰਾ ਦੇ ਦਇਆ ਸਿੰਘ ਪੁੱਤਰ ਕਰਤਾਰ ਸਿੰਘ ਦੇ ਘਰ ਵਿੱਚ ਦਾਖ਼ਲ ਹੋ ਕੇ ਸੋਨੀ ਸਿੰਘ ਪੁੱਤਰ ਦਿਆਲ ਸਿੰਘ, ਮੱਖਣ ਸਿੰਘ ਵਾਸੀ ਪੱਟੀ ਅਤੇ ਸੇਵਕ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਸਾਂਡਪੁਰਾ ਨੇ ਕੁਝ ਅਣਪਛਾਤੇ ਵਿਅਕਤੀਆਂ ਸਮੇਤ ਪਰਿਵਾਰਕ ਮੈਂਬਰਾਂ ਦੀ ਕਥਿਤ ਤੌਰ 'ਤੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ।ਉਨ੍ਹਾਂ ਦੋਸ਼ ਲਾਇਆ ਕਿ ਇਸ ਘਟਨਾ ਦੌਰਾਨ ਸਰਵਣ ਸਿੰਘ ਪੁੱਤਰ ਕਰਤਾਰ ਸਿੰਘ ਦੀ ਲੱਤ ਤੋੜ ਦਿੱਤੀ ਗਈ, ਘਰ ਵਿੱਚ ਖੜ੍ਹੀ ਗੱਡੀ ਅਤੇ ਮੋਟਰਸਾਈਕਲ ਦੀ ਭੰਨਤੋੜ ਕੀਤੀ ਗਈ ਅਤੇ ਪਰਿਵਾਰ ਦੀਆਂ ਔਰਤਾਂ ਨਾਲ ਵੀ ਕੁੱਟਮਾਰ ਕਰਦਿਆਂ ਉਨ੍ਹਾਂ ਦੇ ਕੱਪੜੇ ਪਾੜ ਦਿੱਤੇ ਗਏ।ਉਨ੍ਹਾਂ ਦੱਸਿਆ ਕਿ ਜ਼ਖ਼ਮੀ ਸਰਵਣ ਸਿੰਘ ਨੂੰ ਸਰਕਾਰੀ ਹਸਪਤਾਲ ਸੁਰ ਸਿੰਘ ਵਿਖੇ ਦਾਖ਼ਲ ਕਰਵਾਇਆ ਗਿਆ ਸੀ ਅਤੇ ਮੈਡੀਕਲ ਰਿਪੋਰਟ ਥਾਣਾ ਭਿੱਖੀਵਿੰਡ ਵਿੱਚ ਦਿੱਤੀ ਗਈ ਸੀ।ਪਾਰਟੀ ਆਗੂਆਂ ਨੇ ਦੋਸ਼ ਲਾਇਆ ਕਿ ਘਟਨਾ ਨੂੰ ਤਿੰਨ ਮਹੀਨੇ ਬੀਤ ਜਾਣ ਦੇ ਬਾਵਜੂਦ ਪੁਲਿਸ ਵੱਲੋਂ ਮੁਲਜ਼ਮਾਂ ਖ਼ਿਲਾਫ਼ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਦੀ ਢਿੱਲ ਕਾਰਨ ਪੀੜਤ ਪਰਵਾਰ ਇਨਸਾਫ਼ ਲਈ ਭਟਕ ਰਿਹਾ ਹੈ। ਉਨ੍ਹਾਂ ਡੀ ਐੱਸ ਪੀ ਭਿੱਖੀਵਿੰਡ ਅਤੇ ਐੱਸ ਐੱਸ ਪੀ ਤਰਨ ਤਾਰਨ ਤੋਂ ਮੰਗ ਕੀਤੀ ਕਿ ਮੁਲਜ਼ਮਾਂ ਖ਼ਿਲਾਫ਼ ਬਣਦੀਆਂ ਕਾਨੂੰਨੀ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੀੜਤ ਪਰਵਾਰ ਨੂੰ ਇਨਸਾਫ਼ ਨਾ ਮਿਲਿਆ ਤਾਂ ਪਾਰਟੀ ਵੱਲੋਂ 30 ਨਵੰਬਰ ਨੂੰ ਥਾਣਾ ਭਿੱਖੀਵਿੰਡ ਦੇ ਐੱਸਐੱਚਓ ਦਫ਼ਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ, ਜੋ ਇਨਸਾਫ਼ ਮਿਲਣ ਤੱਕ ਜਾਰੀ ਰਹੇਗਾ।ਇਸ ਸਬੰਧੀ ਜਦੋਂ ਥਾਣਾ ਭਿੱਖੀਵਿੰਡ ਦੇ ਐੱਸਐੱਚਓ ਪ੍ਰਭਜੀਤ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਨਹੀਂ ਹੈ ਅਤੇ ਸੰਭਵ ਹੈ ਕਿ ਇਹ ਉਨ੍ਹਾਂ ਤੋਂ ਪਹਿਲਾਂ ਦਾ ਹੋਵੇ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਸਬੰਧਤ ਜਾਂਚ ਅਧਿਕਾਰੀ (ਆਈਓ) ਤੋਂ ਮਾਮਲੇ ਦੀ ਜਾਣਕਾਰੀ ਲੈ ਕੇ ਬਣਦੀ ਕਾਨੂੰਨੀ ਕਾਰਵਾਈ ਕਰਨਗੇ।

ਗੁਰੂ ਨਾਨਕ ਦੀਆਂ ਸਿੱਖਿਆਵਾਂ ਸਮਾਜ 'ਚ ਕ੍ਰਾਂਤੀਕਾਰੀ ਪਰਿਵਰਤਨ ਲਿਆ ਸਕਦੀਆਂ : ਤਰਸਿੱਕਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਸਮਾਜ ਵਿੱਚ ਫੈਲੀਆਂ ਵੱਖ-ਵੱਖ ਸਮਾਜਿਕ ਕੁਰੀਤੀਆਂ, ਆਰਥਿਕ ਅਸਮਾਨਤਾ ਅਤੇ ਹੋਰ ਬੁਰਾਈਆਂ ਨੂੰ ਖਤਮ ਕਰਨ ਲਈ ਧੰਨ ਧੰਨ ਗੁਰੂ ਨਾਨਕ ਸਾਹਿਬ ਜੀ ਦੀਆਂ ਸਿੱਖਿਆਵਾਂ ਦਾ ਸਹਾਰਾ ਲੈਣਾ ਚਾਹੀਦਾ ਹੈ, ਕਿਉਂਕਿ ਗੁਰੂ ਨਾਨਕ ਸਾਹਿਬ ਜੀ ਦੀਆਂ ਸਿੱਖਿਆਵਾਂ ਹੀ ਸਮਾਜ ਵਿੱਚ ਕ੍ਰਾਂਤੀਕਾਰੀ ਪਰਿਵਰਤਨ ਲਿਆ ਸਕਦੀਆਂ ਹਨ। ਇਹ ਪ੍ਰਗਟਾਵਾ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਗਿਆਨੀ ਬੂਟਾ ਸਿੰਘ ਅਨਮੋਲ, ਕਥਾਕਾਰ ਜੋਗਿੰਦਰ ਸਿੰਘ ਭੀਲੋਵਾਲ, ਅਵਤਾਰ ਸਿੰਘ ਦਾਲਾ, ਸਤਨਾਮ ਸਿੰਘ ਤਰਫਾਨ, ਗੁਰਦਿਆਲ ਸਿੰਘ ਗ੍ਰੰਥੀ ਬਾਬਾ, ਕੁਲਦੀਪ ਸਿੰਘ ਤਰਸਿੱਕਾ, ਅਨਮੋਲਜੀਤ ਸਿੰਘ ਤਰਸਿੱਕਾ, ਸੁਖਜੀਤ ਸਿੰਘ ਸੈਦੋਲੇਹਲ, ਜੋਰਾ ਸਿੰਘ ਖੁਜਾਲਾ, ਮਨਵਿੰਦਰ ਸਿੰਘ ਚੁਗਾਵਾਂ ਆਦਿ ਹਾਜ਼ਰ ਸਨ।



ਸ਼ਿਪਸ ਇੰਸਟੀਟਿਊਟ ਰਾਣੀਵਲਾਹ ਦੀਆਂ ਸਾਲਾਨਾ ਖੇਡਾਂ ਸ਼ਾਨੋ-ਸ਼ੌਕਤ ਨਾਲ ਸੰਪੰਨ

ਚੋਹਲਾ ਸਾਹਿਬ (ਰਮਨ ਚੱਡਾ) ਮਾਝੇ ਦੀ ਸਿਰਕੱਢ ਸੰਸਥਾ ਸ਼ਿਪਸ ਇੰਸਟੀਟਿਊਟ ਰਾਣੀਵਲਾਹ ਤਰਨ ਤਾਰਨ ਦੇ ਖੇਡ ਮੈਦਾਨ ਵਿਖੇ ਪਿਛਲੇ ਤਿੰਨੇ ਦਿਨਾਂ ਤੋਂ ਚਾਰੇ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ ਜੀ, ਹਾਊਸ ਸਾਹਿਬਜ਼ਾਦਾ ਜੁਝਾਰ ਸਿੰਘ ਜੀ, ਹਾਊਸ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਹਾਊਸ ਅਤੇ ਸਾਹਿਬਜ਼ਾਦਾ ਜੁਝਾਰ ਸਿੰਘ ਜੀ ਹਾਊਸ ਦੌਰਾਨ ਚੱਲ ਰਹੀਆਂ ਸਾਲਾਨਾ ਖੇਡਾਂ ਦੀ ਸਮਾਪਤੀ ਮੌਕੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਖੇਡਾਂ ਦੇ ਪਹਿਲੇ ਦਿਨ ਦੀ ਸ਼ੁਰੂਆਤ ਸਮੇਂ ਬੱਚਿਆਂ ਵੱਲੋਂ ਮਾਰਚ ਪਾਸ ਕਰਨ ਉਪਰੰਤ ਲੜਕੇ ਲੜਕੀਆਂ ਦੀਆਂ ਫੁੱਟਬਾਲ ਵਾਲੀਬਾਲ ਬੈਡਮਿੰਟਨ ਖੋ ਡਿਸਕਸ ਥਰੋ ਜੈਵਲਿਨ ਗੋਲਾ ਅਤੇ ਕੁਝ ਛੋਟੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ।ਦੂਜੇ ਦਿਨ ਲੜਕੇ ਅਤੇ ਲੜਕੀਆਂ ਦੀਆਂ ਅਲੱਗ ਅਲੱਗ ਛਾਲ, ਰੱਸਾ, ਕੱਸੀ, ਅਤੇ ਛੋਟੇ ਬੱਚਿਆਂ ਦੀਆਂ ਬਹੁਤ ਦਿਲ ਖਿੱਚਣੀਆਂ ਖੇਡਾਂ ਤੋਂ ਇਲਾਵਾ ਅਧਿਆਪਕਾਂ ਦੀਆਂ ਖੇਡਾਂ ਦੇ ਮੁਕਾਬਲੇ ਵੀ ਕਰਵਾਏ ਗਏ। ਲੜਕੀਆਂ ਵਿੱਚ ਜਸਮੀਤ ਕੌਰ ਅਤੇ ਲੜਕਿਆਂ ਵਿੱਚੋਂ ਹੁਸਨ ਪ੍ਰੀਤ ਸਿੰਘ ਬੈਸਟ ਐਥਲੀਟ ਰਹੇ।ਖੋ ਖੋ ਵਿੱਚ ਲੜਕੀਆਂ ਵਿੱਚੋਂ ਨਵਪ੍ਰੀਤ ਕੌਰ ਅਤੇ ਲੜਕਿਆਂ ਵਿੱਚੋਂ ਅਰਮਾਨਦੀਪ ਸਿੰਘ ਬੈਸਟ ਪਲੇਅਰ ਰਹੇ। ਵਾਲੀਬਾਲ ਵਿੱਚ ਰੋਬਨਪ੍ਰੀਤ ਸਿੰਘ ਅਤੇ ਜਸ਼ਨਦੀਪ ਸਿੰਘ ਬੈਸਟ ਪਲੇਅਰ ਰਹੇ। ਕ੍ਰਿਕਟ ਵਿੱਚ ਮੈਨ ਆਫ ਦਾ ਮੈਚ ਧਨਬੀਰ ਸਿੰਘ ਰਹੇ।ਸਾਰੇ ਮੁਕਾਬਲਿਆਂ ਵਿੱਚ ਸਭ ਤੋਂ ਵੱਧ ਮੱਲਾ ਮਾਰਦਿਆਂ ਸਾਹਿਬਜ਼ਾਦਾ ਫਤਿਹ ਸਿੰਘ ਜੀ ਹਾਊਸ ਪਹਿਲੇ ਸਥਾਨ 'ਤੇ ਰਿਹਾ।ਇਸ ਮੌਕੇ ਸਕੂਲ ਦੇ ਕਾਰਜਕਾਰੀ ਕਰਤਾ ਸ਼ਸ਼ੀ ਸ਼ਰਮਾ, ਐਜੂਕੇਸ਼ਨ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ, ਮਦਨ ਪਠਾਣੀਆਂ ਸਾਰੇ ਜੇਤੂ ਵਿਦਿਆਰਥੀਆਂ ਦੇ ਨੂੰ ਇਨਾਮ ਤਕਸੀਮ ਕੀਤੇ ਗਏ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਮੀਟਿੰਗ

ਕਲਾਨੌਰ (ਮਨਦੀਪ ਕੋਹਲੀ)- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਦੀ ਅਗਵਾਈ ਵਿੱਚ ਕਲਾਨੌਰ ਦੇ ਨੇੜੇ ਪਿੰਡ ਮਸਤਕੋਟ ਵਿੱਚ ਇੱਕ ਵਿਸ਼ਾਲ ਵਰਕਰ ਮੀਟਿੰਗ ਦਾ ਆਯੋਜਨ ਕੀਤਾ ਗਿਆ ਜੋ ਰੈਲੀ ਦਾ ਰੂਪ ਧਾਰਨ ਕਰ ਗਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪਹੁੰਚੇ। ਇਸ ਮੌਕੇ ਉਹਨਾਂ ਨੇ ਕਿਹਾ ਕਿ ਨਸ਼ਾ ਖਤਮ ਕਰਨ ਦੇ ਵਾਅਦੇ ਕਰਕੇ ਕਈਆਂ ਨੇ ਸਰਕਾਰ ਬਣਾਈ ਪਰ ਕੋਈ ਨਸ਼ਾ ਘੱਟ ਵੀ ਨਹੀਂ ਕਰ ਸਕਿਆ।ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਮੀਟਿੰਗ ਵਿੱਚ ਬੋਲਦਿਆਂ ਕੀਤਾ। ਉਹ ਡੇਰਾ ਬਾਬਾ ਨਾਨਕ ਹਲਕੇ ਦੇ ਪਿੰਡ ਮਸਤਕੋਟ ਵਿੱਚ ਇਕ ਵਰਕਰ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਉਹਨਾਂ ਕਿਹਾ ਕਿ ਹੁਣ ਵੀ ਕਈ ਪਾਰਟੀਆਂ ਵਾਅਦੇ ਕਰ ਰਹੀਆਂ ਹਨ ਕਿ ਸਾਨੂੰ ਲਿਆਓ ਅਸੀਂ ਨਸ਼ਾ ਖਤਮ ਕਰ ਦਿਆਂਗੇ।ਸਾਨੂੰ ਇਹਨਾਂ ਤੋਂ ਉਮੀਦ ਕਰਨ ਦੀ ਬਜਾਏ ਆਪ ਲਾਮਬੰਦ ਹੋ ਕੇ ਯਤਨ ਕਰਨੇ ਪੈਣਗੇ।ਇਸ ਮੌਕੇ ਬੋਲਦਿਆਂ ਸੁੱਚਾ ਸਿੰਘ ਛੋਟੇਪੁਰ ਨੇ ਗਿਆਨੀ ਹਰਪ੍ਰੀਤ ਸਿੰਘ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਲਾਕੇ ਦੀਆਂ ਸੰਗਤਾਂ ਪੂਰੀ ਤਨਦੇਹੀ ਨਾਲ ਉਹਨਾਂ ਨਾਲ ਖੜੀਆਂ ਹਨ। ਛੋਟੇਪੁਰ ਨੇ ਆਇਆ ਸੰਗਤਾਂ ਦਾ ਧੰਨਵਾਦ ਕਰਦਿਆਂ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 20 ਨਵੰਬਰ ਦੇ ਦਿੱਲੀ ਧਰਨੇ ਵਿੱਚ ਵੱਧ ਤੋਂ ਵੱਧ ਸੰਗਤਾਂ ਨਾਲ ਪਹੁੰਚਣ।

ਬਖਸ਼ੀਵਾਲ ਵਿਖੇ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ



ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਡੇਅਰੀ ਵਿਕਾਸ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵਲੋਂ ਡਾਇਰੈਕਟਰ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਡੀ ਡੀ 6 ਸਕੀਮ ਅਧੀਨ ਪਿੰਡ ਬਖਸ਼ੀਵਾਲ ਬਲਾਕ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਇਕ ਦਿਨਾਂ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿਚ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਨ੍ਹਾਂ ਦੇ ਇਲਾਜ ਅਤੇ ਚਾਰੇ ਸੰਬੰਧੀ ਮਾਹਿਰਾਂ ਵਲੋਂ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਡੇਅਰੀ ਵਿਕਾਸ ਵਿਭਾਗ ਵਲੋਂ ਪਸ਼ੂ ਪਾਲਕਾਂ ਵਾਸਤੇ ਪੰਜਾਬ ਸਰਕਾਰ ਵੱਲੋਂ ਚਲਾਈਆ ਜਾ ਰਹੀਆਂ ਸਕੀਮਾਂ, ਸਬਸਿਡੀਆਂ ਅਤੇ ਬੀਮਾ ਸਕੀਮਾਂ ਸਬੰਧੀ ਵਿਸਥਾਰ ਵਿਚ ਜਾਣੂੰ ਕਰਵਾਇਆ ਗਿਆ। ਇਸ ਕੈਂਪ ਵਿਚ ਪਿੰਡ ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ, ਦੁੱਧ ਉਤਪਾਦਕਾਂ ਨੇ ਸ਼ਾਮਲ ਹੋ ਕੇ ਲਾਭ ਲਿਆ।

ਇਸ ਮੌਕੇ ਡੇਅਰੀ ਇੰਸਪੈਕਟਰ ਅਨੂੰ, ਡੇਅਰੀ ਇੰਸਪੈਕਟਰ ਕਰਨ ਭਗਤ ਅਤੇ ਅਨਾਮਿਕਾ ਰਮਾ ਡਾ. ਅਸ਼ੋਕ ਸਿੰਘ ਬਸਰਾ ਅਸਿਸਟੈਂਟ ਡਾਇਰੈਕਟਰ ਪਸ਼ੂ ਪਾਲਣ,ਬਲਕਾਰ ਸਿੰਘ ਮਿਲਕਫੇਡ, ਕਮਲ ਕਿਸ਼ੋਰ ਨਿਊਟਰਾਂਟਾ ਕੰਪਨੀ, ਪਿੰਡ ਦੇ ਸਰਪੰਚ ਸਮੇਤ ਵੱਡੀ ਗਿਣਤੀ ਵਿਚ ਅਗਾਂਹਵਧੂ ਦੁੱਧ ਉਤਪਾਦਕ ਵੀ ਹਾਜ਼ਰ ਸਨ।

ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ 'ਚ ਮਨੁੱਖੀ ਅਧਿਕਾਰਾਂ ਸੰਬੰਧੀ ਸੈਮੀਨਾਰ



ਧਾਰੀਵਾਲ (ਮਨਦੀਪ ਵਿੱਕੀ)- ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ.ਡੀ.ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਮਨੁੱਖੀ ਅਧਿਕਾਰਾਂ ਸੰਬੰਧੀ ਸੈਮੀਨਾਰ ਕਰਵਾਇਆ। ਸੈਮੀਨਾਰ ਵਿੱਚ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ, ਭਾਰਤ ਸਰਕਾਰ ਦੇ ਮੈਂਬਰ ਸ੍ਰੀ ਪ੍ਰਿਯਾਂਕ ਕਾਨੂੰਨਗੋ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਆਰ ਐਸ ਐਸ ਦੇ ਸਟੇਟ ਸੈਕਟਰੀ ਵਿਨੇ ਸ਼ਰਮਾ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨਾਲ ਡਾਕਟਰ ਪੰਕਜ ਮਹਾਜਨ, ਉਦੇ ਸੂਦ, ਐਸ ਡੀ ਐਮ ਅਰਵਿੰਦਰ ਪਾਲ ਸਿੰਘ ਤੇ ਹੋਰ ਪ੍ਰਸ਼ਾਸ਼ਨਿਕ ਅਧਿਕਾਰੀ ਵੀ ਮੌਜੂਦ ਸਨ। ਕਾਲਜ ਪ੍ਰਿੰਸੀਪਲ ਡਾ.ਰਜਵਿੰਦਰ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਮੁੱਖ ਮਹਿਮਾਨ ਪ੍ਰਿਯਾਂਕ ਕਾਨੂੰਨਗੋ ਨੇ ਕਾਲਜ ਵਿਦਿਆਰਥਣਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਸੰਵਿਧਾਨਕ ਤੇ ਬੁਨਿਆਦੀ ਹੱਕਾਂ ਪ੍ਰਤੀ ਜਾਗਰੂਕ ਕੀਤਾ। ਉਨ੍ਹਾਂ ਕਿਹਾ ਹਰ ਨਾਗਰਿਕ ਨੂੰ ਆਪਣੇ ਅਧਿਕਾਰਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਹੋਣ 'ਤੇ ਉਹ ਆਪਣੇ ਹੱਕਾਂ ਲਈ ਆਵਾਜ ਉਠਾ ਸਕੇ। ਉਹਨਾਂ ਅੱਜ ਦੇ ਵਿਕਸਿਤ ਭਾਰਤ ਵਿੱਚ ਮਹਿਲਾਵਾਂ ਦੀ ਪ੍ਰਸੰਸਾਯੋਗ ਹਿੱਸੇਦਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤੀ ਜਾਵੇਗੀ। ਜੇ ਕਿਸੇ ਨਾਲ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਉਹ ਲਿਖਤੀ ਸ਼ਿਕਾਇਤ ਸਬੰਧਤ ਅਧਿਕਾਰੀ ਜਾਂ ਕਮਿਸ਼ਨ ਕੋਲ ਦਰਜ ਕਰਵਾ ਸਕਦਾ ਹੈ, ਜਿਸ 'ਤੇ ਨਿਯਮਾਂ ਅਨੁਸਾਰ ਯੋਗ ਕਾਰਵਾਈ ਕੀਤੀ ਜਾਵੇਗੀ।

ਮੁੱਖ ਵਕਤਾ ਸ੍ਰੀ ਵਿਨੇ ਸ਼ਰਮਾ ਨੇ ਭਾਸ਼ਾਵਾਂ ਉੱਤੇ ਚਰਚਾ ਕਰਦੇ ਹੋਏ ਆਪਣੀ ਮਾਤ ਭਾਸ਼ਾ ਪੰਜਾਬੀ ਦੀ ਵਧੇਰੇ ਵਰਤੋਂ ਕਰਨ ਦਾ ਸੰਦੇਸ਼ ਦਿੱਤਾ ਅਤੇ ਮੁਨੁੱਖੀ ਅਧਿਕਾਰਾਂ ਤੇ ਕਰਤੱਵਾਂ ਸਬੰਧੀ ਵਿਚਾਰ ਸਾਂਝੇ ਕੀਤੇ। ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਵਲੋਂ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਅਤੇ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਕੀਤਾ। ਸੈਮੀਨਾਰ ਵਿੱਚ ਕਾਲਜ ਪ੍ਰਬੰਧਕ ਕਮੇਟੀ ਨੁਮਾਇੰਦੇ ਰਾਜਨ ਗੋਇਲ, ਸੋਨੂੰ ਚੋਪੜਾ ਸਣੇ ਸਮੂਹ ਕਮੇਟੀ ਮੈਂਬਰਾਂ ਤੇ ਸਟਾਫ ਮੈਂਬਰਾਂ, ਵਿਦਿਆਰਥਣਾਂ ਤੋਂ ਇਲਾਵਾ ਐਡਵੋਕੇਟ ਲਲਿਤ ਕੁਮਾਰ, ਹਰਮਨਦੀਪ ਸਿੰਘ ਭਾਜਪਾ ਪੰਜਾਬ ਸਕੱਤਰ, ਅਮਿਤ ਸੂਦ, ਵਿੱਕੀ ਬਲੱਗਣ, ਰਵਿੰਦਰ ਭੰਡਾਰੀ, ਜੋਤੀ ਮਹਾਜਨ ਆਦਿ ਸਮੇਤ ਇਲਾਕਾ ਵਾਸੀ ਹਾਜ਼ਰ ਸਨ।

ਨਾਗਰਿਕ ਸੁਰੱਖਿਆ, ਅਫਵਾਹਾਂ ਦੀ ਰੋਕਥਾਮ ਤੇ ਐਮਰਜੈਂਸੀ ਸਹਾਇਤਾ ਬਾਰੇ ਕੀਤਾ ਜਾਗਰੂਕ

ਬਟਾਲਾ, (ਤਰਲੋਕ ਬੱਗਾ) ਵਾਰਡਨ ਸਰਵਿਸ ਪੋਸਟ ਨੰਬਰ 8 ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਣੀਏ ਕੇ ਬਾਂਗਰ ਤੇ ਸਿੰਘਪੁਰਾ ਵਿਖੇ ਨਾਗਰਿਕ ਸੁਰੱਖਿ

ਨਵਾਂ ਜ਼ਮਾਨਾ
ਸ਼ੁੱਕਰਵਾਰ, 20 ਨਵੰਬਰ 2026

ਦੋ ਅਹਿਮ ਮਾਮਲੇ

ਸੁਪਰੀਮ ਕੋਰਟ ਦੇ ਅੰਦਰ ਹੋਏ ਪ੍ਰਸ਼ਾਸਨਕ ਘਟਨਾਕ੍ਰਮ ਅਤੇ ਉਸ ਨਾਲ ਉਪਜੇ ਸਵਾਲਾਂ ਨੇ ਭਾਰਤੀ ਲੋਕਤੰਤਰ, ਸਮਾਜਿਕ ਨਿਆਂ ਅਤੇ ਜਨਹਿੱਤ ਦੀ ਦਿਸ਼ਾ ਨੂੰ ਲੈ ਕੇ ਡੂੰਘੀ ਚਿੰਤਾ ਪੈਦਾ ਕਰ ਦਿੱਤੀ ਹੈ। ਭਾਰਤ ਦੇ ਚੀਫ ਜਸਟਿਸ ਵੱਲੋਂ ਜਸਟਿਸ ਅਹਿਸਾਨੁਦੀਨ ਅਮਾਨਉੱਲ੍ਹਾ ਦੀ ਅਗਵਾਈ ਵਾਲੀ ਬੈਂਚ ਤੋਂ ਦੋ ਸੰਵੇਦਨਸ਼ੀਲ ਮਾਮਲਿਆਂ ਨੂੰ ਵਾਪਸ ਲੈ ਕੇ ਹੋਰਨਾਂ ਬੈਂਚਾਂ ਨੂੰ ਤਬਦੀਲ ਕਰਨ ਦੇ ਕਦਮ ਨੂੰ ਰਸਮੀ ਤੌਰ 'ਤੇ 'ਮਾਸਟਰ ਆਫ ਦਾ ਰੋਸਟਰ' (ਕਿਸੇ ਵੀ ਜੱਜ ਨੂੰ ਕੇਸ ਸੌਂਪਣ ਦਾ ਚੀਫ ਜਸਟਿਸ ਦਾ ਖਾਸ ਅਧਿਕਾਰ) ਦੀ ਮਰਿਆਦਾ ਅਤੇ ਰੋਸਟਰ ਅਨੁਸ਼ਾਸਨ ਦੀ ਪਾਲਣਾ ਨਾਲ ਜੋੜਿਆ ਜਾ ਰਿਹਾ ਹੈ, ਪਰ ਜ਼ਮੀਨੀ ਹਕੀਕਤ ਅਤੇ ਵੰਚਿਤ ਵਰਗਾਂ ਦੇ ਸੰਘਰਸ਼ ਨੂੰ ਦੇਖਦੇ ਹੋਏ ਇਹ ਫੈਸਲਾ ਬਹੁਤ ਨਿਰਾਸ਼ਾਜਨਕ ਅਤੇ ਨਿੰਦਣਯੋਗ ਜਾਪਦਾ ਹੈ। ਇਨ੍ਹਾਂ ਦੋ ਮਾਮਲਿਆਂ ਵਿੱਚੋਂ ਇੱਕ ਪ੍ਰਾਈਵੇਟ ਯੂਨੀਵਰਸਿਟੀਆਂ ਦੇ ਸੰਚਾਲਨ, ਵਿੱਤ ਅਤੇ ਮਨਮਾਨੀ ਨਾਲ ਜੁੜਿਆ ਹੈ (ਆਇਸ਼ਾ ਜੈਨ ਬਨਾਮ ਐਮਿਟੀ ਯੂਨੀਵਰਸਿਟੀ ਨੋਇਡਾ ਤੇ ਹੋਰ), ਜਦੋਂ ਕਿ ਦੂਜਾ ਦੇਸ਼-ਭਰ ਵਿੱਚ ਨਾਜਾਇਜ਼ ਉਸਾਰੀਆਂ ਅਤੇ ਰਿਹਾਇਸ਼ੀ ਕੰਪਲੈਕਸਾਂ ਦੀ ਵਪਾਰਕ ਦੁਰਵਰਤੋਂ ਨਾਲ ਸੰਬੰਧਤ ਹੈ (ਲੋਗਨਾਥਨ ਬਨਾਮ ਤਾਮਿਲਨਾਡੂ ਰਾਜ)। ਦੋਵਾਂ ਮਾਮਲਿਆਂ ਵਿੱਚ ਜਸਟਿਸ ਅਮਾਨਉੱਲ੍ਹਾ ਦੀ ਬੈਂਚ ਨੇ ਸਖਤ ਰੁਖ਼ ਅਪਣਾਉਂਦਿਆਂ ਜਵਾਬਦੇਹੀ ਸਥਾਪਤ ਕਰਨ ਵੱਲ ਕਦਮ ਵਧਾਏ ਸਨ। ਅਜਿਹੇ ਵਿੱਚ ਇਨ੍ਹਾਂ ਮਾਮਲਿਆਂ ਨੂੰ ਹੋਰਨਾਂ ਬੈਂਚਾਂ ਵਿੱਚ ਤਬਦੀਲ ਕਰਨ ਨਾਲ ਇਹ ਤੌਖਲਾ ਪ੍ਰਬਲ ਹੋ ਗਿਆ ਹੈ ਕਿ ਇਸ ਦਾ ਸਿੱਧਾ ਫਾਇਦਾ ਸਿੱਖਿਆ ਦੇ ਨਾਂਅ 'ਤੇ ਮੁਨਾਫਾ ਕਮਾ ਰਹੀਆਂ ਨਿੱਜੀ ਯੂਨੀਵਰਸਿਟੀਆਂ ਅਤੇ ਨਿਯਮਾਂ ਦੀ ਉਲੰਘਣਾ ਕਰਕੇ ਗੈਰ-ਕਾਨੂੰਨੀ ਉਸਾਰੀਆਂ ਕਰਨ ਵਾਲਿਆਂ ਨੂੰ ਮਿਲੇਗਾ।

ਸੰਸਦ ਵਿੱਚ ਸਾਂਝੇ ਕੀਤੇ ਗਏ ਸਰਕਾਰੀ ਅੰਕੜਿਆਂ ਅਨੁਸਾਰ ਦੇਸ਼ ਵਿੱਚ ਸਰਕਾਰੀ ਸਕੂਲਾਂ ਦੀ ਗਿਣਤੀ 2021-22 ਅਤੇ 2025-26 ਦੇ ਵਿਚਕਾਰ 1,022,386 ਤੋਂ ਘਟ ਕੇ 1,005,245 ਹੋ ਗਈ। 2014-15 ਤੋਂ 2024-25 ਦੇ ਦਹਾਕੇ ਦੇ ਇੱਕ ਵਿਆਪਕ ਵਿਸ਼ਲੇਸ਼ਣ ਤੋਂ ਪਤਾ ਚਲਦਾ ਹੈ ਕਿ ਲੱਗਭੱਗ 94,000 ਸਰਕਾਰੀ ਸਕੂਲਾਂ ਦੀ ਕਮੀ ਜਾਂ ਰਲੇਵਾਂ ਅਤੇ ਨਿੱਜੀ ਸਕੂਲਾਂ ਦੀ ਗਿਣਤੀ ਵਿੱਚ ਲੱਗਭੱਗ 14.9 ਫੀਸਦੀ ਦਾ ਵਾਧਾ ਹੋਇਆ ਹੈ। ਉੱਚ ਸਿੱਖਿਆ ਦੇ ਖੇਤਰ ਵਿੱਚ ਵੀ ਸਰਕਾਰਾਂ ਲੋੜੀਂਦੇ ਫੰਡਾਂ ਦੀ ਵਿਵਸਥਾ ਨਹੀਂ ਕਰ ਰਹੀਆਂ। ਜਦੋਂ ਜਨਤਕ ਸਿੱਖਿਆ ਪ੍ਰਣਾਲੀ ਕਮਜ਼ੋਰ ਹੋ ਜਾਂਦੀ ਹੈ ਜਾਂ ਸੀਮਤ ਸਰੋਤਾਂ ਨਾਲ ਸੰਘਰਸ਼ ਕਰਦੀ ਹੈ ਤਾਂ ਗਰੀਬ ਅਤੇ ਐੱਸ ਸੀ/ਐੱਸ ਟੀ ਵਿਦਿਆਰਥੀਆਂ ਕੋਲ ਪੜ੍ਹਾਈ ਛੱਡਣ ਜਾਂ ਨਿੱਜੀ ਸੰਸਥਾਵਾਂ ਦੀਆਂ ਬਹੁਤ ਜ਼ਿਆਦਾ ਫੀਸਾਂ ਦੇ ਬੋਝ ਹੇਠ ਦੱਬਣ ਦਾ ਵਿਕਲਪ ਹੀ ਬਚਦਾ ਹੈ। ਅਜਿਹੇ ਸਮੇਂ ਜਦੋਂ ਜਸਟਿਸ ਅਮਾਨਉੱਲ੍ਹਾ ਦੀ ਬੈਂਚ ਨਿੱਜੀ ਯੂਨੀਵਰਸਿਟੀਆਂ ਦੀ ਵਿੱਤੀ ਪਾਰਦਰਸ਼ਤਾ, ਫੀਸ ਢਾਂਚੇ ਅਤੇ ਸ਼ਾਸਨ ਬਾਰੇ ਗੰਭੀਰ ਸਵਾਲ ਉਠਾ ਰਹੀ ਸੀ, ਕੇਸ ਦੇ ਤਬਾਦਲੇ ਨਾਲ ਇਹ ਡਰ ਪੈਦਾ ਹੁੰਦਾ ਹੈ ਕਿ ਨਿੱਜੀ ਯੂਨੀਵਰਸਿਟੀ ਸੰਚਾਲਕਾਂ ਨੂੰ ਰਾਹਤ ਜਾਂ ਮੁਹਲਤ ਮਿਲ ਸਕਦੀ ਹੈ।

ਇਹੀ ਵਿਰੋਧਾਭਾਸ ਗੈਰ-ਕਾਨੂੰਨੀ ਉਸਾਰੀਆਂ ਅਤੇ ਸ਼ਹਿਰੀ ਯੋਜਨਾਬੰਦੀ ਦੇ ਮਾਮਲੇ ਵਿੱਚ ਵੀ ਸਪੱਸ਼ਟ ਦਿਖਾਈ ਦਿੰਦਾ ਹੈ। ਇਹ ਇੱਕ ਕੌੜੀ ਹਕੀਕਤ ਹੈ ਕਿ ਪ੍ਰਭਾਵਸ਼ਾਲੀ ਵਿਅਕਤੀ, ਭੂ-ਮਾਫੀਆ ਅਤੇ ਵਪਾਰਕ ਅਦਾਰੇ ਆਪਣੇ ਪ੍ਰਭਾਵ, ਸ਼ਕਤੀ ਅਤੇ ਪੈਸੇ ਦੀ ਵਰਤੋਂ ਕਰਦੇ ਹੋਏ, ਨੇਮ-ਕਾਇਦੇ ਦੀ ਉਲੰਘਣਾ ਕਰਨ ਲਈ ਸਮਰੱਥ ਅਧਿਕਾਰੀਆਂ ਨਾਲ ਮਿਲੀਭੁਗਤ ਕਰਦੇ ਹਨ। ਭਾਵੇਂ ਇਹ ਮਾਸਟਰ ਪਲਾਨ ਦੀ ਉਲੰਘਣਾ ਹੋਵੇ, ਪ੍ਰਵਾਨਤ ਨਕਸ਼ਿਆਂ ਤੋਂ ਬਿਨਾਂ ਵੱਡੇ ਵਪਾਰਕ ਕੰਪਲੈਕਸਾਂ ਦੀ ਉਸਾਰੀ ਹੋਵੇ ਜਾਂ ਰਿਹਾਇਸ਼ੀ ਖੇਤਰਾਂ ਦਾ ਵਪਾਰਕ ਸ਼ੋਸ਼ਣ ਹੋਵੇ, ਪ੍ਰਭਾਵਸ਼ਾਲੀ ਵਿਅਕਤੀਆਂ ਵੱਲੋਂ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਅਕਸਰ ਦੇਰੀ ਨਾਲ ਹੁੰਦੀ ਹੈ ਜਾਂ ਕਾਨੂੰਨੀ ਪੇਚੀਦਗੀਆਂ ਵਿੱਚ ਉਲਝ ਜਾਂਦੀ ਹੈ। ਇਸ ਦੇ ਉਲਟ ਸਭ ਤੋਂ ਵੱਧ ਪੀੜਾ ਗਰੀਬ, ਦਲਿਤ, ਆਦਿਵਾਸੀ ਅਤੇ ਕਮਜ਼ੋਰ ਵਰਗਾਂ ਨੂੰ ਸਹਿਣੀ ਪੈਂਦੀ ਹੈ, ਜਿਨ੍ਹਾਂ ਦੇ ਨਿੱਕੇ ਆਸ਼ਿਆਨੇ ਜਾਂ ਵਰ੍ਹਿਆਂ ਤੋਂ ਬਣੇ ਮਕਾਨ ਵੱਖ-ਵੱਖ ਮੁਹਿੰਮਾਂ ਦੌਰਾਨ ਅਕਸਰ ਟੁੱਟਣ ਦਾ ਸਾਹਮਣਾ ਕਰਦੇ ਹਨ। ਜਦੋਂ ਗੈਰ-ਕਾਨੂੰਨੀ ਉਸਾਰੀ ਅਤੇ ਵਪਾਰਕ ਦੁਰਵਰਤੋਂ ਲਈ ਸਖਤ ਨਿਆਂਇਕ ਨਿਗਰਾਨੀ ਤੇ ਜਵਾਬਦੇਹੀ ਦੀ ਪੈਰਵੀ ਅੱਗੇ ਵਧ ਰਹੀ ਸੀ, ਉਦੋਂ ਬੈਂਚ ਤੋਂ ਕੇਸ ਵਾਪਸ ਲੈਣਾ ਇਸ ਵਿਚਾਰ ਨੂੰ ਹੋਰ ਮਜ਼ਬੂਤ ਕਰਦਾ ਹੈ ਕਿ ਇਸ ਨਾਲ ਗੈਰ-ਕਾਨੂੰਨੀ ਉਸਾਰੀ ਵਿੱਚ ਸ਼ਾਮਲ ਲੋਕਾਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਪ੍ਰਭਾਵਸ਼ਾਲੀ ਤੱਤਾਂ ਨੂੰ ਰਾਹਤ ਮਿਲ ਸਕਦੀ ਹੈ।

'ਮਾਸਟਰ ਆਫ ਦਾ ਰੋਸਟਰ' ਦੀ ਪ੍ਰਸ਼ਾਸਕੀ ਪਰੰਪਰਾ ਦਾ ਹਵਾਲਾ ਦਿੰਦੇ ਹੋਏ ਅਜਿਹੇ ਮਾਮਲਿਆਂ ਨੂੰ ਕਿਸੇ ਹੋਰ ਬੈਂਚ ਵਿੱਚ ਤਬਦੀਲ ਕਰਨਾ-ਜਦੋਂ ਉਹ ਸਪੱਸ਼ਟ ਤੌਰ 'ਤੇ ਵਿਆਪਕ ਜਨਤਕ ਹਿੱਤ, ਸਿੱਖਿਆ ਦੇ ਮਨਮਾਨੇ ਨਿੱਜੀਕਰਨ ਅਤੇ ਗੈਰ-ਕਾਨੂੰਨੀ ਉਸਾਰੀ ਲਈ ਜਵਾਬਦੇਹੀ ਨਾਲ ਸੰਬੰਧਤ ਹੋਣ, ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਇਨ੍ਹਾਂ ਦੋ ਮਾਮਲਿਆਂ, ਜੋ ਕਿ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ, ਗਰੀਬਾਂ ਅਤੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਦੇ ਹਿੱਤਾਂ ਨਾਲ ਜੁੜੇ ਦਿਖਦੇ ਹਨ, ਕਿਸੇ ਹੋਰ ਬੈਂਚ ਨੂੰ ਸੌਂਪਣ ਦੇ ਇਸ ਕਦਮ ਦੀ ਤਿੱਖੀ ਆਲੋਚਨਾ ਇਸ ਲਈ ਹੋ ਰਹੀ ਹੈ ਕਿਉਂਕਿ ਇਸ ਨਾਲ ਨਿਆਂਇਕ ਨਿਰੰਤਰਤਾ ਅਤੇ ਸਖਤੀ ਦੀ ਰਫਤਾਰ ਪ੍ਰਭਾਵਤ ਹੋਣ ਦਾ ਖਤਰਾ ਪੈਦਾ ਹੋਇਆ ਹੈ। ਕਿਸੇ ਵੀ ਪ੍ਰਸ਼ਾਸਨਿਕ ਜਾਂ ਨਿਆਂਇਕ ਵਿਵਸਥਾ ਦੀ ਭਰੋਸੇਯੋਗਤਾ ਇਸ ਗੱਲ ਨਾਲ ਮਾਪੀ ਜਾਂਦੀ ਹੈ ਕਿ ਇਹ ਕਮਜ਼ੋਰਾਂ ਦੀ ਰੱਖਿਆ ਕਰਦੀ ਹੈ ਜਾਂ ਸ਼ਕਤੀਸ਼ਾਲੀ ਅਤੇ ਨਿਯਮ ਤੋੜਨ ਵਾਲਿਆਂ ਨੂੰ ਰਾਹਤ ਦਾ ਅਹਿਸਾਸ ਕਰਾਉਂਦੀ ਹੈ। ਜੇ ਰੋਸਟਰ ਦੀਆਂ ਤਕਨੀਕੀ ਪ੍ਰਕਿਰਿਆਵਾਂ ਵਿਚਕਾਰ ਸਿੱਖਿਆ ਦੇ ਵਪਾਰੀਕਰਨ ਅਤੇ ਗੈਰ-ਕਾਨੂੰਨੀ ਉਸਾਰੀਆਂ 'ਤੇ ਹੋਣ ਵਾਲੀ ਸਖਤ ਕਾਰਵਾਈ ਕਮਜ਼ੋਰ ਪੈਂਦੀ ਹੈ, ਤਾਂ ਇਹ ਡਰ ਹੋਰ ਡੂੰਘਾ ਹੋ ਜਾਵੇਗਾ ਕਿ ਅੰਤ ਨੂੰ ਨਿੱਜੀ ਯੂਨੀਵਰਸਿਟੀਆਂ ਅਤੇ ਗੈਰ-ਕਾਨੂੰਨੀ ਬਿਲਡਰਾਂ ਨੂੰ ਹੀ ਫਾਇਦਾ ਮਿਲੇਗਾ।

ਬੇਰੁਜ਼ਗਾਰੀ ਤੋਂ ਵੀ ਪੀੜਾਦਾਇਕ ਹੈ ਰੁਜ਼ਗਾਰ ਖੁੱਸਣ ਦਾ ਦਰਦ


ਬਿੰਦਰ ਸਿੰਘ ਖੁੱਡੀ ਕਲਾਂ

ਨੌਕਰੀ ਖੁੱਸਣ ਦਾ ਸਦਮਾ ਕਿਸੇ ਵੱਡੇ ਅਤੇ ਭਿਆਨਕ ਹਾਦਸੇ ਤੋਂ ਘੱਟ ਨਹੀਂ ਹੁੰਦਾ। ਜੋ ਇਨਸਾਨ ਨੂੰ ਨਾ ਕੇਵਲ ਬਾਹਰੋਂ, ਸਗੋਂ ਅੰਦਰੋਂ ਵੀ ਪੂਰੀ ਤਰ੍ਹਾਂ ਤੋੜ ਕੇ ਰੱਖ ਦਿੰਦਾ ਹੈ। ਅਜਿਹੇ ਅਸਹਿ ਅਤੇ ਅਕਹਿ ਹਾਲਾਤ ਵਿੱਚ ਵਿਅਕਤੀ ਡੂੰਘੇ ਮਾਨਸਿਕ ਤਣਾਅ, ਘੋਰ ਨਿਰਾਸ਼ਾ, ਡਿਪਰੈਸ਼ਨ ਅਤੇ ਸਮਾਜਿਕ ਅਸੁਰੱਖਿਆ ਦੀ ਭਾਵਨਾ ਦਾ ਭਿਆਨਕ ਸ਼ਿਕਾਰ ਹੋ ਜਾਂਦਾ ਹੈ। ਹਾਲ ਹੀ ਵਿੱਚ ਪੰਜਾਬ ਰਾਜ ਵਿੱਚ ਵਾਪਰੀ ਇੱਕ ਦਿਲ ਕੰਬਾਊ ਘਟਨਾ ਨੇ ਇਸ ਦਰਦ ਨੂੰ ਮੁੜ ਤੋਂ ਸੁਰਜੀਤ ਕਰ ਦਿੱਤਾ ਹੈ। ਜਿੱਥੇ ਬਿਨਾਂ ਕਿਸੇ ਨਿੱਜੀ ਕਸੂਰ ਜਾਂ ਗ਼ਲਤੀ ਦੇ ਸੈਂਕੜੇ ਨੌਜਵਾਨਾਂ ਦੇ ਹੱਥੋਂ ਉਨ੍ਹਾਂ ਦਾ ਰੁਜ਼ਗਾਰ ਖਿਸਕਦਾ ਜਾ ਰਿਹਾ ਹੈ ਅਤੇ ਉਹ ਬੇਬਸੀ ਦੇ ਆਲਮ ਵਿੱਚ ਜਿਉਣ ਲਈ ਮਜਬੂਰ ਹੋ ਗਏ ਹਨ।

ਪੰਜਾਬ ਸਰਕਾਰ ਵੱਲੋਂ 4161 ਮਾਸਟਰ ਕਾਡਰ ਭਰਤੀ ਨਾਲ ਸੰਬੰਧਤ 253 ਅਧਿਆਪਕਾਂ ਦੀਆਂ ਸੇਵਾਵਾਂ ਨੂੰ ਖ਼ਤਮ ਕਰਨ ਦਾ ਫ਼ੈਸਲਾ ਲਿਆ ਗਿਆ ਹੈ, ਜਿਸ ਨੇ ਪੰਜਾਬ ਭਰ ਵਿੱਚ ਹਾਹਾਕਾਰ ਮਚਾ ਦਿੱਤੀ ਹੈ। ਇਸ ਅਤਿ ਦੁਖਦਾਈ ਕਾਰਵਾਈ ਪਿੱਛੇ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਇਹ ਤਰਕ ਦਿੱਤਾ ਜਾ ਰਿਹਾ ਹੈ ਕਿ ਭਰਤੀ ਪ੍ਰਕਿਰਿਆ ਦੌਰਾਨ ਕੁਝ ਤਕਨੀਕੀ ਖ਼ਾਮੀਆਂ, ਗ਼ਲਤੀਆਂ ਅਤੇ ਪ੍ਰਬੰਧਕੀ ਊਣਤਾਈਆਂ ਰਹੀਆਂ ਸਨ, ਜਿਨ੍ਹਾਂ ਕਾਰਨ ਸਰਕਾਰ ਨੂੰ ਮਜਬੂਰਨ ਇਹ ਕਦਮ ਚੁੱਕਣਾ ਪਿਆ ਹੈ।ਸਰਕਾਰ ਦਾ ਇਹ ਤਰਕ ਉਨ੍ਹਾਂ 253 ਪੀੜਤ ਪਰਵਾਰਾਂ ਦੇ ਘਰਾਂ ਵਿੱਚ ਪਸਰੇ ਹਨੇਰੇ ਅਤੇ ਉਦਾਸੀ ਨੂੰ ਮਿਟਾ ਨਹੀਂ ਸਕਦਾ, ਜਿਨ੍ਹਾਂ ਨੌਜਵਾਨਾਂ ਨੇ ਬੜੀ ਮੁਸ਼ਕਲ ਨਾਲ ਆਪਣੇ ਘਰਾਂ ਦੀ ਹਾਲਤ ਸੁਧਾਰਨ ਦੇ ਸੁਪਨੇ ਲੈ ਕੇ ਇਹ ਨੌਕਰੀ ਹਾਸਿਲ ਕੀਤੀ ਸੀ, ਉਨ੍ਹਾਂ ਲਈ ਇਹ ਫ਼ੈਸਲਾ ਕਿਸੇ ਅਸਹਿ ਅਤੇ ਅਕਹਿ ਦਰਦਤੋਂ ਘੱਟ ਨਹੀਂ ਹੈ। ਦੂਜੇ ਪਾਸੇ, ਜਦੋਂ ਅਸੀਂ ਅਧਿਆਪਕਾਂ ਅਤੇ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦਾ ਪੱਖ ਦੇਖਦੇ ਹਾਂ, ਤਾਂ ਉਹ ਬਿਲਕੁਲ ਜਾਇਜ਼, ਤਰਕਸੰਗਤ ਅਤੇ ਹੱਕੀ ਜਾਪਦਾ ਹੈ। ਇਨ੍ਹਾਂ ਜਥੇਬੰਦੀਆਂ ਅਤੇ ਪੀੜਤ ਅਧਿਆਪਕਾਂ ਦਾ ਸਪੱਸ਼ਟ ਤੌਰ 'ਤੇ ਕਹਿਣਾ ਹੈ ਕਿ ਪੂਰੀ ਭਰਤੀ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ, ਮੈਰਿਟ ਸੂਚੀਆਂ ਬਣਾਉਣ ਅਤੇ ਦਸਤਾਵੇਜ਼ਾਂ ਦੀ ਪੜਤਾਲ ਕਰਨ ਦੀ ਸਾਰੀ ਜ਼ਿੰਮੇਵਾਰੀ ਭਰਤੀ ਕਰਨ ਵਾਲੀ ਏਜੰਸੀ, ਨਿੱਜੀ ਕੰਪਨੀ ਅਤੇ ਸਿੱਖਿਆ ਵਿਭਾਗ ਦੇ ਉਚ ਅਧਿਕਾਰੀਆਂ ਦੀ ਸੀ। ਜੇਕਰ ਨਤੀਜੇ ਤਿਆਰ ਕਰਨ ਵਿੱਚ ਕੋਈ ਤਕਨੀਕੀ ਗ਼ਲਤੀ ਜਾਂ ਖ਼ਾਮੀ ਰਹੀ ਵੀ ਸੀ, ਤਾਂ ਉਸ ਦੀ ਸਖ਼ਤ ਜਵਾਬਦੇਹੀ ਉਨ੍ਹਾਂ ਅਧਿਕਾਰੀਆਂ ਅਤੇ ਕੰਪਨੀ ਸਿਰ ਤੈਅ ਹੋਣੀ ਚਾਹੀਦੀ ਸੀ, ਨਾ ਕਿ ਉਨ੍ਹਾਂ ਬੇਕਸੂਰ ਅਧਿਆਪਕਾਂ 'ਤੇ ਜਿਨ੍ਹਾਂ ਨੇ ਪੂਰੀ ਇਮਾਨਦਾਰੀ, ਮਿਹਨਤ ਅਤੇ ਯੋਗਤਾ ਦੇ ਆਧਾਰ 'ਤੇ ਪ੍ਰੀਖਿਆ ਪਾਸ ਕੀਤੀ ਸੀ, ਸਾਰੀਆਂ ਸ਼ਰਤਾਂ ਪੂਰੀਆਂ ਕੀਤੀਆਂ ਸਨ ਅਤੇ ਨਿਯੁਕਤੀ ਪੱਤਰ ਮਿਲਣ ਤੋਂ ਬਾਅਦ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਪੜ੍ਹਾਉਣਾ ਸ਼ੁਰੂ ਕਰ ਦਿੱਤਾ ਸੀ।

ਇਸ ਪੂਰੇ ਘਟਨਾਕ੍ਰਮ ਦਾ ਸਭ ਤੋਂ ਵੱਧ ਦੁਖਦਾਈ ਪੱਖ ਇਹ ਹੈ ਕਿ ਇਸ ਨਾਲ ਜੁੜੇ ਮਾਨਸਿਕ ਪਹਿਲੂ ਨੂੰ ਬਿਲਕੁਲ ਅਣਡਿੱਠ ਕੀਤਾ ਜਾ ਰਿਹਾ ਹੈ। ਜਦੋਂ ਇੱਕ ਪੜ੍ਹਿਆ-ਲਿਖਿਆ ਨੌਜਵਾਨ ਮਾਸਟਰ ਕਾਡਰ ਅਧਿਆਪਕ ਬਣਦਾ ਹੈ, ਤਾਂ ਉਸ ਦੇ ਨਾਲ ਕੇਵਲ ਉਸ ਦਾ ਆਪਣਾ ਹੀ ਨਹੀਂ, ਸਗੋਂ ਪੂਰੇ ਪਰਵਾਰ ਅਤੇ ਰਿਸ਼ਤੇਦਾਰਾਂ ਦੀਆਂ ਉਮੀਦਾਂ ਦਾ ਭਾਰ ਜੁੜ ਜਾਂਦਾ ਹੈ। ਪੰਜਾਬ ਦੇ ਮੱਧ ਵਰਗੀ ਅਤੇ ਗ਼ਰੀਬ ਪਰਵਾਰਾਂ ਵਿੱਚ ਬੱਚਿਆਂ ਨੂੰ ਪੜ੍ਹਾਉਣ ਲਈ ਮਾਪੇ ਆਪਣੀ ਜ਼ਿੰਦਗੀ ਦੀ ਸਾਰੀ ਪੂੰਜੀ ਲਗਾ ਦਿੰਦੇ ਹਨ। ਕਈ ਨੌਜਵਾਨਾਂ ਨੇ ਨੌਕਰੀ ਮਿਲਣ ਦੀ ਖ਼ੁਸ਼ੀ ਵਿੱਚ ਆਪਣੇ ਸਿਰ ਚੜ੍ਹੇ ਕਰਜ਼ੇ ਨੂੰ ਲਾਹੁਣ ਦੀਆਂ ਵਿਉਂਤਾਂ ਬਣਾਈਆਂ ਹੁੰਦੀਆਂ ਹਨ, ਕਈਆਂ ਨੇ ਆਪਣੇ ਜਾਂ ਆਪਣੇ ਛੋਟੇ ਭੈਣ-ਭਰਾਵਾਂ ਦੇ ਵਿਆਹ-ਸ਼ਾਦੀ ਦੇ ਕਾਰਜ ਤੈਅ ਕੀਤੇ ਹੁੰਦੇ ਹਨ ਅਤੇ ਕਈ ਆਪਣੇ ਬੁੱਢੇ ਮਾਪਿਆਂ ਦੀਆਂ ਦਵਾਈਆਂ ਅਤੇ ਬਿਮਾਰੀਆਂ ਦੇ ਇਲਾਜ ਦਾ ਇਕੱਲਾ ਸਹਾਰਾ ਬਣੇ ਹੁੰਦੇ ਹਨ। ਇੱਕ ਝਟਕੇ ਵਿੱਚ ਜਦੋਂ ਨੌਕਰੀ ਤੋਂ ਬਰਖ਼ਾਸਤ ਕੀਤੇ ਜਾਣ ਦਾ ਫ਼ਰਮਾਨ ਜਾਰੀ ਹੁੰਦਾ ਹੈ, ਤਾਂ ਇਹ ਸਾਰੇ ਸੁਪਨੇ ਅਤੇ ਉਮੀਦਾਂ ਇੱਕੋ ਸਕਿੰਟ ਵਿੱਚ ਤਾਸ਼ ਦੇ ਪੱਤਿਆਂ ਵਾਂਗ ਖਿੱਲਰ ਜਾਂਦੀਆਂ ਹਨ।

ਅਜਿਹੇ ਸਮੇਂ ਵਿੱਚ ਪੀੜਤ ਵਿਅਕਤੀ ਨੂੰ ਜਿੱਥੇ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਹੀ ਉਸ ਨੂੰ ਭਾਰੀ ਸਮਾਜਿਕ ਨਮੋਸ਼ੀ ਅਤੇ ਮਾਨਸਿਕ ਪ੍ਰੇਸ਼ਾਨੀ ਵਿੱਚੋਂ ਵੀ ਗੁਜ਼ਰਨਾ ਪੈਂਦਾ ਹੈ। ਸਮਾਜ ਵਿੱਚ ਜਿੱਥੇ ਪਹਿਲਾਂ ਉਸ ਨੂੰ ਇੱਜ਼ਤ ਦੀ ਨਜ਼ਰ ਨਾਲ ਦੇਖਿਆ ਜਾਂਦਾ ਸੀ, ਉੱਥੇ ਹੀ ਹੁਣ ਆਂਢ-ਗੁਆਂਢ, ਜਾਣ-ਪਛਾਣ ਵਾਲਿਆਂ ਅਤੇ ਰਿਸ਼ਤੇਦਾਰਾਂ ਦੇ ਅਜੀਬੋ-ਗ਼ਰੀਬ ਸਵਾਲਾਂ ਦੇ ਜਵਾਬ ਦੇਣੇ ਪੈਂਦੇ ਹਨ।

ਕਈ ਵਾਰ ਇਹ ਮਾਨਸਿਕ ਪੀੜਾ ਏਨੀ ਜ਼ਿਆਦਾ ਗੰਭੀਰ ਅਤੇ ਅਸਹਿ ਹੋ ਜਾਂਦੀ ਹੈ ਕਿ ਵਿਅਕਤੀ ਡੂੰਘੇ ਡਿਪਰੈਸ਼ਨ, ਮਾਨਸਿਕ ਬੇਚੈਨੀ ਅਤੇ ਘਬਰਾਹਟ ਵਰਗੀਆਂ ਗੰਭੀਰ ਸਮੱਸਿਆਵਾਂ ਦੀ ਗ੍ਰਿਫ਼ਤ ਵਿੱਚ ਆ ਜਾਂਦਾ ਹੈ। ਘਰ ਦਾ ਮਾਹੌਲ ਤਣਾਅਪੂਰਨ ਹੋ ਜਾਂਦਾ ਹੈ, ਜਿਸ ਦਾ ਮਾੜਾ ਅਸਰ ਛੋਟੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ 'ਤੇ ਵੀ ਪੈਂਦਾ ਹੈ। ਰੋਜ਼ੀ-ਰੋਟੀ ਖੁਸਣ ਦਾ ਡਰ ਇਨਸਾਨ ਦੀ ਸੋਚਣ ਅਤੇ ਸਮਝਣ ਦੀ ਸ਼ਕਤੀ ਨੂੰ ਖੁੰਡਾ ਕਰ ਦਿੰਦਾ ਹੈ।

ਇਨ੍ਹਾਂ 253 ਅਧਿਆਪਕਾਂ ਨੇ ਵੀ ਕੋਈ ਰਾਤੋ-ਰਾਤ ਨੌਕਰੀ ਪ੍ਰਾਪਤ ਨਹੀਂ ਸੀ ਕੀਤੀ। ਇਸ ਮੁਕਾਮ ਤੱਕ ਪਹੁੰਚਣ ਲਈ ਉਨ੍ਹਾਂ ਨੇ ਪਹਿਲਾਂ ਸਾਲਾਂਬੱਧੀ ਦਿਨ-ਰਾਤ ਇੱਕ ਕਰਕੇ ਪੜ੍ਹਾਈ ਕੀਤੀ ਸੀ, ਇਮਤਿਹਾਨ ਦਿੱਤੇ ਸਨ ਅਤੇ ਫਿਰ ਨੌਕਰੀ ਲੈਣ ਲਈ ਪੰਜਾਬ ਦੀਆਂ ਸੜਕਾਂ 'ਤੇ ਠੰਢ, ਗਰਮੀ ਅਤੇ ਮੀਂਹ ਵਿੱਚ ਲੰਬੇ ਧਰਨੇ ਲਗਾਏ ਸਨ, ਪੁਲਸ ਦੀਆਂ ਲਾਠੀਆਂ ਅਤੇ ਡਾਂਗਾਂ ਖਾਧੀਆਂ ਸਨ ਅਤੇ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕੀਤਾ ਸੀ। ਉਸ ਲੰਮੇ ਅਤੇ ਥਕਾ ਦੇਣ ਵਾਲੇ ਸੰਘਰਸ਼ ਤੋਂ ਬਾਅਦ ਜਦੋਂ ਉਨ੍ਹਾਂ ਨੂੰ ਲੱਗਿਆ ਕਿ ਹੁਣ ਉਨ੍ਹਾਂ ਦੀ ਜ਼ਿੰਦਗੀ ਇੱਕ ਸਹੀ ਲੀਹ 'ਤੇ ਆ ਗਈ ਹੈ ਅਤੇ ਉਹ ਆਪਣੀ ਮਿਹਨਤ ਦੀ ਰੋਟੀ ਕਮਾਉਂਦੇ ਹੋਏ ਦੇਸ਼ ਅਤੇ ਸਮਾਜ ਦੇ ਭਵਿੱਖ ਯਾਨੀ ਵਿਦਿਆਰਥੀਆਂ ਨੂੰ ਸਿ

ਨਾਨਕ ਸਾਈਂ ਫਾਊਂਡੇਸ਼ਨ ਦੀ ਘੁਮਾਣ ਸਦਭਾਵਨਾ ਯਾਤਰਾ ਬਣੀ ਰਾਸ਼ਟਰੀ ਏਕਤਾ ਦਾ ਪ੍ਰਤੀਕ

ਹਜ਼ੂਰ ਸਾਹਿਬ ਨਾਂਦੇੜ ਤੋਂ ਪੰਜਾਬ ਦੇ ਘੁਮਾਣ ਦੀ ਯਾਤਰਾ ਮਹਾਰਾਸ਼ਟਰ-ਪੰਜਾਬ ਸਬੰਧਾਂ 'ਚ ਸ਼ਰਧਾ, ਪਿਆਰ ਤੇ ਭਾਈਚਾਰੇ ਦਾ ਸੰਦੇਸ਼ : ਬੋਕਾਰੇ



ਮੋਗਾ (ਇਕਬਾਲ ਸਿੰਘ ਖਹਿਰਾ)-ਸੰਤ ਸ਼੍ਰੋਮਣੀ ਨਾਮਦੇਵ ਮਹਾਰਾਜ ਦੀ ਭਗਤੀ ਪਰੰਪਰਾ ਨੂੰ ਅੱਗੇ ਵਧਾਉਂਦੀ ਅਤੇ ਮਹਾਰਾਸ਼ਟਰ ਤੇ ਪੰਜਾਬ ਵਿਚਕਾਰ ਧਾਰਮਿਕ, ਸੱਭਿਆਚਾਰਕ ਤੇ ਸਮਾਜਿਕ ਸਬੰਧਾਂ ਨੂੰ ਮਜ਼ਬੂਤ ?ਕਰਦੀ ਘੁਮਾਣ ਸਦਭਾਵਨਾ ਯਾਤਰਾ ਅੱਜ ਰਾਸ਼ਟਰੀ ਏਕਤਾ ਦਾ ਪ੍ਰਤੀਕ ਬਣ ਰਹੀ ਹੈ।ਨਾਨਕ ਸਾਈਂ ਫਾਊਂਡੇਸ਼ਨ ਦੇ ਚੇਅਰਮੈਨ ਪੰਧਾਰੀਨਾਥ ਬੋਕਾਰੇ ਦੇ ਦ੍ਰਿਸ਼ਟੀਕੋਣ ਨਾਲ 2015 ਵਿੱਚ ਸ਼ੁਰੂ ਕੀਤੀ ਗਈ ਇਹ ਯਾਤਰਾ ਇਸ ਸਾਲ ਆਪਣੇ 12ਵੇਂ ਸਾਲ ਵਿੱਚ ਪ੍ਰਵੇਸ਼ ਕਰ ਗਈ ਹੈ।ਸੈਂਕੜੇ ਸ਼ਰਧਾਲੂਆਂ ਦੀ ਭਾਗੀਦਾਰੀ ਨਾਲ, ਪਿਆਰ, ਸਦਭਾਵਨਾ ਤੇ ਮਨੁੱਖਤਾ ਦੀ ਇਹ ਪਰੰਪਰਾ ਵਧਦੀ ਰਹਿੰਦੀ ਹੈ।15 ਤੋਂ 25 ਨਵੰਬਰ ਤੱਕ ਆਯੋਜਿਤ, ਇਹ ਯਾਤਰਾ ਸ਼ਰਧਾਲੂਆਂ ਨੂੰ ਪੰਜਾਬ ਦੇ ਵੱਖ-ਵੱਖ ਧਾਰਮਿਕ ਤੇ ਸੈਰ-ਸਪਾਟਾ ਸਥਾਨਾਂ 'ਤੇ ਲੈ ਜਾਂਦੀ ਹੈ, ਜਿਸ ਵਿੱਚ ਸੰਤ ਨਾਮਦੇਵ ਮਹਾਰਾਜ ਦੇ ਕਾਰਜ ਨਾਲ ਜੁੜੇ ਇਤਿਹਾਸਕ ਸਥਾਨ ਵੀ ਸ਼ਾਮਲ ਹਨ।ਬਠਿੰਡਾ ਕਿਲ੍ਹਾ, ਮੋਗਾ ਜ਼ਿਲ੍ਹੇ ਦੇ ਪਿੰਡ ਬਡੂਵਾਲ ਤੇ ਡੇਰਾ ਗੇਦੀ ਰਾਮ ਵਿਖੇ ਦਰਸ਼ਨ ਕੀਤੇ ਪਰਜੀਆਂ ਪਿੰਡ, ਅੰਮ੍ਰਿਤਸਰ ਦਾ ਸੁਨਹਿਰੀ ਮੰਦਿਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ, ਭਾਖੜਾ ਨੰਗਲ ਡੈਮ, ਨੈਣਾ ਦੇਵੀ, ਕੁਰੂਕਸ਼ੇਤਰ ਤੇ ਦਿੱਲੀ ਗੇਟ ਸਮੇਤ ਕਈ ਥਾਵਾਂ ਦਾ ਦੌਰਾ ਕਰਕੇ, ਸ਼ਰਧਾਲੂ ਇਤਿਹਾਸ, ਅਧਿਆਤਮਿਕਤਾ, ਸੱਭਿਆਚਾਰ ਤੇ ਦੇਸ਼ ਭਗਤੀ ਦੇ ਇੱਕ ਵਿਲੱਖਣ ਮਿਸ਼ਰਣ ਦਾ ਅਨੁਭਵ ਕਰ ਰਹੇ ਹਨ।ਸਿੱਖ ਭਰਾਵਾਂ ਦੀ ਮਹਿਮਾਨ ਨਿਵਾਜ਼ੀ ਤੋਂ ਪ੍ਰਭਾਵਿਤ ਸ਼ਰਧਾਲੂ ਘੁਮਾਣ ਸਦਭਾਵਨਾ ਯਾਤਰਾ ਦਾ ਸਭ ਤੋਂ ਖਾਸ ਪਹਿਲੂ ਪੰਜਾਬ ਦੇ ਸਿੱਖ ਭਰਾਵਾਂ ਦੁਆਰਾ ਦਿੱਤਾ ਗਿਆ ਪਿਆਰ, ਸਨੇਹ ਤੇ ਸਤਿਕਾਰ ਹੈ।ਨਾਂਦੇੜ ਵਿੱਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਆਉਣ ਵਾਲੇ ਸ਼ਰਧਾਲੂਆਂ ਦਾ ਪੰਜਾਬ ਭਰ ਦੇ ਗੁਰਦੁਆਰਿਆਂ, ਪਿੰਡਾਂ ਤੇ ਧਾਰਮਿਕ ਸਥਾਨਾਂ 'ਤੇ ਨਿੱਘਾ ਸਵਾਗਤ ਕੀਤਾ ਜਾਂਦਾ ਹੈ।ਗੁਰਦੁਆਰਿਆਂ ਵਿੱਚ ਲੰਗਰ (ਭੂਮੀ ਸੇਵਾ) ਸਮਾਨਤਾ, ਭਾਈਚਾਰੇ ਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦਾ ਹੈ, ਜਿਸ ਨਾਲ ਸ਼ਰਧਾਲੂ ਸਿੱਖ ਧਰਮ ਵਿੱਚ ਨਿਹਿਤ ਸੇਵਾ ਦੀ ਭਾਵਨਾ ਨੂੰ ਖੁਦ ਅਨੁਭਵ ਕਰ ਸਕਦੇ ਹਨ।

ਪੰਜਾਬ ਦੇ ਪਰਜੀਆਂ ਪਿੰਡ ਵਿੱਚ, ਘੁਮਾਣ ਯਾਤਰਾ 'ਤੇ ਆਉਣ ਵਾਲੇ ਸ਼ਰਧਾਲੂਆਂ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਜਾਂਦਾ ਹੈ।ਪਿੰਡ ਦੇ ਸਿੱਖ ਭਰਾ ਸ਼ਰਧਾਲੂਆਂ ਨੂੰ ਆਪਣੇ ਘਰਾਂ ਵਿੱਚ ਰਹਿਣ ਤੇ ਉਨ੍ਹਾਂ ਨਾਲ ਪਿਆਰ ਤੇ ਮਹਿਮਾਨ ਨਿਵਾਜ਼ੀ ਨਾਲ ਪੇਸ਼ ਆਉਣ ਦਾ ਸੱਦਾ ਦਿੰਦੇ ਹਨ, ਜਿਵੇਂ ਕਿ ਪਰਿਵਾਰ ਦੇ ਮੈਂਬਰ ਵੱਖ-ਵੱਖ ਭਾਸ਼ਾਵਾਂ, ਖੇਤਰਾਂ ਤੇ ਸੱਭਿਆਚਾਰਾਂ ਦੇ ਬਾਵਜੂਦ, ਮਨੁੱਖਤਾ ਦੇ ਬੰਧਨ ਸਾਰਿਆਂ ਨੂੰ ਆਪਸ ਵਿੱਚ ਬੰਨ੍ਹਦੇ ਹਨ।ਇਹ ਅਨੁਭਵ ਹਮੇਸ਼ਾ ਸ਼ਰਧਾਲੂਆਂ ਦੇ ਦਿਲਾਂ ਵਿੱਚ ਉੱਕਰਿਆ ਰਹਿੰਦਾ ਹੈ।ਸੰਤ ਨਾਮਦੇਵ ਮਹਾਰਾਜ ਦੇ ਵਿਚਾਰਾਂ ਨੇ ਮਹਾਰਾਸ਼ਟਰ ਤੇ ਪੰਜਾਬ ਨੂੰ ਜੋੜਿਆ।

ਸੰਤ ਨਾਮਦੇਵ ਮਹਾਰਾਜ ਦੇ ਠਹਿਰਨ ਕਾਰਨ ਪੰਜਾਬ ਵਿੱਚ ਘੁੰਮਣ ਦਾ ਇਤਿਹਾਸਕ ਤੇ ਅਧਿਆਤਮਿਕ ਮਹੱਤਵ ਹੈ।ਸੰਤ ਨਾਮਦੇਵ ਮਹਾਰਾਜ ਨੇ ਆਪਣੇ ਅਭੰਗਾਂ ਰਾਹੀਂ ਦੇਸ਼ ਭਰ ਵਿੱਚ ਸ਼ਰਧਾ, ਸਮਾਨਤਾ, ਪਿਆਰ ਤੇ ਮਨੁੱਖਤਾ ਦਾ ਸੰਦੇਸ਼ ਫੈਲਾਇਆ।ਉਨ੍ਹਾਂ ਦੀਆਂ ਰਚਨਾਵਾਂ ਸਿੱਖ ਧਰਮ ਦੇ ਪਵਿੱਤਰ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਹਨ, ਜਿਸ ਨਾਲ ਮਹਾਰਾਸ਼ਟਰ ਦੀ ਵਾਰਕਰੀ ਪ੍ਰੰਪਰਾ ਤੇ ਪੰਜਾਬ ਦੀ ਸਿੱਖ ਪ੍ਰੰਪਰਾ ਵਿਚਕਾਰ ਸਦੀਆਂ ਪੁਰਾਣਾ ਅਧਿਆਤਮਕ ਬੰਧਨ ਸਥਾਪਤ ਹੋਇਆ ਹੈ।ਇਸ ਇਤਿਹਾਸਕ ਬੰਧਨ ਨੂੰ ਘੁਮਾਣ ਸਦਭਾਵਨਾ ਯਾਤਰਾ ਰਾਹੀਂ ਖੁਦ ਅਨੁਭਵ ਕੀਤਾ ਜਾ ਸਕਦਾ ਹੈ।ਇਹ ਯਾਤਰਾ ਧਾਰਮਿਕ ਸੈਰ-ਸਪਾਟੇ ਤੱਕ ਸੀਮਿਤ ਨਹੀਂ ਹੈ, ਸਗੋਂ ਸੰਤ ਨਾਮਦੇਵ ਮਹਾਰਾਜ ਦੁਆਰਾ ਪੰਜਾਬ ਵਿੱਚ ਕੀਤੇ ਗਏ ਕਾਰਜਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ, ਉਨ੍ਹਾਂ ਨੂੰ ਮਹਾਰਾਸ਼ਟਰ ਤੇ ਪੰਜਾਬ ਵਿਚਕਾਰ ਇਤਿਹਾਸਕ ਸਬੰਧਾਂ ਤੋਂ ਜਾਣੂ ਕਰਵਾਉਣ, ਵੱਖ-ਵੱਖ ਧਰਮਾਂ ਵਿੱਚ ਆਪਸੀ ਸਤਿਕਾਰ ਨੂੰ ਉਤਸ਼ਾਹਤ ਕਰਨ ਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ?ਕਰਨ ਲਈ ਇੱਕ ਮਹੱਤਵਪੂਰਨ ਮਾਧਿਅਮ ਬਣ ਰਹੀ ਹੈ।ਯਾਤਰਾ ਦਾ ਅਸਲ ਉਦੇਸ਼ ਲੋਕਾਂ ਨੂੰ ਇਕਜੁੱਟ ਕਰਨਾ ਹੈ ਨਾਨਕ ਸਾਈਂ ਫਾਊਂਡੇਸ਼ਨ ਦੇ ਚੇਅਰਮੈਨ ਪੰਧਾਰੀਨਾਥ ਬੋਕਾਰੇ ਨੇ ਕਿਹਾ, 'ਸੰਤ ਨਾਮਦੇਵ ਮਹਾਰਾਜ ਨੇ ਸੈਂਕੜੇ ਸਾਲ ਪਹਿਲਾਂ ਆਪਣੀ ਸ਼ਰਧਾ ਤੇ ਵਿਚਾਰਾਂ ਰਾਹੀਂ ਮਹਾਰਾਸ਼ਟਰ ਤੇ ਪੰਜਾਬ ਨੂੰ ਇਕਜੁੱਟ ਕੀਤਾ ਸੀ।ਇਸ ਇਤਿਹਾਸਕ ਤੇ ਅਧਿਆਤਮਕ ਬੰਧਨ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ, ਘੁਮਾਣ ਸਦਭਾਵਨਾ ਯਾਤਰਾ ਦੀ ਧਾਰਨਾ ਨੂੰ 2015 ਵਿੱਚ ਨਾਨਕ ਸਾਈਂ ਫਾਊਂਡੇਸ਼ਨ ਰਾਹੀਂ ਸਾਕਾਰ ਕੀਤਾ ਗਿਆ ਸੀ।ਇਸ ਯਾਤਰਾ ਦਾ ਅਸਲ ਉਦੇਸ਼ ਧਾਰਮਿਕ, ਭਾਸ਼ਾਈ ਤੇ ਖੇਤਰੀ ਸੀਮਾਵਾਂ ਤੋਂ ਪਾਰ ਲੋਕਾਂ ਨੂੰ ਇਕਜੁੱਟ ਕਰਨਾ ਤੇ ਉਨ੍ਹਾਂ ਵਿੱਚ ਪਿਆਰ, ਵਿਸ਼ਵਾਸ ਤੇ ਸਦਭਾਵਨਾ ਨੂੰ ਉਤਸ਼ਾਹਤ ਕਰਨਾ ਹੈ।' ਇਸ ਯਾਤਰਾ ਦੌਰਾਨ ਗੰਗਾਧਰ ਪੰਚਾਲ, ਵਯੰਕਟੇਸ਼ ਚੌਧਰੀ, ਅਰੁਣ ਅਤਨੁਰੇ, ਸੰਜੇ ਕਦਮ, ਸਚਿਨ ਸ਼ਿੰਗਾਰੇ, ਜਗਦੀਸ਼ ਪ੍ਰਸਾਦ, ਪ੍ਰਫੁੱਲ ਬੋਕਾਰੇ, ਡਾ. ਗਜਾਨਨ ਦੇਵਕਰ, ਸ਼੍ਰੀਮਤੀ ਅਸ਼ਵਿਨੀ ਦੇਵਕਰ, ਸ਼੍ਰੇਅਸ ਬੋਕਾਰੇ, ਤੇਜਸ ਬੋਕਾਰੇ, ਰਾਜੇਸ਼ ਮੁਖੇਦਕਰ, ਦੱਤਾਤ੍ਰੇ ਜਾਧਵ, ਦਿਲੀਪ ਪੰਧਰਪੁਰਕਰ, ਦੀਪਾ ਪੰਧਰਪੁਰਕਰ, ਸੁਨੰਦਾ ਰੌਂਜ, ਗੋਦਾਵਰੀ ਭੌਸਲੇ, ਰਾਜੇਸ਼ ਕਾਲੇ, ਮਨੀਸ਼ਾ ਕਾਲੇ, ਨਰਾਇਣ ਵਾਡੀਕਰ, ਅਨੁਸਯਾ ਵਾਡੀਕਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਾਰਾਸ ਦੇ ਸ਼ਰਧਾਲੂ ਹਾਜ਼ਰ ਸਨ।

ਝੋਨੇ ਦੀ ਖਰੀਦ ਨਾ ਹੋਣ 'ਤੇ ਕਿਸਾਨਾਂ ਵੱਲੋਂ ਐੱਸ ਡੀ ਐੱਮ ਦਫ਼ਤਰ ਅੱਗੇ ਰੋਸ ਧਰਨਾ



ਬੁਢਲਾਡਾ (ਅਸ਼ੋਕ ਲਾਕੜਾ)

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਦੀ ਮੰਗ ਨੂੰ ਲੈ ਕੇ ਐੱਸ.ਡੀ.ਐੱਮ. ਦਫ਼ਤਰ ਬੁਢਲਾਡਾ ਅੱਗੇ ਜ਼ੋਰਦਾਰ ਰੋਸ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ, ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਜ਼ਿਲ੍ਹਾ ਖਜ਼ਾਨਚੀ ਦੇਵੀਰਾਮ ਰੰਘੜਿਆਲ, ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਤੇ ਬਲਾਕ ਆਗੂ ਤੇਜਰਾਮ ਅਹਿਮਦਪੁਰ, ਬਲਾਕ ਖਜ਼ਾਨਚੀ ਜਗਜੀਵਨ ਸਿੰਘ ਹਸਨਪੁਰ ਤੇ ਮੇਲਾ ਸਿੰਘ ਦਿਆਲਪੁਰਾ, ਗੁਰਮੇਲ ਸਿੰਘ ਜਲਵੇੜਾ ਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਕੁਲਦੀਪ ਸਿੰਘ ਚੱਕ ਭਾਈਕੇ ਨੇ ਪ੍ਰਸ਼ਾਸਨ ਤੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਖ਼ਤ ਰੋਸ ਪ੍ਰਗਟ ਕੀਤਾ।ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਝੋਨੇ ਦੀ ਫ਼ਸਲ ਲੈ ਕੇ ਬੈਠਿਆਂ 10 ਤੋਂ 12 ਦਿਨ ਬੀਤ ਚੁੱਕੇ ਹਨ, ਪਰ ਅਜੇ ਤੱਕ ਉਨ੍ਹਾਂ ਦੇ ਝੋਨੇ ਦੀ ਬੋਲੀ ਨਹੀਂ ਲਗਾਈ ਗਈ, ਜਿਸ ਕਾਰਨ ਅੰਨਦਾਤਾ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੈ।ਕਿਸਾਨਾਂ ਦੇ ਵਧਦੇ ਰੋਹ ਨੂੰ ਦੇਖਦਿਆਂ ਐੱਸ.ਡੀ.ਐੱਮ. ਵੱਲੋਂ ਕਿਸਾਨ ਆਗੂਆਂ ਦੇ ਵਫ਼ਦ ਨੂੰ ਆਪਣੇ ਦਫ਼ਤਰ ਵਿੱਚ ਮੀਟਿੰਗ ਲਈ ਬੁਲਾਇਆ ਗਿਆ।ਮੀਟਿੰਗ ਦੌਰਾਨ ਐੱਸ.ਡੀ.ਐੱਮ. ਨੇ ਕਿਸਾਨ ਆਗੂਆਂ ਨੂੰ ਠੋਸ ਭਰੋਸਾ ਦਿਵਾਇਆ ਕਿ ਮੰਡੀਆਂ ਵਿੱਚ ਪਏ ਕਿਸਾਨਾਂ ਦੇ ਝੋਨੇ ਦਾ ਦਾਣਾ-ਦਾਣਾ ਜਲਦੀ ਹੀ ਖਰੀਦ ਲਿਆ ਜਾਵੇਗਾ ਤੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਪ੍ਰਸ਼ਾਸਨ ਦੇ ਇਸ ਭਰੋਸੇ ਤੋਂ ਬਾਅਦ ਕਿਸਾਨ ਆਗੂਆਂ ਵੱਲੋਂ ਅੱਜ ਦਾ ਰੋਸ ਧਰਨਾ ਸਮਾਪਤ ਕਰਨ ਦਾ ਐਲਾਨ ਕੀਤਾ ਗਿਆ।ਇਸ ਦੇ ਨਾਲ ਹੀ ਯੂਨੀਅਨ ਆਗੂਆਂ ਨੇ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਝੋਨੇ ਦੀ ਖਰੀਦ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਵਰਤੀ ਗਈ ਜਾਂ ਵਾਅਦਾ ਪੂਰਾ ਨਾ ਕੀਤਾ ਗਿਆ, ਤਾਂ ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਸਤਪਾਲ ਪੂਨੀਆ ਵੱਲੋਂ ਫਤਿਹ ਰੈਲੀ ਭਲਕੇ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸਨੌਰ ਦੀ ਅਨਾਜ ਮੰਡੀ 'ਚ ਸਤਪਾਲ ਪੂਨੀਆ ਵੱਲੋਂ 21 ਨਵੰਬਰ ਨੂੰ ਵਿਸ਼ਾਲ ਫਤਿਹ ਰੈਲੀ ਕਰਵਾਈ ਜਾ ਰਹੀ, ਜਿਸ ਨੂੰ ਹਰਿਆਣਾ ਦੇ ਮੁੱਖ ਮੰਤਰੀ ਸ. ਨਾਇਬ ਸਿੰਘ ਸੈਣੀ ਸੰਬੋਧਨ ਕਰਨਗੇ।ਫਤਿਹ ਰੈਲੀ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ 'ਤੇ ਹਨ।ਸਤਪਾਲ ਪੂਨੀਆ ਨੇ ਸਨੌਰ ਹਲਕੇ ਦੇ ਸਾਰੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਲਕੇ ਵੱਧ ਤੋਂ ਵੱਧ ਗਿਣਤੀ 'ਚ ਫਤਿਹ ਰੈਲੀ ਵਿੱਚ ਪਹੁੰਚਣ ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਵਿਚਾਰ ਸੁਣਨ।

ਨਛੱਤਰ ਸਿੰਘ ਅਰਾਈਂਮਾਜਰਾ ਵੱਲੋਂ ਕੈਂਪ ਦਾ ਉਦਘਾਟਨ




ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬਜ਼ ਇੰਨਰਨੈਸ਼ਨਲ ਘੱਗਾ ਵੱਲੋਂ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਓਪਰੇਸ਼ਨ ਕੈਂਪ ਦਾ ਆਯੋਜਨ ਸਮਾਧ ਬਾਬਾ ਚੇਤਨ ਦਾਸ ਘੱਗਾ ਵਿਖੇ ਕੀਤਾ ਗਿਆ।ਕੈਂਪ ਦਾ ਉਦਘਾਟਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਨਛੱਤਰ ਸਿੰਘ ਅਰਾਈਂਮਾਜਰਾ ਵੱਲੋਂ ਕੀਤਾ ਗਿਆ।ਕੈਂਪ ਵਿੱਚ ਲਾਇਨਜ਼ ਕਲੱਬ ਹਸਪਤਾਲ ਪਾਤੜਾਂ (ਨਿਆਲ) ਦੇ ਮਾਹਰ ਡਾਕਟਰਾਂ ਦੀ ਟੀਮ ਨੇ ਪਹੁੰਚ ਕੇ ਮਰੀਜ਼ਾਂ ਦਾ ਚੈੱਕਅਪ ਕੀਤਾ।ਕਲੱਬ ਦੇ ਪ੍ਰਧਾਨ ਲਾਇਨ ਪ੍ਰਿੰਸ ਕੁਮਾਰ ਪ੍ਰਧਾਨ ਤੇ ਲਾਇਨ ਸਕੱਤਰ ਵਿਕਰਮਜੀਤ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋੜਵੰਦ ਮਰੀਜ਼ਾਂ ਨੇ ਪਹੁੰਚ ਕੇ ਆਪਣੀਆਂ ਅੱਖਾਂ ਦਾ ਚੈੱਕਅਪ ਕਰਵਾਇਆ, ਜਿਸ ਦੌਰਾਨ ਮਾਹਰ ਡਾਕਟਰਾਂ ਵੱਲੋਂ ਜਿਨ੍ਹਾਂ ਮਰੀਜ਼ਾਂ ਦੀ ਚੋਣ ਅੱਖਾਂ ਦੇ ਆਪ੍ਰੇਸ਼ਨਾਂ ਲਈ ਕੀਤੀ ਗਈ ਹੈ, ਉਨ੍ਹਾਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਲੈਂਜ਼ ਲਾਈਨਜ਼ ਆਈ ਹਸਪਤਾਲ ਪਾਤੜਾਂ ਵਿਖੇ ਪਾਏ ਜਾਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਖਜ਼ਾਨਚੀ ਅਮਨਦੀਪ ਸਿੰਘ, ਸੋਮਰਾਜ ਸਿੰਗਲਾ ਆਦਿ ਹਾਜ਼ਰ ਸਨ।

ਕਾਤਰਾਂ

ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਦੰਦਾਂ ਦਾ ਜਾਂਚ ਕੈਂਪ ਲੱਗਾ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਜਲਾਲਾਬਾਦ ਖੇਤਰ ਦੇ ਪਿੰਡ ਚੱਕ ਸੈਦੋ ਕੇ ਸਥਿਤ ਗੁਰਦੁਆਰਾ ਸ਼ਹੀਦ ਸਿੰਘ ਵਿਖੇ ਦੰਦਾਂ ਦੀ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 100 ਤੋਂ ਵੱਧ ਲੋਕਾਂ ਦੇ ਦੰਦਾਂ ਅਤੇ ਮੂੰਹ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਸੁਵਾਂਸ਼ ਅਤੇ ਡਾ. ਜਤਿਨ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਦੰਦਾਂ ਦੀ ਸਫ਼ਾਈ, ਸਹੀ ਦੇਖਭਾਲ ਅਤੇ ਮੂੰਹ ਦੀ ਸਿਹਤ ਸਬੰਧੀ ਜ਼ਰੂਰੀ ਜਾਣਕਾਰੀ ਦਿੱਤੀ। ਕੈਂਪ ਦੇ ਆਯੋਜਨ ਵਿੱਚ ਗੁਰਦੁਆਰਾ ਸਾਹਿਬ ਦੇ ਬਾਬਾ ਬਲਜੀਤ ਸਿੰਘ, ਸੁਖਚੈਨ ਸਿੰਘ ਅਤੇ ਹਮੀਰ ਸਿੰਘ ਦਾ ਸਹਿਯੋਗ ਰਿਹਾ। ਇਸ ਦੇ ਨਾਲ ਹੀ ਕਾਲਜ ਦੇ ਪੀ ਆਰ ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਵੀ ਕੈਂਪ ਵਿੱਚ ਸਹਿਯੋਗ ਦਿੱਤਾ।

ਸੜਕ ਹਾਦਸੇ 'ਚ ਮਹਿਲਾ ਅਸਿਸਟੈਂਟ ਪ੍ਰੋਫੈਸਰ ਦੀ ਮੌਤ



ਮਲੋਟ (ਰਜਿੰਦਰ ਜੁਨੇਜਾ)-ਮਲੋਟ-ਡੱਬਵਾਲੀ ਮੁੱਖ ਮਾਰਗ 'ਤੇ ਸਥਿਤ ਪਿੰਡ ਅਬੁਲ ਖੁਰਾਣਾ ਨੇੜੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਮਹਿਲਾ ਅਸਿਸਟੈਂਟ ਪ੍ਰੋਫੈਸਰ ਦੀ ਮੌਤ ਹੋ ਗਈ।ਮ੍ਰਿਤਕਾ ਦੀ ਪਛਾਣ ਸੁਖਪ੍ਰੀਤ ਕੌਰ ਵਜੋਂ ਹੋਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬੁੱਧਵਾਰ ਸ਼ਾਮ ਨੂੰ ਅਸਿਸਟੈਂਟ ਪ੍ਰੋਫੈਸਰ ਸੁਖਪ੍ਰੀਤ ਕੌਰ ਆਪਣੇ ਪੇਕੇ ਪਿੰਡ ਦਿਓਣ ਖੇੜਾ ਜਾਣ ਲਈ ਪਿੰਡ ਅਬੁਲ ਖੁਰਾਣਾ ਵਿਖੇ ਸੜਕ ਪਾਰ ਕਰ ਰਹੀ ਸੀ।ਇਸੇ ਦੌਰਾਨ ਇੱਕ ਤੇਜ਼ ਰਫ਼ਤਾਰ ਕਾਰ ਨੇ ਉਸ ਨੂੰ ਆਪਣੀ ਚਪੇਟ ਵਿੱਚ ਲੈ ਲਿਆ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪੁਲਸ ਪਾਰਟੀ ਤੁਰੰਤ ਮੌਕੇ 'ਤੇ ਪਹੁੰਚੀ ਤੇ ਜ਼ਖਮੀ ਹਾਲਤ ਵਿੱਚ ਸੁਖਪ੍ਰੀਤ ਕੌਰ ਨੂੰ ਇਲਾਜ ਲਈ ਮਲੋਟ ਦੇ ਸਿਵਲ ਹਸਪਤਾਲ ਵਿਖੇ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ

ਨੰਬਰਦਾਰਾਂ ਨੇ ਨਾਇਬ ਤਹਿਸੀਲਦਾਰ ਦਾ ਬੁੱਕੇ ਭੇਟ ਕਰਕੇ ਕੀਤਾ ਸਵਾਗਤ



ਜਗਰਾਉਂ (ਸੰਜੀਵ ਅਰੋੜਾ)-ਪੰਜਾਬ ਨੰਬਰਦਾਰਾ ਯੂਨੀਅਨ (ਰਜਿ: 643) ਤਹਿਸੀਲ ਜਗਰਾਉਂ ਦੇ ਪ੍ਰਧਾਨ ਰਵਿੰਦਰ ਸਿੰਘ ਢੋਲਣ ਅਤੇ ਸਮੂਹ ਨੰਬਰਦਾਰਾਂ ਨੇ ਨਵੇਂ ਆਏ ਨਾਇਬ ਤਹਿਸੀਲਦਾਰ ਰਮੇਸ਼ ਕੁਮਾਰ ਢੀਂਗਰਾ ਨੂੰ ਬੁੱਕੇ ਭੇਟ ਕਰਕੇ ਸਵਾਗਤ ਕੀਤਾ। ਇਸ ਮੌਕੇ ਢੀਂਗਰਾ ਨੇ ਨੰਬਰਦਾਰਾਂ ਦਾ ਧੰਨਵਾਦ ਕਰਦੇ ਕਿਹਾ ਕਿ ਨੰਬਰਦਾਰਾ ਦਾ ਦਫ਼ਤਰ ਵਿਚ ਪੂਰਾ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨੰਬਰਦਾਰ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਨੰਬਰਦਾਰਾਂ ਨੂੰ ਕੰਮ ਪ੍ਰਤੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਰਜਿਸਟਰੀ ਕਲਰਕ ਜਤਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਜਗਦੇਵ ਸਿੰਘ ਗੁਰੂਸਰ, ਜਨਰਲ ਸੈਕਟਰੀ ਬਲਵੀਰ ਸਿੰਘ ਸਵੱਦੀ, ਖਜ਼ਾਨਚੀ ਕੈਪਟਨ ਦਰਸ਼ਨ ਸਿੰਘ ਅਲੀਗੜ੍ਹ, ਕੁਲਵੰਤ ਸਿੰਘ ਰੂਮੀ, ਮਹਿੰਦਰਪਾਲ ਸਿੰਘ ਅਗਵਾੜ ਪੋਨਾ, ਸਿਮਰਨਜੀਤ ਸਿੰਘ ਡੱਲਾ, ਸਮਸ਼ੇਰ ਸਿੰਘ ਅਗਵਾੜ ਲੋਪੋ ਤੇ ਹਰਨੇਕ ਸਿੰਘ ਮਾਣੂੰਕੇ ਆਦਿ ਹਾਜ਼ਰ ਸਨ।

ਨਿਤਿਨ ਨਬੀਨ ਦਾ ਜਗਦੀਪ ਸਿੰਘ ਚੀਮਾ ਵੱਲੋਂ ਸਵਾਗਤ



ਫਤਿਹਗੜ੍ਹ ਸਾਹਿਬ/ਅਮਲੋਹ (ਪ੍ਰਮੋਦ ਭਾਰਦਵਾਜ)-ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਦੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਹਵਾਈ ਅੱਡਾ, ਆਦਮਪੁਰ (ਜਲੰਧਰ) ਵਿਖੇ ਪਹੁੰਚਣ 'ਤੇ ਭਾਜਪਾ ਦੇ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਅਤੇ ਭਾਜਪਾ ਪੰਜਾਬ ਦੇ ਸੀਨੀਅਰ ਆਗੂ ਤੇ ਹਲਕਾ ਅਮਲੋਹ ਤੋਂ ਜਗਦੀਪ ਸਿੰਘ ਚੀਮਾ ਵੱਲੋਂ ਨਿੱਘਾ ਅਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸ੍ਰੀ ਨਿਤਿਨ ਨਬੀਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਤਿਹਾਸਕ 'ਸਮਰਸਤਾ ਸੰਕਲਪ ਯਾਤਰਾ' ਦੀ ਸ਼ੁਰੂਆਤ ਕਰਨ ਲਈ ਪੰਜਾਬ ਪਹੁੰਚੇ ਹਨ। ਇਸ ਮੌਕੇ ਜਗਦੀਪ ਸਿੰਘ ਚੀਮਾ ਨੇ ਕਿਹਾ ਕਿ ਗੁਰੂਆਂ-ਪੀਰਾਂ ਦੀ ਪਵਿੱਤਰ ਧਰਤੀ ਪੰਜਾਬ ਵਿਖੇ ਕੌਮੀ ਪ੍ਰਧਾਨ ਦਾ ਆਗਮਨ ਅਤੇ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਯਾਤਰਾ ਦੀ ਸ਼ੁਰੂਆਤ ਬਹੁਤ ਮਹੱਤਵਪੂਰਨ ਹੈ।

ਪੰਜਾਬ 'ਚ ਅਮਨ ਕਾਨੂੰਨ ਦੀ ਵਿਵਸਥਾ ਬਦ ਤੋਂ ਬਦਤਰ : ਸੁਖਪ੍ਰੀਤ ਕੌਰ



ਸਮਰਾਲਾ (ਸੁਰਜੀਤ ਸਿੰਘ)-ਆਮ ਆਦਮੀ ਪਾਰਟੀ ਦੀ ਸਰਕਾਰ ਦੇ ਬੀਤੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੀ ਵਿੱਤੀ ਹਾਲਤ ਬੁਰੀ ਤਰਾਂ ਖਸਤਾ ਹੋ ਚੁੱਕੀ ਹੈ।ਇਸੇ ਤਰ੍ਹਾਂ ਸਰਕਾਰ ਹਰ ਫਰੰਟ 'ਤੇ ਨਾਕਾਮ ਸਾਬਿਤ ਹੋਈ ਹੈ।ਪੰਜਾਬ ਵਿੱਚ ਨਸ਼ਿਆਂ ਦੀ ਭਰਮਾਰ ਹੈ।ਸਰਕਾਰ ਦਾ ਯੁੱਧ ਨਸ਼ਿਆਂ ਵਿਰੁੱਧ ਮਹਿਜ਼ ਇੱਕ ਲੋਕ ਭਰਮਾਊ ਨਾਟਕ ਸਾਬਿਤ ਹੋ ਰਿਹਾ ਹੈ, ਕਿਉਂਕਿ ਨਸ਼ਾ ਅਸਾਨੀ ਨਾਲ ਉਪਲਬਧ ਹੋ ਰਿਹਾ ਹੈ, ਜਿਸ ਕਾਰਣ ਘਰਾਂ ਵਿੱਚ ਸੱਥਰ ਵਿਛ ਰਹੇ ਹਨ।ਇਹ ਵਿਚਾਰ ਏਥੇ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੀ ਪਤਨੀ ਤੇ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਸੁਖਪ੍ਰੀਤ ਕੌਰ ਢਿੱਲੋਂ ਨੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਦਿਨ ਦਿਹਾੜੇ ਸ਼ਰੇਆਮ ਕਤਲ, ਲੁੱਟਾਂ ਖੋਹਾਂ ਹੋ ਰਹੀਆਂ ਹਨ।ਗੈਂਗਸਟਰਾਂ ਦੇ ਵਧ ਰਹੇ ਹੌਸਲੇ ਕਾਰਨ ਆਮ ਲੋਕਾਂ ਦਾ ਦਿਨ ਵੇਲੇ ਵੀ ਘਰੋਂ ਬਾਹਰ ਨਿਕਲਣਾ ਬੰਦ ਹੋ ਚੁੱਕਾ ਹੈ।ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸਤਰੀਆਂ ਦੀ ਜਾਗਰੂਕਤਾ ਲਈ ਅਰੰਭੀ 'ਮਾਵਾਂ ਧੀਆਂ ਦੀ ਲਲਕਾਰ, ਬੰਦ ਕਰਾਵਾਂਗੇ ਨਸ਼ੇ ਦਾ ਵਪਾਰ' ਮੁਹਿੰਮ ਤਹਿਤ ਲੋਕ ਸਭਾ ਮੈਂਬਰ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਕਰਵਾਏ ਸਮਾਗਮ ਵਿੱਚ ਸਮਰਾਲਾ ਹਲਕੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀਆਂ ਮਾਵਾਂ-ਭੈਣਾਂ ਦੇ ਜੋਸ਼ ਨੂੰ ਦੇਖਦੇ ਹੋਏ ਕਿਹਾ ਕਿ ਇਹ ਸਪੱਸ਼ਟ ਹੋ ਚੁੱਕਿਆ ਹੈ ਕਿ ਘਰਾਂ ਵਿੱਚ ਨਿੱਤ ਦਿਹਾੜੇ ਵਿਛ ਰਹੇ ਸੱਥਰਾਂ ਤੋਂ ਤੰਗ ਹੋ ਕੇ ਹੁਣ ਪੰਜਾਬ ਦੀ ਇਸਤਰੀ ਸ਼ਕਤੀ ਜਾਗ ਪਈ ਹੈ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੇ ਕੋਰੇ ਝੂਠ ਨੂੰ ਨਕਾਰ ਕੇ ਇੱਕ ਬਦਲਾਅ ਲਈ ਲਾਮਬੰਦ ਹੋ ਜਾਣ ਤੇ ਮੁੜ ਪੰਜਾਬ ਦੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ ਵਿਚ ਲਿਆਉਣ, ਤਾਂ ਜੋ ਪੰਜਾਬ ਦੀ ਗੱਡੀ ਮੁੜ ਵਿਕਾਸ ਦੇ ਰਾਹ 'ਤੇ ਤੁਰ ਪਵੇ।

ਨਿਗਮ ਚੋਣਾਂ ਲੜ ਰਹੇ ਆਪ ਉਮੀਦਵਾਰਾਂ ਨੂੰ ਬਲਜਿੰਦਰ ਢਿੱਲੋਂ ਵੱਲੋਂ ਸ਼ੁਭਕਾਮਨਾਵਾਂ



ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਜ਼ਿਲ੍ਹਾ ਪਟਿਆਲਾ ਦੇ ਵਿਕਾਸ, ਤਰੱਕੀ ਤੇ ਲੋਕਾਂ ਦੀ ਬਿਹਤਰੀ ਦੇ ਉਦੇਸ਼ ਨਾਲ ਚੋਣ ਮੈਦਾਨ ਵਿੱਚ ਉਤਰੇ ਸਾਰੇ 30 ਉਮੀਦਵਾਰਾਂ ਨੂੰ ਹਾਰਦਿਕ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਚੇਅਰਮੈਨ ਤੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਲੋਕਤੰਤਰ ਦੀ ਅਸਲ ਤਾਕਤ ਲੋਕਾਂ ਦਾ ਵਿਸ਼ਵਾਸ, ਸਮਰਥਨ ਤੇ ਲੋਕਾਂ ਵੱਲੋਂ ਲਿਆ ਗਿਆ ਫ਼ੈਸਲਾ ਹੈ।ਚੋਣਾਂ ਲੋਕਾਂ ਨੂੰ ਆਪਣੇ ਇਲਾਕੇ ਦੇ ਭਵਿੱਖ ਤੇ ਵਿਕਾਸ ਦੀ ਦਿਸ਼ਾ ਤੈਅ ਕਰਨ ਦਾ ਮੌਕਾ ਦਿੰਦੀਆਂ ਹਨ।ਸਾਨੂੰ ਪੂਰਾ ਭਰੋਸਾ ਹੈ ਕਿ ਪਟਿਆਲਾ ਦੇ ਸੂਝਵਾਨ ਵੋਟਰ ਆਪਣੇ ਸ਼ਹਿਰ ਤੇ ਇਲਾਕੇ ਦੇ ਸੁਨਹਿਰੇ ਭਵਿੱਖ, ਵਿਕਾਸ ਤੇ ਲੋਕ-ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਆਪਣਾ ਕੀਮਤੀ ਫ਼ੈਸਲਾ ਲੈਣਗੇ ਤੇ ਪਜਾਬ ਸਰਕਾਰ ਦੇ ਕੀਤੇ ਹੋਏ ਕੰਮਾਂ ਦੇ ਆਧਾਰ 'ਤੇ ਹੀ ਨਗਰ ਨਿਗਮ ਦੇ ਉਮੀਦਵਾਰ ਆਪਣੇ ਆਪਣੇ ਵਾਰਡਾਂ ਵਿੱਚ ਵੋਟਾਂ ਲਈ ਜਾਣਗੇ। ਇਸ ਮੌਕੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਸਿੰਘ ਜਨੇਜਾ ਤੇ ਆਪ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਨਵਲਦੀਪ ਸਿੰਘ ਨੇ ਕਿਹਾ ਕਿ ਪਾਰਟੀ ਵੱਲੋਂ ਉਮੀਦਵਾਰਾਂ ਨੂੰ ਟਿਕਟਾਂ ਦੇ ਕੇ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ।ਲੋਕਤੰਤਰ ਦੀ ਅਸਲ ਤਾਕਤ ਲੋਕਾਂ ਦਾ ਵਿਸ਼ਵਾਸ ਤੇ ਉਨ੍ਹਾਂ ਦਾ ਸਮਰਥਨ ਹੈ। ਚੋਣਾਂ ਲੋਕਾਂ ਨੂੰ ਆਪਣੇ ਇਲਾਕੇ ਦੇ ਭਵਿੱਖ ਤੇ ਵਿਕਾਸ ਦੀ ਦਿਸ਼ਾ ਤੈਅ ਕਰਨ ਦਾ ਮੌਕਾ ਦਿੰਦੀਆਂ ਹਨ।ਉਨ੍ਹਾਂ ਕਿਹਾ ਕਿ ਉਮੀਦਵਾਰਾਂ ਨੂੰ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ, ਵਿਕਾਸ ਕਾਰਜਾਂ ਤੇ ਲੋਕ-ਹਿੱਤ ਦੇ ਮੁੱਦਿਆਂ ਨੂੰ ਪਹਿਲ ਦੇਣੀ ਚਾਹੀਦੀ ਹੈ।ਸਾਨੂੰ ਉਮੀਦ ਹੈ ਕਿ ਜ਼ਿਲ੍ਹਾ ਪਟਿਆਲਾ ਦੇ ਲੋਕ ਆਪਣੇ ਇਲਾਕੇ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਲੋਕਤੰਤਰੀ ਢੰਗ ਨਾਲ ਆਪਣਾ ਫ਼ੈਸਲਾ ਲੈਣਗੇ।

ਭੈਣੀ ਸਾਹਿਬ ਵਿਖੇ ਦੋ ਰੋਜ਼ਾ ਸਤਿਗੁਰੂ ਜਗਜੀਤ ਸਿੰਘ ਸੰਗੀਤ ਸੰਮੇਲਨ ਭਲਕ ਤੋਂ



ਸਮਰਾਲਾ (ਸੁਰਜੀਤ ਸਿੰਘ)-ਨਾਮਧਾਰੀ ਸੰਪਰਦਾਇ ਦੇ ਹੈੱਡ ਕੁਆਰਟਰ ਭੈਣੀ ਸਾਹਿਬ ਵਿਖੇ ਸਤਿਗੁਰੂ ਜਗਜੀਤ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮੌਜੂਦਾ ਨਾਮਧਾਰੀ ਮੁਖੀ ਸ੍ਰੀ ਸਤਿਗੁਰੂ ਉਦੇ ਸਿੰਘ ਜੀ ਦੀ ਹਜ਼ੂਰੀ ਵਿੱਚ ਦੋ ਰੋਜ਼ਾ 14ਵਾਂ ਸਤਿਗੁਰੂ ਜਗਜੀਤ ਸਿੰਘ ਸੰਗੀਤ ਸੰਮੇਲਨ ਗੁਰਦਵਾਰਾ ਸ੍ਰੀ ਭੈਣੀ ਸਾਹਿਬ ਵਿਖੇ 21 ਨਵੰਬਰ ਤੋਂ ਆਰੰਭ ਹੋ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨਾਮਧਾਰੀ ਦਰਬਾਰ ਦੇ ਪ੍ਰਧਾਨ ਸੂਬਾ ਬਲਵਿੰਦਰ ਸਿੰਘ ਝੱਲ ਤੇ ਹਜ਼ੂਰੀ ਰਾਗੀ ਬਲਵੰਤ ਸਿੰਘ ਨੇ ਕਾਰਡ ਜਾਰੀ ਕਰਨ ਉਪਰੰਤ ਦੱਤੀ।ਉਨ੍ਹਾਂ ਦੱਸਿਆ ਕਿ 21 ਨਵੰਬਰ ਨੂੰ ਸ਼ਾਮ 5 ਵਜੇ ਤੋਂ 9.30 ਤਕ ਹੋਣ ਜਾ ਰਹੇ ਸੰਗੀਤ ਸੰਮੇਲਨ ਦੇ ਆਰੰਭ ਵਿੱਚ ਪ੍ਰਸਿੱਧ ਇਸਰਾਰ ਵਾਦਕ ਆਸਾ ਸਿੰਘ ਪੇਸ਼ਕਾਰੀ ਦੇਣਗੇ।ਉਨ੍ਹਾਂ ਨਾਲ ਤਬਲੇ 'ਤੇ ਸਾਥ ਅਜੈਪਾਲ ਸਿੰਘ ਦੇਣਗੇ।ਉਪਰੰਤ ਸਤਿਗੁਰੂ ਜਗਜੀਤ ਸਿੰਘ ਸ਼ਾਸਤਰੀ ਸੰਗੀਤ ਪ੍ਰਤੀਯੋਗਿਤਾ- 2026 ਦੇ ਜੇਤੂ ਤੇ ਬਸੰਤ ਸਿੰਘ ਤਬਲੇ ਦੀ ਪੇਸ਼ਕਾਰੀ ਦੇਣਗੇ।ਅਖੀਰ ਵਿੱਚ ਵਿਸ਼ਵ ਪ੍ਰਸਿੱਧ ਸਿਤਾਰ ਵਾਦਕ ਪੰਡਿਤ ਬੁੱਧਦਿੱਤੀਆ ਮੁਖਰਜ਼ੀ ਸਿਤਾਰ ਤੇ ਸੋਮਨ ਨੰਦੇ ਤਬਲੇ ਉੱਤੇ ਆਪਣੀ ਕਲਾ ਦੇ ਜੌਹਰ ਦਿਖਾਉਣਗੇ।ਅਗਲੇ ਦਿਨ 22 ਨਵੰਬਰ ਨੂੰ ਹਰਪ੍ਰੀਤ ਸਿੰਘ (ਤਬਲਾ ਸੋਲੋ), ਪੰਡਿਤ ਧਰਮਨਾਥ ਮਿਸ਼ਰਾ (ਨਗਮਾ ਹਰਮੋਨੀਅਮ), ਪੰਡਿਤ ਪ੍ਰਵੀਨ ਗੋਡਖਿੰਡੀ (ਬਾਂਸੁਰੀ), ਵਿਦਵਾਨ ਸਸ਼ਾਂਕ ਸੁਬ੍ਰਮਣੀਅਮ (ਬਾਂਸੁਰੀ), ਵਿਦਵਾਨ ਪਰਤੀ ਸਤੀਸ਼ ਕੁਮਾਰ (ਮਰੀਦੰਗਮ) ਤੇ ਇਸ਼ਾਨ ਘੋਸ਼ (ਤਬਲਾ), ਪੰਡਿਤ ਸਾਜਨ ਮਿਸ਼ਰਾ (ਗਾਇਨ), ਪੰਡਿਤ ਸਰਵਾਂਸ਼ ਮਿਸ਼ਰਾ (ਗਾਇਨ), ਧਰਮਨਾਥ ਮਿਸ਼ਰਾ (ਹਰਮੋਨੀਅਮ), ਹਰਨਾਮ ਸਿੰਘ (ਤਬਲਾ) ਸਮੇਤ ਅਨੇਕ ਵਿਸ਼ਵ ਪ੍ਰਸਿੱਧ ਕਲਾਕਾਰ ਆਪਣੀ ਕਲਾ ਦੇ ਜੌਹਰ ਦਿਖਾਉਣਗੇ।ਇਸ ਮੌਕੇ ਸੇਵਕ ਕਰਤਾਰ ਸਿੰਘ, ਸੇਵਕ ਆਸਾ ਸਿੰਘ ਮਾਨ ਤੇ ਪ੍ਰੈਸ ਸਕੱਤਰ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

ਗੌਰਵ ਸੰਧੂ ਸਨੌਰ ਹਲਕੇ ਦੇ ਪਿੰਡਾਂ ਤੇ ਸ਼ਹਿਰੀ ਇਲਾਕਿਆਂ 'ਚ ਲਗਾਤਾਰ ਸਰਗਰਮ



ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਸਨੌਰ ਵਿਧਾਨ ਸਭਾ ਹਲਕੇ ਵਿੱਚ ਕਾਂਗਰਸ ਪਾਰਟੀ ਨਾਲ ਜੁੜੇ ਗੌਰਵ ਸੰਧੂ ਪਿਛਲੇ ਲੰਬੇ ਸਮੇਂ ਤੋਂ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਲਗਾਤਾਰ ਸਰਗਰਮ ਹਨ।ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਣ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਤੇ ਉਨ੍ਹਾਂ ਦੇ ਕੰਮਾਂ ਲਈ ਯਤਨ ਕਰਨ ਕਰਕੇ ਉਹ ਹਲਕੇ ਵਿੱਚ ਲੋਕਾਂ ਨਾਲ ਮਜ਼ਬੂਤ ਤੇ ਨਿਰੰਤਰ ਸੰਪਰਕ ਬਣਾ ਰਹੇ ਹਨ।ਗੌਰਵ ਸੰਧੂ ਨੇ ਹਲਕੇ ਵਿੱਚ ਵੱਧ ਰਹੀਆਂ ਲੁੱਟਾਂ-ਖੋਹਾਂ, ਨਸ਼ਿਆਂ ਦੇ ਫੈਲਾਅ ਤੇ ਨਾਜਾਇਜ਼ ਮਾਈਨਿੰਗਾਂ ਨੂੰ ਵੀ ਗੰਭੀਰ ਮੁੱਦੇ ਦੱਸਦਿਆਂ ਕਿਹਾ ਕਿ ਇਨ੍ਹਾਂ ਖਿਲਾਫ ਸਖਤ ਕਾਰਵਾਈ, ਪੁਲਸ ਪ੍ਰਬੰਧ ਵਿੱਚ ਮਜ਼ਬੂਤੀ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਤੇ ਇਲਾਕੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਨੂੰ ਬਿਹਤਰ ਬਣਾਉਣਾ ਉਨ੍ਹਾਂ ਦੀ ਅਹਿਮ ਤਰਜੀਹ ਹੈ।ਉਨ੍ਹਾ ਭਰੋਸਾ ਜਤਾਇਆ ਕਿ ਕਾਂਗਰਸ ਪਾਰਟੀ ਦੀ ਸਰਕਾਰ ਬਣਨ 'ਤੇ ਹਲਕੇ ਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ, ਘੱਗਰ ਨਾਲ ਜੁੜੀ ਸਮੱਸਿਆ ਦੇ ਸਥਾਈ ਹੱਲ, ਕਿਸਾਨਾਂ ਦੀਆਂ ਮੁਸ਼ਕਲਾਂ ਦੂਰ ਕਰਨ, ਨੌਜਵਾਨਾਂ ਲਈ ਰੁਜ਼ਗਾਰ ਤੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾਵੇਗਾ।

ਪਾਥਵੇਜ਼ ਗਲੋਬਲ ਸਕੂਲ ਵਿਖੇ ਪ੍ਰੇਰਨਾਦਾਇਕ ਸੈਮੀਨਾਰ



ਕੋਟ ਈਸੇ ਖਾਂ (ਅਰੋੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ, ਜੋ ਇਲਾਕੇ ਦਾ ਨਾਮਵਾਰ ਆਈ ਸੀ ਐੱਸ ਈ ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਤੇ ਆਪਣੇ ਬੱਚਿਆਂ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ, ਵਿਖੇ ਪ੍ਰਿੰਸੀਪਲ ਸ੍ਰੀ ਆਸ਼ੀਸ਼ ਡੋਗਰਵੇਕਰ ਦੁਆਰਾ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਮਹੱਤਵਪੂਰਨ ਪ੍ਰੇਰਨਾਦਾਇਕ ਤੇ ਸੇਧ ਦੇਣ ਵਾਲਾ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਸਾਲਾਨਾ ਬੋਰਡ ਪ੍ਰੀਖਿਆਵਾਂ ਵਿੱਚ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰਸ਼ਨਾਂ ਦੇ ਉੱਤਰ ਸਹੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਿਖਣ ਸਬੰਧੀ ਜਾਣਕਾਰੀ ਦਿੱਤੀ ਗਈ।

ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਮੋਬਾਈਲ ਫ਼ੋਨ ਦੀ ਬੇਲੋੜੀ ਵਰਤੋਂ ਤੋਂ ਬਚਣ ਤੇ ਸਕ੍ਰੀਨ ਟਾਈਮ ਘਟਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਸੁਨਹਿਰੀ ਭਵਿੱਖ ਦੀ ਉਸਾਰੀ ਲਈ ਸਹੀ ਰਸਤਾ ਚੁਣਨ, ਪੜ੍ਹਾਈ ਪ੍ਰਤੀ ਇਕਾਗਰ ਰਹਿਣ ਤੇ ਆਪਣੇ ਜੀਵਨ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕਰਨ ਦੀ ਸਲਾਹ ਦਿੱਤੀ ਗਈ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਚੰਗੇ ਸੰਸਕਾਰਾਂ, ਸ਼ਿਸ਼ਟਾਚਾਰ, ਅਨੁਸ਼ਾਸਨ ਤੇ ਮਾਪਿਆਂ ਤੇ ਵੱਡਿਆਂ ਦਾ ਸਤਿਕਾਰ ਕਰਨ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਆਸ਼ੀਸ਼ ਡੋਗਵੇਕਰ, ਵਾਇਸ ਪ੍ਰਿੰਸੀਪਲ ਮਾਲਵਿਕਾ ਡੋਗਵੇਕਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

ਝੋਨੇ ਦੀ ਖਰੀਦ ਬੰਦ ਹੋਣ ਕਾਰਨ ਕਿਸਾਨ-ਮਜ਼ਦੂਰ ਮੰਡੀਆਂ 'ਚ ਰੁਲ਼ ਰਹੇ : ਸੋਨੀ ਭੱਟੀ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪੰਜਾਬ ਸਰਕਾਰ ਦੀਆਂ ਨੀਤੀਆਂ

ਸਵੀਪ ਤਹਿਤ ਜ਼ਿਲ੍ਹਾ ਪੱਧਰੀ ਲੇਖ ਰਚਨਾ ਤੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਲੋਕਤੰਤਰੀ ਪ੍ਰਕਿਰਿਆ, ਵੋਟ ਦੇ ਅਧਿਕਾਰ ਅਤੇ ਚੋਣਾਂ ਵਿੱਚ ਸਰਗਰਮ ਭਾਗੀਦਾਰੀ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਵੀਪ ਤਹਿਤ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਸਵੀਪ ਟੀਮ ਵੱਲੋਂ ਬੀ.ਬੀ.ਕੇ. ਡੀ.ਏ.ਵੀ. ਕਾਲਜ ਫਾਰ ਵੂਮੈਨ ਵਿਖੇ ਜ਼ਿਲ੍ਹਾ ਪੱਧਰੀ ਲੇਖ ਰਚਨਾ ਅਤੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦਾ ਆਯੋਜਨ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਰਾਜੇਸ਼ ਕੁਮਾਰ ਸ਼ਰਮਾ ਦੇ ਸਹਿਯੋਗ ਨਾਲ ਕੀਤਾ ਗਿਆ। ਇਨ੍ਹਾਂ ਵਿੱਚ ਜ਼ਿਲ੍ਹੇ ਦੇ 11 ਵਿਧਾਨ ਸਭਾ ਹਲਕਿਆਂ ਦੇ ਸਕੂਲਾਂ ਅਤੇ ਕਾਲਜਾਂ ਦੇ ਲਗਭਗ 200 ਜੇਤੂ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਰਾਜੇਸ਼ ਕੁਮਾਰ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਬੀ.ਬੀ.ਕੇ. ਡੀ.ਏ.ਵੀ. ਕਾਲਜ ਫਾਰ ਵੂਮੈਨ ਦੀ ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਇਸ ਮੌਕੇ ਸ੍ਰੀ ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ, ਵੋਟਰ ਅਧਿਕਾਰਾਂ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਬਾਰੇ ਜਾਗਰੂਕ ਕਰਨ ਲਈ ਇਹ ਮੁਕਾਬਲੇ ਤਿੰਨ ਪੜਾਵਾਂ ਵਿੱਚ ਕਰਵਾਏ ਗਏ ਹਨ। ਸਭ ਤੋਂ ਪਹਿਲਾਂ 11 ਅਤੇ 12 ਨਵੰਬਰ ਨੂੰ ਜ਼ਿਲ੍ਹੇ ਦੇ ਸਾਰੇ ਸੈਕੰਡਰੀ ਸਕੂਲਾਂ ਅਤੇ ਕਾਲਜਾਂ ਵਿੱਚ ਸੰਸਥਾ ਪੱਧਰ 'ਤੇ ਮੁਕਾਬਲੇ ਕਰਵਾਏ ਗਏ। ਇਸ ਉਪਰੰਤ 17 ਨਵੰਬਰ ਨੂੰ ਜ਼ਿਲ੍ਹੇ ਦੇ 11 ਵਿਧਾਨ ਸਭਾ ਹਲਕਿਆਂ ਵਿੱਚ ਹਲਕਾ ਪੱਧਰੀ ਮੁਕਾਬਲੇ ਕਰਵਾਏ ਗਏ। ਹਰੇਕ ਹਲਕੇ ਵਿੱਚੋਂ ਲੇਖ ਰਚਨਾ ਅਤੇ ਪ੍ਰਸ਼ਨੋਤਰੀ ਮੁਕਾਬਲਿਆਂ ਦੇ ਪਹਿਲੇ ਦਸ-ਦਸ ਜੇਤੂ ਵਿਦਿਆਰਥੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣ ਦਾ ਮੌਕਾ ਦਿੱਤਾ ਗਿਆ। ਲੇਖ ਰਚਨਾ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ, ਤਰਕਸ਼ੀਲ ਸੋਚ ਅਤੇ ਲੋਕਤੰਤਰ ਪ੍ਰਤੀ ਸਮਝ ਨੂੰ ਲਿਖਤੀ ਰੂਪ ਵਿੱਚ ਪ੍ਰਗਟ ਕਰਨ ਦਾ ਮੌਕਾ ਮਿਲਦਾ ਹੈ, ਜਦਕਿ ਪ੍ਰਸ਼ਨੋਤਰੀ ਮੁਕਾਬਲਿਆਂ ਰਾਹੀਂ ਚੋਣ ਪ੍ਰਣਾਲੀ, ਵੋਟਰ ਰਜਿਸਟ੍ਰੇਸ਼ਨ, ਚੋਣ ਕਮਿਸ਼ਨ ਦੀ ਭੂਮਿਕਾ ਅਤੇ ਵੋਟ ਦੇ ਅਧਿਕਾਰ ਸਬੰਧੀ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨ ਪੀੜ੍ਹੀ ਨੂੰ ਲੋਕਤੰਤਰੀ ਪ੍ਰਕਿਰਿਆ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਸਾਧਨ ਹਨ। ਵਿਦਿਆਰਥੀਆਂ ਨੂੰ ਖੁਦ ਵੋਟ ਦੀ ਮਹੱਤਤਾ ਸਮਝਣ ਦੇ ਨਾਲ-ਨਾਲ ਆਪਣੇ ਪਰਿਵਾਰਾਂ ਅਤੇ ਸਮਾਜ ਦੇ ਹੋਰਨਾਂ ਮੈਂਬਰਾਂ ਨੂੰ ਵੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਮੁਕਾਬਲਿਆਂ ਦੇ ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਲੇਖ ਰਚਨਾ ਮੁਕਾਬਲੇ ਵਿੱਚ ਹਰਮੀਤ ਕੌਰ, ਜੈਸਮੀਨ ਕੌਰ, ਰਾਜਨਪ੍ਰੀਤ ਕੌਰ, ਸੁਖਮਨੀ, ਮਨਪ੍ਰੀਤ ਕੌਰ, ਗੁਰੂਅੰਮ੍ਰਿਤ ਕੌਰ, ਅਮਨਦੀਪ ਕੌਰ, ਵੀਰ ਵਰਮਾ, ਅਰਪਨਦੀਪ ਕੌਰ ਅਤੇ ਸ਼ਰਨਪ੍ਰੀਤ ਕੌਰ ਨੇ ਪਹਿਲੀਆਂ ਦਸ ਪੁਜ਼ੀਸ਼ਨਾਂ ਹਾਸਲ ਕੀਤੀਆਂ। ਇਸੇ ਤਰ੍ਹਾਂ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਰਿਤਿਕਾ ਠਾਕੁਰ, ਸਨੇਹਦੀਪ ਕੌਰ, ਸ਼ਾਈਨ, ਹਰਮਨਦੀਪ ਕੌਰ, ਵਰੁਣ ਕੁਮਾਰ, ਜਗਰੂਪ ਕੌਰ, ਗੁਰਲੀਨ ਕੌਰ, ਰੂਪ ਕਮਲ, ਮੰਥਨ ਅਤੇ ਜਤਿਨ ਗੁਪਤਾ ਨੇ ਪਹਿਲੀਆਂ ਦਸ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ। ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਆਸ਼ੂ ਧਵਨ, ਮਨੀਸ਼ ਕੁਮਾਰ, ਪੰਕਜ ਕੁਮਾਰ, ਸੰਜੇ ਕੁਮਾਰ, ਰਾਜ ਕੁਮਾਰ, ਚਰਨਜੀਤ ਸਿੰਘ, ਡਾ. ਰਾਜਨ, ਪ੍ਰੋ. ਸਪਨਾ, ਚੋਣ ਕਾਨੂੰਗੋ ਸੌਰਵ ਖੋਸਲਾ ਸਮੇਤ ਹੋਰ ਪਤਵੰਤੇ ਅਤੇ ਸਵੀਪ ਟੀਮ ਦੇ ਮੈਂਬਰ ਹਾਜ਼ਰ ਸਨ।

ਬੀ ਟੀ ਓ ਵੱਲੋਂ 32 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੇ ਕੰਮ ਦੀ ਸ਼ੁਰੂਆਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਿਕਾਸ ਕਾਰਜਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਜੀ.ਟੀ. ਰੋਡ ਤੋਂ ਨਵਾਂ ਕੋਟ ਰਾਹੀਂ ਜੰਡਿਆਲਾ ਗੁਰੂ ਬਾਈਪਾਸ ਤੱਕ ਸੜਕ ਦੀ 32 ਲੱਖ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਮੁਰੰਮਤ ਦੇ ਕੰਮ ਦੀ ਸ਼ੁਰੂਆਤ ਕੀਤੀ। ਸੜਕ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਮੌਕੇ ਲੋਕ ਨਿਰਮਾਣ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਕੁੱਲ 32 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸਰਪੰਚ ਦਵਿੰਦਰ ਸਿੰਘ, ਜਗਤਾਰ ਸਿੰਘ, ਹਰਭਜਨ ਸਿੰਘ, ਚੇਅਰਮੈਨ ਹਰਪਾਲ ਸਿੰਘ, ਚੇਅਰਮੈਨ ਲਖਵਿੰਦਰ ਸਿੰਘ, ਗੁਰਵਿੰਦਰ ਖਾਬੇ ਰਾਜਪੂਤਾਂ, ਨਗਰ ਕੌਂਸਲ ਜੰਡਿਆਲਾ ਦੇ ਪ੍ਰਧਾਨ ਸਤਿੰਦਰ ਸਿੰਘ, ਸਾਬਕਾ ਮੈਂਬਰ ਸੁਖਦੇਵ ਸਿੰਘ, ਨਗਰ ਕੌਂਸਲ ਜੰਡਿਆਲਾ ਦੇ ਵਾਈਸ ਪ੍ਰਧਾਨ ਅਮਨ ਵਿਰਕ, ਸਰਪੰਚ ਜਗਦੀਪ ਸਿੰਘ ਨਿੱਝਰਪੁਰਾ, ਮਨਦੀਪ ਧਾਰੜ, ਲੱਡਾ ਧਾਰੜ ਅਤੇ ਜੋਗਿੰਦਰ ਸਿੰਘ ਮਨਾਵਾਲਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਮਾਰਕਸਵਾਦੀ ਚਿੰਤਕ ਜਰਨੈਲ ਸਿੰਘ ਅੱਜ ਮਾਨਸਾ 'ਚ

ਮਾਨਸਾ (ਪਮਾਰ) ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਗਣਾ ਅਤੇ ਸੀਨੀਅਰ ਮੀਤ ਪ੍ਰਧਾਨ ਆਤਮਾ ਸਿੰਘ ਪਮਾਰ ਨੇ ਦੱਸਿਆ ਕਿ ਐਸੋਸੀਏਸ਼ਨ ਦੀ 20 ਨਵੰਬਰ ਨੂੰ ਹੋ ਰਹੀ ਮੀਟਿੰਗ 'ਚ ਪ੍ਰਸਿੱਧ ਮਾਰਕਸਵਾਦੀ ਚਿੰਤਕ ਜਰਨੈਲ ਸਿੰਘ ਪੈਨਸ਼ਨਰਜ਼ ਭਵਨ ਮਾਨਸਾ ਵਿਖੇ ਸਵੇਰੇ ਕਰੀਬ 10 ਵਜੇ ਮੀਟਿੰਗ ਨੂੰ ਸੰਬੋਧਨ ਕਰਨਗੇ। ਉਹਨਾ ਸਮੁੱਚੇ ਪੈਨਸ਼ਨਰਜ਼ ਤੋਂ ਇਲਾਵਾ ਆਮ ਲੋਕਾਂ ਨੂੰ ਵੀ ਉਨ੍ਹਾ ਦੇ ਵੱਡਮੁੱਲੇ ਵਿਚਾਰ ਸੁਣਨ ਲਈ ,ਸਮੇਂ ਸਿਰ ਪੈਨਸ਼ਨਰਜ਼ ਭਵਨ ਨਵੀਂ ਕਚਹਿਰੀ ਰੋਡ ਮਾਨਸਾ ਵਿਖੇ ਪਹੁੰਚਣ ਦੀ ਪੁਰਜ਼ੋਰ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਅਜੈਬ ਸਿੰਘ ਅਲੀਸ਼ੇਰ, ਜੀਤ ਸਿੰਘ ਭੁੱਲਰ, ਲੱਖਾ ਸਿੰਘ ਸਹਾਰਨਾ, ਜਗਸੀਰ ਸਿੰਘ ਢਿੱਲੋਂ, ਹਰਬੰਸ ਸਿੰਘ ਢਿੱਲੋਂ, ਸਵਿੰਦਰ ਸਿੰਘ ਜੇ ਈ, ਬਾਦਸ਼ਾਹ ਸਿੰਘ ਚਹਿਲ ਤੇ ਗੁਰਦੇਵ ਸਿੰਘ ਘੁਮਾਣ ਵੀ ਸਨ।

ਮੈਰੀਟੋਰੀਅਸ ਸਕੂਲ 'ਚ ਜ਼ਿਲ੍ਹਾ ਪੱਧਰੀ ਇਨੋਵੇਸ਼ਨ ਡਿਜੀਟਲ ਟੈੱਕ ਫੇਅਰ ਕਰਵਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਮੈਰੀਟੋਰੀਅਸ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰੀ 'ਇਨੋਵੇਸ਼ਨ ਡਿਜੀਟਲ ਟੈੱਕ ਫੇਅਰ' ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਹ ਸਮਾਗਮ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਹਰਜਿੰਦਰ ਸਿੰਘ ਅਤੇ ਜ਼ਿਲ੍ਹਾ ਨੋਡਲ ਇੰਚਾਰਜ ਸੌਰਭਦੀਪ ਦੀ ਯੋਗ ਅਗਵਾਈ ਹੇਠ ਸਫ਼ਲਤਾਪੂਰਵਕ ਸੰਪੰਨ ਹੋਇਆ। ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਕੰਵਲਜੀਤ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਰਾਜੀਵ ਕਪੂਰ, ਮੈਰੀਟੋਰੀਅਸ ਸਕੂਲ ਦੀ ਪ੍ਰਿੰਸੀਪਲ ਸਵਜੀਤ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਵਾਂਕੋਟ ਦੀ ਪ੍ਰਿੰਸੀਪਲ ਨਵਦੀਪ ਕੌਰ ਗਿੱਲ ਨੇ ਅਹਿਮ ਭੂਮਿਕਾ ਨਿਭਾਈ। ਇਸ ਟੈੱਕ ਫੇਅਰ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ 30 ਨਵੀਨਤਮ ਅਤੇ ਤਕਨੀਕੀ ਪ੍ਰੋਜੈਕਟਾਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਸਕੂਲਾਂ ਨੂੰ ਕ੍ਰਮਵਾਰ 3100 ਰੁਪਏ, 2100 ਰੁਪਏ ਅਤੇ 1100 ਰੁਪਏ ਦੇ ਨਕਦ ਇਨਾਮ ਦਿੱਤੇ ਜਾਣਗੇ। ਜੇਤੂਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭੰਗਾਲੀ ਨੇ 'ਸਮਾਰਟ ਅਟੈਂਡੈਂਸ ਸਿਸਟਮ' ਪ੍ਰੋਜੈਕਟ ਨਾਲ ਪਹਿਲਾ ਸਥਾਨ ਹਾਸਲ ਕੀਤਾ ਅਤੇ 3100 ਰੁਪਏ ਦਾ ਇਨਾਮ ਜਿੱਤਿਆ। ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੋਹੀਆਂ ਕਲਾਂ ਨੇ 'ਸੋਇਲ ਇਨਫੋਰਮੇਸ਼ਨ ਸਿਸਟਮ' ਪ੍ਰੋਜੈਕਟ ਨਾਲ ਦੂਜਾ ਸਥਾਨ ਹਾਸਲ ਕਰਕੇ 2100 ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਖਲਚੀਆਂ ਨੇ 'ਡਿਜੀਟਲ ਸਾਈਲੋਸ' ਪ੍ਰੋਜੈਕਟ ਨਾਲ ਤੀਜਾ ਸਥਾਨ ਹਾਸਲ ਕਰਕੇ 1100 ਰੁਪਏ ਦਾ ਇਨਾਮ ਜਿੱਤਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਕੰਵਲਜੀਤ ਸਿੰਘ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਪ੍ਰੋਜੈਕਟਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਬੱਚਿਆਂ ਨੂੰ ਆਰਟੀਫਿਸ਼ੀਅਲ ਇੰਟੈਲੀਜੈਂਸ (ਆਈ) ਅਤੇ ਇੰਟਰਨੈੱਟ ਆਫ਼ ਥਿੰਗਜ਼ ਵਰਗੀਆਂ ਆਧੁਨਿਕ ਤਕਨੀਕਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਨੋਡਲ ਅਫ਼ਸਰ ਸੌਰਭਦੀਪ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਸਮੁੱਚੀ ਪ੍ਰਬੰਧਕੀ ਟੀਮ, ਭਾਗ ਲੈਣ ਵਾਲੇ ਸਾਰੇ ਸਕੂਲਾਂ ਅਤੇ ਜੱਜ ਸਾਹਿਬਾਨ ਦਾ ਧੰਨਵਾਦ ਕੀਤਾ। ਪ੍ਰਦਰਸ਼ਨੀ ਵਿੱਚ ਪ੍ਰੋਜੈਕਟਾਂ ਦਾ ਨਿਰਪੱਖ ਮੁਲਾਂਕਣ ਕਰਨ ਦੀ ਜ਼ਿੰਮੇਵਾਰੀ ਤਕਨੀਕੀ ਅਤੇ ਸਿੱਖਿਆ ਖੇਤਰ ਦੀਆਂ ਉੱਘੀਆਂ ਸ਼ਖ਼ਸੀਅਤਾਂ ਵੱਲੋਂ ਨਿਭਾਈ ਗਈ। ਇਨ੍ਹਾਂ ਵਿੱਚ ਡਾ. ਪ੍ਰੋ. ਨਰਿੰਦਰ ਸ਼ਰਮਾ, ਡੀਨ ਆਰ ਐਂਡ ਡੀ ਅਤੇ ਪ੍ਰੋਫੈਸਰ, ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼; ਪ੍ਰੋ. ਕੁਲਦੀਪ ਸਿੰਘ, ਐਸੋਸੀਏਟ ਪ੍ਰੋਫੈਸਰ, ਇਲੈਕਟ੍ਰੋਨਿਕਸ ਟੈਕਨਾਲੋਜੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ; ਵਿਸ਼ਾਲ ਮਸੀਹ, ਲੈਕਚਰਾਰ ਫਿਜ਼ਿਕਸ ਅਤੇ ਰਵਿੰਦਰਜੀਤ ਸਿੰਘ, ਐਮ.ਟੈੱਕ., ਕੰਪਿਊਟਰ ਫੈਕਲਟੀ, ਪਿੰਡੀ ਔਲਖ ਸ਼ਾਮਲ ਸਨ। ਸਮਾਗਮ ਦੇ ਅੰਤ ਵਿੱਚ ਅਧਿਕਾਰੀਆਂ ਵੱਲੋਂ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਗਾਈਡ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ।

ਜਨਤਕ ਨੋਟਿਸ

ਦੀ ਮਯੋਕੇ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਮਯੋਕੇ (ਮੋਗਾ)

ਦੀ ਮਯੋਕੇ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਮਯੋਕੇ ਸਭਾ ਵਿੱਚ ਸੇਲਜ਼ਮੈਨ ਦੀ ਖਾਲੀ ਪਈ ਅਸਾਮੀ ਨੂੰ ਭੀ.ਸੀ. ਰੇਟਾਂ 'ਤੇ ਭਰਨ ਲਈ ਸੇਲਜ਼ਮੈਨ ਦੀ ਭਰਤੀ ਕਰਨ ਸੰਬੰਧੀ ਬੇਨਤੀ ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ । ਪ੍ਰਾਰਥੀ ਦੀ ਵਿੱਦਿਅਕ ਯੋਗਤਾ ਅਤੇ ਹੋਰ ਮਾਪਦੰਡ ਹੇਠ ਲਿਖੇ ਅਨੁਸਾਰ ਹਨ।

(1) ਵਿੱਦਿਅਕ ਯੋਗਤਾ: (ੳ) ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਇਸ ਦੇ ਮੁਕਾਬਲੇ ਦੀ ਸੰਸਥਾ ਤੋਂ ਗ੍ਰੈਜੂਏਟ ਦੀ ਡਿਗਰੀ (ਅ) ਦੱਸਵੀਂ ਪੱਧਰ ਦੀ ਪੰਜਾਬੀ ਦੀ ਵਿਦਿਅਕ ਯੋਗਤਾ (ੲ) ਉਮੀਦਵਾਰ ਨੇ ਭਾਰਤ ਸਰਕਾਰ ਦੇ ਇਲੈਕਟਰੋਨਿਕਸ ਵਿਭਾਗ ਦੇ ਓ ਲੈਵਲ ਦੇ ਸਰਟੀਫਿਕੇਟ ਦਾ ਕੋਰਸ ਪਾਸ ਕੀਤਾ ਹੋਵੇ ਜਾਂ ਉਮੀਦਵਾਰ ਨੇ ਸਰਕਾਰ ਵੱਲੋਂ ਪ੍ਰਵਾਨਿਤ ਕਿਸੇ ਸੰਸਥਾ ਜਾਂ ਕਿਸੇ ਹੋਰ ਮਸ਼ਹੂਰ ਸੰਸਥਾ ਜੋ ਆਈ ਐੱਸ ਓ 9001 ਅਨੁਸਾਰ ਤਸਦੀਕਸ਼ੁਦਾ ਹੋਵੇ ਤੋਂ ਘੱਟ ਘੱਟ 120 ਘੰਟੇ ਦਾ ਕੰਪਿਊਟਰ ਦਾ ਕੋਰਸ ਇਨਫਰਮੇਸ਼ਨ ਤਕਨਾਲੋਜੀ ਵਿੱਚ ਆਫਸ ਪ੍ਰੋਡਕਟੀਵਿਟੀ ਐਪਲੀਕੇਸ਼ਨ ਦਾ ਕੋਰਸ/ਡੈਕਸਟਾਪ ਪਬਲਿਸ਼ਿੰਗ ਦਾ ਕੋਰਸ ਕੀਤਾ ਹੋਵੇ।(ਸ) ਉਮੀਦਵਾਰ ਸਭਾ ਦੇ ਦਾਇਰਾ ਕਾਰੋਬਾਰ ਦਾ ਨਿਵਾਸੀ ਹੋਵੇ, ਅਗਰ ਸਭਾ ਦੇ ਦਾਇਰਾ ਕਾਰੋਬਾਰ ਵਿੱਚੋਂ ਭਰਤੀ ਸਬੰਧੀ ਬੇਨਤੀ ਪੱਤਰ ਪ੍ਰਾਪਤ ਨਹੀਂ ਹੁੰਦੇ। ਤਾਂ ਸਭਾ ਦੀ ਕਮੇਟੀ ਚਾਹੁੰਦੀ ਹੋਵੇ ਤਾਂ ਆਪਣੀ ਤਹਿਸੀਲ, ਲੈਵਲ 'ਤੇ ਪ੍ਰਾਪਤ ਹੋਏ ਬੇਨਤੀ ਪੱਤਰਾਂ ਨੂੰ ਵੀ ਵਿਚਾਰ ਸਕਦੀ ਹੈ। (2) ਹੋਰ ਮਾਪਦੰਡ; (ੳ) ਪ੍ਰਾਰਥੀ ਦੀ ਉਮਰ ਇਸ਼ਤਿਹਾਰ ਹੋਣ ਦੀ ਮਿਤੀ ਨੂੰ ਘੱਟੋ-ਘੱਟ 18 ਸ

ਤਰਕਸ਼ੀਲ ਸੁਸਾਇਟੀ ਦੇ ਐਲਾਨਨਾਮੇ ਤੇ ਸੰਵਿਧਾਨ 'ਤੇ ਚਰਚਾ

ਚੰਡੀਗੜ੍ਹ (ਸੁਰਜੀਤ ਸੁਮਨ)- ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ) ਇਕਾਈ ਚੰਡੀਗੜ੍ਹ ਦੀ ਮਹੀਨਾਵਾਰ ਮੀਟਿੰਗ ਸਾਥੀ ਦਲਵੀਰ ਸਿੰਘ ਦੇ ਘਰ ਇਕਾਈ ਮੁਖੀ ਰਾਜ ਕੁਮਾਰ ਭਟਨਾਗਰ ਦੀ ਪ੍ਰਧਾਨਗੀ



ਹੇਠ ਹੋਈ। ਚੰਡੀਗੜ੍ਹ ਇਕਾਈ ਦੇ ਮੀਡੀਆ ਇੰਚਾਰਜ ਪ੍ਰੇਮ ਸਿੰਘ ਤੇ ਸੱਭਿਆਚਾਰਕ ਵਿਭਾਗ ਮੁਖੀ ਕ੍ਰਿਸ਼ਨ ਰਾਹੀ ਨੇ ਦੱਸਿਆ ਕਿ ਪਿਛਲੀ ਮੀਟਿੰਗ ਵਿੱਚ ਸਰਵ-ਸੰਮਤੀ ਨਾਲ ਫੈਸਲਾ ਲਿਆ ਗਿਆ ਸੀ ਕਿ ਮੀਟਿੰਗ ਦੀ ਥਾਂ ਬਦਲ-ਬਦਲ ਕੇ ਹਰ ਮੈਂਬਰ ਦੇ ਘਰ ਕੀਤੀ ਜਾਵੇ ਤਾਂ ਕਿ ਪਰਿਵਾਰ ਦੇ ਮੈਂਬਰਾਂ ਨੂੰ ਵੀ ਨਾਲ ਜੋੜਿਆ ਜਾ ਸਕੇ।

ਇਸੇ ਲਈ ਮੀਟਿੰਗ ਗਿਆਰਾਂ ਫੇਸ ਮੁਹਾਲੀ ਸਾਥੀ ਦਲਵੀਰ ਦੇ ਘਰ ਰੱਖੀ ਗਈ, ਜਿਸ ਵਿੱਚ ਪਹਿਲਾਂ ਤੋਂ ਤਹਿ ਕੀਤੇ ਏਜੰਡੇ ਤਹਿਤ ਸੁਸਾਇਟੀ ਦੇ ਐਲਾਨ-ਨਾਮੇ ਅਤੇ ਸੰਵਿਧਾਨ ਉੱਤੇ ਵਿਚਾਰ ਚਰਚਾ ਕੀਤੀ ਗਈ। ਸਾਥੀ ਜੋਗਾ ਸਿੰਘ ਦੇ ਵਿਚਾਰ ਸਨ ਕਿ ਇਸ ਦੇ ਪਹਿਲੇ ਸ਼ੁਰੂਆਤੀ ਪੰਨਿਆਂ ਦੀ ਭੂਮਿਕਾ ਉੱਤੇ ਹੋਰ ਵਿਸਥਾਰ ਨਾਲ ਲਿਖਿਆ ਜਾ ਸਕਦਾ ਸੀ, ਜਿਸ ਉੱਤੇ ਬੋਲਦਿਆਂ ਜੋਨ ਮੁਖੀ ਅਜੀਤ ਪ੍ਰਦੇਸੀ ਨੇ ਦੱਸਿਆ ਕਿ ਇਸ ਵਿੱਚ ਬਦਲਾਅ ਸਿਰਫ ਸੂਬਾ ਪੱਧਰ 'ਤੇ ਸਲਾਨਾ ਇਜਲਾਸ ਵਿੱਚ ਹੀ ਕੀਤਾ ਜਾ ਸਕਦਾ ਹੈ। ਤਰਕਸ਼ੀਲ ਸਾਥੀ ਕੁਲਵਿੰਦਰ ਨਗਾਰੀ ਦੀ ਬੇਵਕਤੀ ਮੌਤ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸ਼ੋਕਗ੍ਰਸਤ ਪਰਿਵਾਰ ਨੂੰ ਸੰਭਵ ਆਰਥਿਕ ਮਦਦ ਦਾ ਭਰੋਸਾ ਵੀ ਦਿੱਤਾ ਗਿਆ। ਮੈਂਬਰ ਸਾਥੀਆਂ ਵੱਲੋਂ ਵਿਗਿਆਨਕ ਸੋਚ ਦੇ ਪ੍ਰਚਾਰ-ਪ੍ਰਸਾਰ ਲਈ ਵੱਧ ਤੋਂ ਵੱਧ ਯਤਨ ਜਾਰੀ ਰੱਖਣ ਉੱਤੇ ਜ਼ੋਰ ਦਿੱਤਾ ਗਿਆ।

ਮੀਟਿੰਗ ਵਿੱਚ ਚੰਡੀਗੜ੍ਹ ਜੋਨ ਮੁਖੀ ਅਜੀਤ ਪ੍ਰਦੇਸੀ ਤੋਂ ਇਲਾਵਾ ਇਕਾਈ ਮੁਖੀ ਰਾਜ ਕੁਮਾਰ ਭਟਨਾਗਰ, ਸਾਥੀ ਜੋਗਿੰਦਰ ਸਿੰਘ, ਜੋਗਾ ਸਿੰਘ, ਦਲਵੀਰ ਸਿੰਘ, ਪ੍ਰੇਮ ਸਿੰਘ, ਕ੍ਰਿਸ਼ਨ ਰਾਹੀ, ਜਸਵੀਰ ਸਿੰਘ, ਭਜਨ ਦਾਸ, ਗਿਆਨ ਚੰਦ ਅਤੇ ਓਮ ਪ੍ਰਕਾਸ਼ ਬੰਸਲ ਹਾਜ਼ਰ ਸਨ।

ਦੁਸਾਂਝ ਕਲਾਂ ਵਿਖੇ ਨਗਰ ਕੀਰਤਨ 23 ਨੂੰ

ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)- ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਦੇ ਸਬੰਧੀ 'ਚ ਗੁਰਦੁਆਰਾ ਬਾਬਾ ਸੰਗ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਐਨ. ਆਰ. ਆਈ ਵੀਰਾਂ ਭੈਣਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ 23 ਨਵੰਬਰ ਨੂੰ ਸਵੇਰੇ 10 ਵਜੇ ਸਜਾਇਆ ਜਾਵੇਗਾ।

ਪ੍ਰਧਾਨ ਕਮਲਜੀਤ ਸਿੰਘ ਨੇ ਦੱਸਿਆ ਕਿ 18 ਨਵੰਬਰ ਤੋਂ ਪ੍ਰਭਾਤ ਫੇਰੀਆਂ ਸ਼ੁਰੂ ਕੀਤੀਆਂ ਗਈਆਂ ਹਨ ਅਤੇ 22 ਨਵੰਬਰ ਨੂੰ ਸਵੇਰੇ 8 ਵਜੇ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਜਾਵੇਗਾ, ਉਪਰੰਤ 10 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦਾ ਪਾਠ ਆਰੰਭ ਕੀਤਾ ਜਾਵੇਗਾ । 24 ਨਵੰਬਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਕੀਰਤਨ ਜੱਸ ਕੀਤਾ ਜਾਵੇਗਾ ਅਤੇ ਚਾਹ ਪਕੌੜਿਆ ਦਾ ਅਤੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤਾਇਆ ਜਾਵੇਗਾ।

28 ਨੂੰ ਲਗਾਇਆ ਜਾਵੇਗਾ ਖੂਨ ਦਾਨ ਕੈਂਪ : ਡਾ. ਪਰਮਜੀਤ ਸਿੰਘ

ਪੋਜੇਵਾਲ (ਰਾਮ ਲਾਲ)- ਸ੍ਰੀ ਗੁਰੂ ਨਾਨਕ ਦੇਵ ਦੇ 557ਵੇਂ ਪ੍ਰਕਾਸ਼ ਪੁਰਬ ਅਤੇ ਸੰਤ ਗੁਰਮੇਲ ਸਿੰਘ ਦੀ12ਵੀਂ ਸਾਲਾਨਾ ਬਰਸੀ ਦੇ ਸਬੰਧ ਵਿੱਚ 28 ਨਵੰਬਰ ਦਿਨ ਸ਼ਨਿੱਚਰਵਾਰ ਨੂੰ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਡਾ. ਪਰਮਜੀਤ ਸਿੰਘ ਅਤੇ ਡਾ ਸਵਿਤਾ ਨੇ ਦੱਸਿਆ ਕਿ ਇਹ ਖੂਨਦਾਨ ਕੈਂਪ ਸੰਤ ਗੁਰਮੇਲ ਸਿੰਘ ਮੈਮੋਰੀਅਲ ਹਸਪਤਾਲ ਅਤੇ ਡਾਇਗਨੌਸਟਿਕ



ਸੈਂਟਰ, ਮੇਨ ਚੰਡੀਗੜ੍ਹ ਰੋਡ, ਗੜ੍ਹੀ ਕਾਨੂੰਗੋਆਂ, ਬਲਾਚੌਰ (ਸ਼ਹੀਦ ਭਗਤ ਸਿੰਘ ਨਗਰ) ਵਿਖੇ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਮਨੁੱਖਤਾ ਦੀ ਸੇਵਾ ਕਰਨਾ ਅਤੇ ਲੋੜਵੰਦ ਮਰੀਜ਼ਾਂ ਲਈ ਖੂਨ ਦੀ ਉਪਲਬਧਤਾ ਵਿੱਚ ਯੋਗਦਾਨ ਪਾਉਣਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮਹਿਮਾਨ ਦੇ ਤੌਰ 'ਤੇ ਹਾਸ ਰਸ ਕਲਾਕਾਰ ਗੁਰਪ੍ਰੀਤ ਸਿੰਘ ਘੁੱਗੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।

ਸਰਕਾਰ ਨੇ ਮੈਰਿਟ ਦੇ ਆਧਾਰ 'ਤੇ 72 ਹਜ਼ਾਰ ਨੌਕਰੀਆਂ ਦਿੱਤੀਆਂ : ਅਮਨ ਅਰੋੜਾ

ਚੰਡੀਗੜ੍ਹ (ਨ ਜ਼ ਸ)- ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਵੀਰਵਾਰ ਨੂੰ ਮੁੜ ਦੁਹਰਾਇਆ ਕਿ ਭਗਵੰਤ ਮਾਨ ਸਰਕਾਰ ਨੇ ਲਗਾਤਾਰ ਨਿਰਪੱਖ, ਪਾਰਦਰਸ਼ੀ ਅਤੇ ਮੈਰਿਟ-ਆਧਾਰਿਤ ਭਰਤੀ ਨੂੰ ਯਕੀਨੀ ਬਣਾਇਆ ਹੈ ਅਤੇ ਪਿਛਲੇ ਲਗਭਗ ਪੰਜ ਸਾਲਾਂ ਦੌਰਾਨ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਤਕਰੀਬਨ 72,000 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੀ ਪ੍ਰੀਖਿਆ ਅਤੇ ਪੀ ਸੀ ਐਸ ਅਧਿਕਾਰੀਆਂ ਦੀਆਂ ਨਿਯੁਕਤੀਆਂ ਨਾਲ ਸਬੰਧਤ ਪ੍ਰਕਿਰਿਆ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਲਗਾਈ ਗਈ ਅੰਤਰਿਮ ਰੋਕ 'ਤੇ ਪ੍ਰਤੀਕਿਰਿਆ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨਿਆਂਪਾਲਿਕਾ ਦਾ ਪੂਰਾ ਸਤਿਕਾਰ ਕਰਦੀ ਹੈ ਅਤੇ ਅਗਲੀ ਸੁਣਵਾਈ 'ਤੇ ਹਾਈ ਕੋਰਟ ਸਾਹਮਣੇ ਆਪਣਾ ਪੂਰਾ ਜਵਾਬ ਪੇਸ਼ ਕਰੇਗੀ। ਉਨ੍ਹਾਂ



ਅੱਗੇ ਕਿਹਾ ਕਿ ਹਰ ਨਿਯੁਕਤੀ ਬਿਨਾਂ ਕਿਸੇ 'ਖਰਚੀ' (ਪੈਸੇ) ਜਾਂ 'ਪਰਚੀ (ਸਿਫ਼ਾਰਸ਼) ਦੇ, ਪੂਰੀ ਤਰ੍ਹਾਂ ਉਮੀਦਵਾਰਾਂ ਦੀ ਮੈਰਿਟ ਅਤੇ ਯੋਗਤਾ ਦੇ ਆਧਾਰ 'ਤੇ ਕੀਤੀ ਗਈ ਹੈ। ਕੈਬਨਿਟ ਮੰਤਰੀ ਨੇ ਅੱਗੇ ਕਿਹਾ, ਪੂਰੇ ਪੰਜਾਬ ਵਿੱਚ ਇੱਕ ਵੀ ਅਜਿਹਾ ਵਿਅਕਤੀ ਨਹੀਂ ਹੈ ਜੋ ਇਹ ਦਾਅਵਾ ਕਰ ਸਕੇ ਕਿ ਉਸ ਨੇ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਪੈਸੇ ਦੇ ਕੇ ਜਾਂ ਕਿਸੇ ਸਿਫ਼ਾਰਸ਼ ਰਾਹੀਂ ਸਰਕਾਰੀ ਨੌਕਰੀ ਹਾਸਲ ਕੀਤੀ ਹੈ। ਪੀ ਪੀ ਐਸ ਸੀ ਭਰਤੀ ਪ੍ਰਕਿਰਿਆ ਨੂੰ ਲੈ ਕੇ ਉੱਠੇ ਸਵਾਲਾਂ ਦਾ ਜਵਾਬ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਸਾਡਾ ਸਟੈਂਡ ਬਿਲਕੁਲ ਸਪੱਸ਼ਟ ਹੈ ਕਿ ਇਹ ਪ੍ਰੀਖਿਆ ਪੂਰੀ ਤਰ੍ਹਾਂ ਆਜ਼ਾਦਾਨਾ ਅਤੇ ਨਿਰਪੱਖ ਪ੍ਰਕਿਰਿਆ ਰਾਹੀਂ ਕਰਵਾਈ ਗਈ ਹੈ।

ਸਾਨੂੰ ਪੂਰਾ ਭਰੋਸਾ ਹੈ ਕਿ ਹਾਈ ਕੋਰਟ ਸਾਹਮਣੇ ਰੱਖੇ ਜਾਣ ਵਾਲੇ ਤੱਥਾਂ ਰਾਹੀਂ ਪ੍ਰੀਖਿਆ ਸਬੰਧੀ ਸਾਰੇ ਖ਼ਦਸ਼ੇ ਦੂਰ ਹੋ ਜਾਣਗੇ।

ਨਿਤਿਨ ਕੋਹਲੀ ਨੇ ਰਾਧਾ ਸੁਆਮੀ ਬਿਆਸ ਡੇਰਾ ਮੁਖੀ ਦਾ ਲਿਆ ਆਸ਼ੀਰਵਾਦ

ਜਲੰਧਰ (ਸ਼ੈਲੀ ਐਲਬਰਟ)- ਆਮ ਆਦਮੀ ਪਾਰਟੀ (ਆਪ) ਦੇ ਜਲੰਧਰ ਕੇਂਦਰੀ ਵਿਧਾਨ ਸਭਾ ਹਲਕੇ ਲਈ ਉਮੀਦਵਾਰ ਨਿਤਿਨ ਕੋਹਲੀ ਨੇ ਆਪਣੀ ਪਤਨੀ ਨਿਧੀ ਕੋਹਲੀ ਸਮੇਤ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਦੌਰਾਨ ਨਿਧੀ ਕੋਹਲੀ ਨੇ ਸਤਿਕਾਰ, ਸ਼ਰਧਾ ਅਤੇ ਧੰਨਵਾਦ ਦੇ ਪ੍ਰਤੀਕ ਵਜੋਂ ਬਾਬਾ ਜੀ ਨੂੰ ਆਪਣੇ ਹੱਥਾਂ ਨਾਲ ਤਿਆਰ ਕੀਤੀ ਮੰਡਲਾ ਕਲਾ-ਕਿਰਤ ਭੇਟ ਕੀਤੀ।ਆਪਣੀ ਸ਼ਰਧਾ ਅਤੇ ਧੰਨਵਾਦ ਪ੍ਰਗਟ ਕਰਦਿਆਂ ਨਿਤਿਨ ਕੋਹਲੀ ਨੇ ਕਿਹਾ ਕਿ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨਾ ਉਨ੍ਹਾਂ ਅਤੇ ਉਨ੍ਹਾਂ ਦੀ ਪਤਨੀ ਲਈ ਬੇਹੱਦ ਅਰਥਪੂਰਨ ਅਨੁਭਵ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਲ ਮਨ ਨੂੰ ਸ਼ਾਂਤੀ ਪ੍ਰਦਾਨ ਕਰਦੇ ਹਨ ਅਤੇ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਸਕਾਰਾਤਮਕਤਾ, ਨਿਮਰਤਾ ਅਤੇ ਇਮਾਨਦਾਰੀ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ।



ਕੋਰਟ ਕੰਪਲੈਕਸ ਪਾਰਕਿੰਗ ਦੀ ਗਲਤ ਹੋਈ ਖਸਤਾ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਬਾਰ ਐਸੋਸੀਏਸ਼ਨ ਡੇਰਾਬੱਸੀ ਦੇ ਪ੍ਰਧਾਨ ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਨੇ ਤਹਿਸੀਲ ਅਤੇ ਕੋਰਟ ਕੰਪਲੈਕਸ ਦੀ ਮੁੱਖ ਪਾਰਕਿੰਗ ਦੀ ਬਦਹਾਲ ਹਾਲਤ 'ਤੇ ਸਖ਼ਤ ਰੋਸ ਜ਼ਾਹਰ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਕਿੰਗ ਦੀ ਲੁੱਕ ਉਖੜ ਚੁੱਕੀ ਹੈ ਅਤੇ ਰਾਤ ਸਮੇਂ ਰੌਸ਼ਨੀ ਲਈ ਵੀ ਕੋਈ ਢੁੱਕਵਾਂ ਪ੍ਰਬੰਧ ਨਹੀਂ ਹੈ, ਜਿਸ ਕਾਰਨ ਵਕੀਲਾਂ, ਸਰਕਾਰੀ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪਿਛਲੇ 5-7 ਮਹੀਨਿਆਂ ਤੋਂ ਐਸ.ਡੀ.ਐਮ., ਸਥਾਨਕ ਵਿਧਾਇਕ ਅਤੇ ਨਗਰ ਕੌਂਸਲ ਪ੍ਰਧਾਨ ਨੂੰ ਲਿਖਤੀ ਮੰਗ ਪੱਤਰ ਦਿੱਤੇ ਜਾ ਚੁੱਕੇ ਹਨ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਪਾਰਕਿੰਗ ਵਿੱਚ ਇੰਟਰਲਾਕ ਟਾਈਲਾਂ ਜਾਂ ਤਾਰਕੋਲ ਪਵਾਉਣਾ ਅਤੇ ਲਾਈਟਾਂ ਲਗਵਾਉਣਾ ਕੋਈ ਵੱਡਾ ਕੰਮ ਨਹੀਂ, ਫਿਰ ਵੀ ਪ੍ਰਸ਼ਾਸਨ ਦੀ ਲਗਾਤਾਰ ਚੁੱਪ ਸਮਝ ਤੋਂ ਬਾਹਰ ਹੈ।

ਸਮੂਹ ਬਾਰ ਐਸੋਸੀਏਸ਼ਨ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸਮੱਸਿਆ ਦਾ ਤੁਰੰਤ ਹੱਲ ਕਰਦਿਆਂ ਪਾਰਕਿੰਗ ਦੀ ਮੁਰੰਮਤ ਅਤੇ ਰੌਸ਼ਨੀ ਦਾ ਢੁੱਕਵਾਂ ਪ੍ਰਬੰਧ ਕੀਤਾ ਜਾਵੇ । ਇਸ ਮੌਕੇ ਬਾਰ ਐਸੋਸੀਏਸ਼ਨ ਜਨਰਲ ਸਕੱਤਰ ਜਗਤਾਰ ਸਿੰਘ ਬਾਛਲ, ਉਪ ਪ੍ਰਧਾਨ ਸ਼ਿਵ ਸ਼ਰਮਾ, ਗੀਤਿਕਾ ਗੋਇਲ, ਸੁਮਨ ਚੌਹਾਨ,ਵਿਪਿਨ ਸ਼ਰਮਾ ਤੇ ਸੀਨੀਅਰ ਵਕੀਲ ਸੁਭਾਸ਼ ਕਰਕਰਾ, ਭੀਮ ਸਿੰਘ, ਪ੍ਰਿੰਸ, ਜਸਬੀਰ ਜੌਹਲ ਅਤੇ ਹੋਰ ਵਕੀਲ ਸਾਹਿਬਾਨ ਹਾਜ਼ਰ ਸਨ।

ਝੋਨੇ ਦੀ ਪਰਾਲੀ ਸੰਭਾਲਣ ਸੰਬੰਧੀ ਜਾਗਰੂਕਤਾ ਕੈਂਪ ਕਰਵਾਇਆ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ) - ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਰਾਇਤ ਬਾਹੜਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਦੇ ਵਿਦਿਆਰਥੀਆਂ ਦੀ ਸ਼ਮੂਲੀਅਤ ਨਾਲ ਝੋਨੇ ਦੀ ਪਰਾਲੀ ਸੰਭਾਲਣ ਸਬੰਧੀ ਜਾਗਰੂਕਤਾ ਕੈਂਪ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਰਾਇਤ ਬਾਹੜਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਦੇ ਸਕੂਲ ਆਫ ਸਾਇੰਸਜ਼ ਦੇ ਡੀਨ ਤੇ ਕੌਮੀ ਸੇਵਾ ਯੋਜਨਾ ਦੇ ਕੋਆਰਡੀਨੇਟਰ, ਡਾ. ਜਯੋਤਸਨਾ ਨੇ ਆਏ ਮਾਹਿਰਾਂ ਦਾ ਸੁਆਗਤ ਕੀਤਾ ਅਤੇ ਝੋਨੇ ਦੀ ਪਰਾਲੀ ਸੰਭਾਲਣ ਲਈ ਜਾਗਰੂਕਤਾ ਮੁਹਿਮ ਚਲਾਉਣ ਲਈ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਯਤਨਾਂ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਨਾਲ ਰੂਬਰੂ ਹੁੰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੈਂਸ ਨੇ ਝੋਨੇ ਦੀ ਪਰਾਲੀ ਨੂੰ ਸੰਭਾਲਣ ਦੀ ਲੋੜ ਅਤੇ ਵੱਖ-ਵੱਖ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਹਨਾਂ ਨੇ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਸਬੰਧੀ ਵਿਸਥਾਰ ਪੂਰਵਕ ਦੱਸਿਆ।ਡਾ.ਬੈਂਸ ਨੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਮਸ਼ੀਨਰੀ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਅਤੇ ਝੋਨੇ ਦੀ ਪਰਾਲੀ ਦੀ ਬਾਇਉ ਗੈਸ ਪਲਾਂਟ, ਊਰਜਾ, ਖੁੰਬ ਉਤਪਾਦਨ ਅਤੇ ਪਸ਼ੂ ਖੁਰਾਕ ਵਜੋਂ ਵਰਤੋਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਰਾਇਤ ਬਾਹੜਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਹਿਯੋਗ ਨਾਲ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਹੋਣ ਵਾਲੇ ਨੁਕਸਾਨਾਂ ਪ੍ਰਤੀ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਭਾਸ਼ਣ, ਲੇਖ



ਲਿਖਣਾ ਅਤੇ ਪੇਂਟਿੰਗ ਦੇ ਮੁਕਾਬਲੇ ਵੀ ਕਰਵਾਏ ਗਏ । ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਰਾਇਤ ਬਾਹੜਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਦੇ ਉਪ ਕੁਲਪਤੀ, ਡਾ. ਚੰਦਰ ਮੋਹਨ ਅਤੇ ਹੋਰ ਮਹਿਮਾਨਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਵੱਖ-ਵੱਖ ਮੁਕਾਬਲੇ, ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਟਾਫ, ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨੀਅਰਿੰਗ), ਡਾ. ਅਜੈਬ ਸਿੰਘ, ਤੇ ਪ੍ਰੋਗਰਾਮ ਸਹਾਇਕ (ਲੈਬ ਟੈਕਨੀਸ਼ਿਅਨ), ਸ਼੍ਰੀਮਤੀ ਸੁਨੀਤਾ ਅਤੇ ਰਾਇਤ ਬਾਹੜਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਟਾਫ, ਮੁਖੀ, ਮੈਡਮ ਸਿਮਰਜੀਤ ਕੌਰ, ਸਹਾਇਕ ਪ੍ਰੋਫੈਸਰ ਮੈਡਮ ਨੀਰੂ ਜੰਮਵਾਲ, ਸ਼੍ਰੀ. ਨਿਸ਼ਾਂਤ ਭਾਟੀਆ, ਮੈਡਮ ਜਸਨੀਤ ਕੌਰ, ਡਾ. ਸਈਦ ਤੇ ਡਾ. ਪੂਜਾ ਦੀ ਦੇਖ-ਰੇਖ ਅਧੀਨ ਹੋਏ।

ਜ਼ਿਲ੍ਹਾ ਖਜ਼ਾਨਾ ਦਫ਼ਤਰ ਵੱਲੋਂ ਪੈਨਸ਼ਨ ਸੇਵਾ ਮੇਲਾ ਅੱਜ ਤੋਂ



ਬਲਾਚੌਰ / ਨਵਾਂ ਸ਼ਹਿਰ/ ਬੰਗਾ (ਜਸਵਿੰਦਰ ਬੈਂਸ ,ਮਨੋਜ ਲਾਡੀ, ਅਵਤਾਰ ਕਲੇਰ)— ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀਮਤੀ ਅਵਨੀਤ ਕੌਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਨਵਾਂ ਸ਼ਹਿਰ, ਸਬ ਖਜਾਨਾ ਦਫ਼ਤਰ ਬੰਗਾ ਅਤੇ ਬਲਾਚੌਰ ਵਿਚ ਦੋ ਦ

ਲੇਬਰ ਕੋਡਾਂ ਖ਼ਿਲਾਫ਼ ਏਟਕ ਦਾ ਰੋਸ ਪ੍ਰਦਰਸ਼ਨ

ਜ਼ੀਰਕਪੁਰ (ਜਤਿੰਦਰ ਕੁਮਾਰ) ਕੇਂਦਰ ਸਰਕਾਰ ਵੱਲੋਂ ਮਜ਼ਦੂਰ ਕਾਨੂੰਨਾਂ ਦੀ ਥਾਂ ਲਿਆਂਦੇ ਗਏ ਚਾਰ ਲੇਬਰ ਕੋਡਾਂ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਨੂੰ ਲਾਗੂ ਕਰਨ ਲਈ ਬਣਾਏ ਜਾ ਰਹੇ ਨਿਯਮਾਂ ਦੇ ਵਿਰੋਧ ਵਿੱਚ ਪੰਜਾਬ ਏਟਕ ਦੇ ਸੱਦੇ 'ਤੇ ਨਗਰ ਕੌਂਸਲ ਜ਼ੀਰਕਪੁਰ ਦੇ ਦਫ਼ਤਰ ਸਾਹਮਣੇ ਰੋਸ



ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਮਜ਼ਦੂਰਾਂ ਅਤੇ ਮੁਲਾਜ਼ਮਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਲੇਬਰ ਕੋਡ ਵਾਪਸ ਲੈਣ ਦੀ ਮੰਗ ਕੀਤੀ।ਪ੍ਰਦਰਸ਼ਨ ਦੀ ਅਗਵਾਈ ਪੰਜਾਬ ਏਟਕ ਦੀ ਵਰਕਿੰਗ ਕਮੇਟੀ ਦੇ ਮੈਂਬਰ ਪ੍ਰਦੀਪ ਸੂਦ ਅਤੇ ਜ਼ੀਰਕਪੁਰ ਦੇ ਪ੍ਰਧਾਨ ਰਵਿੰਦਰਪਾਲ ਸਿੰਘ ਦਫ਼ਤਰੀ ਨੇ ਕੀਤੀ।ਇਸ ਮੌਕੇ ਪੰਜਾਬ ਏਟਕ ਦੇ ਸੂਬਾ ਸਕੱਤਰ ਵਿਨੋਦ ਚੁੱਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਦੀਪ ਸੂਦ ਅਤੇ ਰਵਿੰਦਰਪਾਲ ਸਿੰਘ ਨੇ ਦੋਸ਼ ਲਾਇਆ ਕਿ ਮਜ਼ਦੂਰ ਵਿਰੋਧੀ ਲੇਬਰ ਕੋਡਾਂ ਨੂੰ ਲਾਗੂ ਕਰਨ ਦੇ ਮਾਮਲੇ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਫ਼ਰਕ ਨਹੀਂ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਡੇ ਸਨਅਤਕਾਰਾਂ ਦੇ ਹਿੱਤਾਂ ਨੂੰ ਤਰਜੀਹ ਦੇ ਕੇ ਮਜ਼ਦੂਰਾਂ ਦੇ ਹੱਕਾਂ ਨੂੰ ਪ੍ਰਭਾਵਿਤ ਕਰ ਰਹੀ ਹੈ।ਸੂਬਾ ਸਕੱਤਰ ਵਿਨੋਦ ਚੁੱਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਵੇਂ ਨਿਯਮ ਬਣਾਉਣਾ ਮਿਹਨਤਕਸ਼ ਵਰਗ ਦੇ ਹਿੱਤਾਂ ਦੇ ਉਲਟ ਹੈ।ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਲੇਬਰ ਕੋਡਾਂ ਨਾਲ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਹੋਵੇਗਾ, ਜਦਕਿ ਮਜ਼ਦੂਰਾਂ ਦੇ ਹੱਕ ਅਤੇ ਸੁਰੱਖਿਆ ਪ੍ਰਭਾਵਿਤ ਹੋਣਗੇ।ਇਸ ਮੌਕੇ ਨਗਰ ਪੰਚਾਇਤ ਵਰਕਰ ਯੂਨੀਅਨ (ਏਟਕ) ਲਾਲੜੂ ਦੇ ਪ੍ਰਧਾਨ ਰਾਜੇਸ਼ ਕੁਮਾਰ, ਜਨਰਲ ਸਕੱਤਰ ਗੁਰਦੀਪ ਸਿੰਘ, ਸੂਰਜ ਕੁਮਾਰ, ਅਨਿਲ ਕੁਮਾਰ, ਪ੍ਰਦੀਪ ਦੀਪੂ, ਸੰਤਰੇਸ਼ ਕੁਮਾਰ, ਸੁਰੇਸ਼ ਕੁਮਾਰ, ਰਕੇਸ਼ ਕੁਮਾਰ, ਰਵੀ ਸੂਦ ਅਤੇ ਅਮਿਤ ਕੁਮਾਰ ਸਮੇਤ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ। ਖ਼ਬਰ ਦਾ ਮੁੱਖ ਜਨਹਿੱਤ ਪੱਖ: ਲੇਬਰ ਕੋਡਾਂ ਦੇ ਲਾਗੂ ਹੋਣ ਨਾਲ ਮਜ਼ਦੂਰਾਂ ਦੀ ਨੌਕਰੀ ਦੀ ਸੁਰੱਖਿਆ, ਕੰਮ ਦੀਆਂ ਸ਼ਰਤਾਂ ਅਤੇ ਕਾਨੂੰਨੀ ਹੱਕਾਂ 'ਤੇ ਕੀ ਪ੍ਰਭਾਵ ਪਵੇਗਾ, ਇਹ ਇਸ ਪ੍ਰਦਰਸ਼ਨ ਦਾ ਮੁੱਖ ਮੁੱਦਾ ਰਿਹਾ।

ਪੀ.ਜੀ.ਆਈ 'ਚ ਵੀ ਮਿਲੇਗਾ ਸਿਹਤ ਯੋਜਨਾ ਦਾ ਲਾਭ : ਮਾਨ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਵਿਧਾਨ ਸਭਾ ਹਲਕਾ ਨਕੋਦਰ ਤੋਂ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ



ਹੁਣ ਚੰਡੀਗੜ੍ਹ ਸਥਿਤ ਪੀ.ਜੀ.ਆਈ. ਵਿੱਚ ਵੀ ਸਿਹਤ ਕਾਰਡ ਰਾਹੀਂ ਇਲਾਜ ਦੀ ਸਹੂਲਤ ਸ਼ੁਰੂ ਹੋ ਗਈ ਹੈ। ਇਸ ਤਹਿਤ ਪੰਜਾਬ ਦੇ ਯੋਗ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਕਰਵਾ ਸਕਣਗੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਅਧੀਨ ਦਿਲ, ਗੁਰਦੇ, ਕੈਂਸਰ, ਨਿਊਰੋ ਸਰਜਰੀ ਅਤੇ ਹਾਦਸਿਆਂ ਸਮੇਤ ਗੰਭੀਰ ਬਿਮਾਰੀਆਂ ਦੇ ਇਲਾਜ ਲਈ 2,000 ਤੋਂ ਵੱਧ ਮੈਡੀਕਲ ਪੈਕੇਜ ਸ਼ਾਮਲ ਕੀਤੇ ਗਏ ਹਨ। ਪੀ.ਜੀ.ਆਈ. ਵਿੱਚ ਇਲਾਜ ਸਬੰਧੀ ਜਾਣਕਾਰੀ ਜਾਂ ਕਿਸੇ ਸਹਾਇਤਾ ਲਈ ਮਰੀਜ਼ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਸਪਤਾਲ ਵਿੱਚ ਸਥਾਪਤ ਆਯੁਸ਼ਮਾਨ ਮਿੱਤਰ ਕਾਊਂਟਰ 'ਤੇ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ ਹੈਲਪਲਾਈਨ ਨੰਬਰ 104 ਅਤੇ 14555 'ਤੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਜੇਤੂ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ

ਜਲੰਧਰ (ਸੁਰਿੰਦਰ ਕੁਮਾਰ) - ਆਮ ਲੋਕਾਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਸਥਾਨਕ ਰੈਡ ਕਰਾਸ ਭਵਨ ਵਿਖੇ ਵੋਟਰ ਜਾਗਰੂਕਤਾ ਸਬੰਧੀ ਜ਼ਿਲ੍ਹਾ ਪੱਧਰੀ ਕੁਇੱਜ਼ ਅਤੇ ਲੇਖ ਲਿਖਣ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਅਤੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਵਧੀਕ ਡਿਪਟੀ ਕਮਿਸ਼ਨਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਸਾਡਾ ਸਭ ਦਾ ਇਹ ਮੁੱਢਲਾ ਫਰਜ਼ ਬਣਦਾ ਹੈ ਕਿ ਅਸੀਂ ਦੇਸ਼ ਦੇ ਲੋਕਤੰਤਰੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਚੋਣ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਸ਼ਮੂਲੀਅਤ ਕਰੀਏ ਅਤੇ ਦੂਸਰਿਆਂ ਨੂੰ ਵੀ ਭਾਗ ਲੈਣ ਲਈ ਪ੍ਰੇਰਿਤ ਕਰੀਏ। ਇਸ ਤੋਂ ਪਹਿਲਾਂ ਵਿੱਦਿਅਕ ਸੰਸਥਾਵਾਂ ਵਲੋਂ ਆਪਣੇ ਪੱਧਰ 'ਤੇ ਵੋਟਰ ਜਾਗਰੂਕਤਾ ਸਬੰਧੀ ਵਿਦਿਆਰਥੀਆਂ ਦੇ ਮੁਕਾਬਲੇ ਕਰਵਾਏ ਗਏ ਸਨ ਅਤੇ ਵਿਧਾਨ ਸਭਾ ਹਲਕਾ ਪੱਧਰੀ ਮੁਕਾਬਲਿਆਂ ਵਿੱਚ



ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਵਲੋਂ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਹਿੱਸਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਜੇਤੂ ਰਹਿਣ ਵਾਲੇ 10 ਵਿਦਿਆਰਥੀ ਹੁਣ ਰਾਜ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ। ਉਨ੍ਹਾਂ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਹੋਰਨਾਂ ਵਿਦਿਆਰਥੀਆਂ ਨੂੰ ਵੀ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੋਟ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਦਾ ਸੱਦਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੋਡਲ ਅਫ਼ਸਰ ਸਵੀਪ ਡਾ.ਅਸ਼ੋਕ ਸਹੋਤਾ, ਸਕੱਤਰ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਡਾ.ਸੁਰਜੀਤ ਲਾਲ, ਨੇਕ ਰਾਮ, ਰਾਕੇਸ਼ ਕੁਮਾਰ ਐਡਵੋਕੇਟ, ਸੁਨੀਲ ਕੁਮਾਰ ਅਤੇ ਸਕੂਲਾਂ ਤੇ ਕਾਲਜਾਂ ਦੇ ਅਧਿਆਪਕ ਤੇ ਵਿਧਾਨ ਸਭਾ ਹਲਕੇ ਦੇ ਸਮੂਹ ਨੋਡਲ ਅਫ਼ਸਰ ਵੀ ਮੌਜੂਦ ਸਨ।

ਕੁਲਜੀਤ ਸਿੰਘ ਰੰਧਾਵਾ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਪਹੁੰਚੇ

ਡੇਰਾਬੱਸੀ, (ਵਿਨੈ ਕੁਮਾਰ ਜੈਨ) ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਡੇਰਾਬੱਸੀ ਨਗਰ ਕੌਂਸਲ ਅਧੀਨ ਆਉਂਦੇ ਵਾਰਡ ਨੰਬਰ 1, 2, 3, 4, 7 ਅਤੇ 8 ਵਿੱਚ ਕਰਵਾਏ ਜਾ ਰਹੇ ਅਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦਾ ਮੌਕੇ 'ਤੇ ਪਹੁੰਚ ਕੇ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਵੱਲੋਂ ਵਿਕਾਸ ਕਾਰਜਾਂ ਦੀ ਪ੍ਰਗਤੀ ਅਤੇ ਗੁਣਵੱਤਾ ਸਬੰਧੀ ਜਾਣਕਾਰੀ ਹਾਸਲ ਕੀਤੀ ਗਈ। ਵਿਧਾਇਕ ਸ. ਰੰਧਾਵਾ ਨੇ ਕਿਹਾ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੱਲ ਰਹੇ ਕੰਮਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਾ ਕੀਤਾ ਜਾਵੇ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਦਾ ਸਰਬਪੱਖੀ ਵਿਕਾਸ ਕਰਨਾ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਸਰਕਾਰ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਵਿਧਾਇਕ ਨੇ ਕਿਹਾ ਕਿ ਡੇਰਾਬੱਸੀ ਦਾ ਸਰਬਪੱਖੀ ਵਿਕਾਸ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਦੀ ਖੁਦ ਨਿਗਰਾਨੀ ਕਰਕੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਰਕਾਰੀ ਪੈਸੇ ਦਾ ਸਹੀ ਇਸਤੇਮਾਲ ਹੋਵੇ ਅਤੇ ਹਰ ਕੰਮ ਦਾ ਲਾਭ ਸਿੱਧਾ ਲੋਕਾਂ ਤੱਕ ਪਹੁੰਚੇ।

ਇਸ ਮੌਕੇ ਨਗਰ ਕੌਂਸਲ ਪ੍ਰਧਾਨ ਸ੍ਰੀ ਆਸ਼ੂ ਨਰੇਸ਼ ਉਪਨੇਜਾ, ਸੀਨੀਅਰ ਮੀਤ ਪ੍ਰਧਾਨ ਸ੍ਰੀ ਦਵਿੰਦਰ ਸੈਣੀ, ਕੌਂਸਲਰ ਸ੍ਰੀ ਹਰੀਸ਼ ਪਾਲ, ਸ੍ਰੀਮਤੀ ਸੁਨੀਤਾ ਰਾਣੀ, ਸ੍ਰੀ ਰਿਸ਼ੂ ਸ਼ਰਮਾ, ਅਜੈ ਕੁਮਾਰ, ਵਾਰਡ ਇੰਚਾਰਜ ਮਨਜੀਤ ਸਿੰਘ, ਬਿੰਦਰ ਸਿੰਘ, ਕਾਰਜ ਸਾਧਕ ਅਫ਼ਸਰ ਰੋਹਿਤ ਕੁਮਾਰ ,ਸਿਆਸੀ ਸਲਾਹਕਾਰ ਰਾਹੁਲ ਕੋਸ਼ਿਸ਼ ਅਤੇ ਸਬੰਧਤ ਅਧਿਕਾਰੀ ਮੌਜੂਦ ਸਨ।

ਠੇਕੇਦਾਰੀ ਪ੍ਰਥਾ ਖਤਮ ਕਰਾਂਗੇ : ਸੈਣੀ



ਪੋਜੇਵਾਲ (ਰਾਮ ਲਾਲ)- ਭਾਰਤੀ ਜਵਾਨ ਕਿਸਾਨ ਪਾਰਟੀ (ਬੀ ਜੇ ਕੇ ਪੀ) ਪੰਜਾਬ ਦੇ ਸੂਬਾ ਪ੍ਰਧਾਨ ਇੰਜੀਨੀਅਰ ਦਲਜੀਤ ਸਿੰਘ ਸੈਣੀ ਨੇ ਮਿਸ਼ਨ 2027 ਤਹਿਤ ਗਰੰਟੀ ਨੰਬਰ 7 ਦਾ ਐਲਾਨ ਕਰਦਿਆਂ ਕਿਹਾ ਕਿ ਪਾਰਟੀ ਦਾ ਮੁੱਖ ਉਦੇਸ਼ ਠੇਕੇਦਾਰੀ ਪ੍ਰਥਾ ਅਤੇ ਵਿਚੋਲਿਆਂ ਦੀ ਪ੍ਰਣਾਲੀ ਖਤਮ ਕਰਕੇ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿਵਾਉਣਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੀ ਪ੍ਰਸਤਾਵਿਤ ਨੀਤੀ ਤਹਿਤ ਸਰਕਾਰੀ ਅਤੇ ਨਿੱਜੀ ਖੇਤਰ ਦੇ ਯੋਗ ਕਰਮਚਾਰੀਆਂ ਨੂੰ ਸਿੱਧੀ ਭਰਤੀ, ਬਰਾਬਰ ਕੰਮ ਲਈ ਬਰਾਬਰ ਤਨਖਾਹ, ਮਹਿੰਗਾਈ ਭੱਤਾ (ਡੀਏ), ਸਰਕਾਰੀ ਮੁਲਾਜ਼ਮਾਂ ਦੇ ਸਮਾਨ ਛੁੱਟੀਆਂ, ਮੈਡੀਕਲ ਸਹੂਲਤਾਂ, ਬੱਚਿਆਂ ਦੀ ਸਿੱਖਿਆ ਲਈ ਸਹਾਇਤਾ, ਪੀ ਐੱਫ, ਪੈਨਸ਼ਨ, ਬੋਨਸ ਅਤੇ ਨੌਕਰੀ ਦੀ ਸੁਰੱਖਿਆ ਵਰਗੇ ਲਾਭ ਦੇਣ ਲਈ ਕਦਮ ਚੁੱਕੇ ਜਾਣਗੇ।

ਭਾਰਤ ਸਕਾਊਟਸ ਤੇ ਗਾਇਡਜ਼ ਵੱਲੋਂ ਤ੍ਰਿਤਿਆ ਸੋਪਾਨ ਟੈਸਟਿੰਗ ਕੈਂਪ ਲਗਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ) ਭਾਰਤ ਸਕਾਊਟਸ ਅਤੇ ਗਾਇਡਜ਼ ਵੱਲੋਂ ਤ੍ਰਿਤਿਆ ਸੋਪਾਨ ਟੈਸਟਿੰਗ ਕੈਂਪ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਖੇ ਲਗਾਇਆ ਗਿਆ।ਇਸ ਚਾਰ ਰੋਜ਼ਾ ਕੈਂਪ ਦੇ ਅੰਤਲੇ ਦਿਨ ਓਂਕਾਰ ਸਿੰਘ (ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ) ਨੇ ਵਿਸ਼ੇਸ਼ ਤੌਰ 'ਤੇ



ਸ਼ਿਰਕਤ ਕੀਤੀ ਅਤੇ ਕੈਂਪ ਦਾ ਨਿਰੀਖਣ ਕੀਤਾ।ਕੈਂਪ ਸੁਰਿੰਦਰ ਸਿੰਘ (ਡਿਸਟ੍ਰਿਕ ਆਰਗੇਨਾਈਜ਼ਿੰਗ ਕਮਿਸ਼ਨਰ) ਦੀ ਅਗਵਾਈ ਹੇਠ ਬਾਖੂਬੀ ਨੇਪਰੇ ਚੜ੍ਹਿਆ, ਜਿਸ ਵਿੱਚ ਪ੍ਰਿੰ. ਕੁਲਵਿੰਦਰ ਸਿੰਘ ਦੀ ਸੁਚੱਜੀ ਦੇਖ-ਰੇਖ ਸ਼ਾਮਿਲ ਸੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੈਂਪ ਦੇ ਮੀਡੀਆ ਸਲਾਹਕਾਰ ਲੈਕਚਰਾਰ ਰਾਬਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਇਸ ਕੈਂਪ ਵਿੱਚ 228 ਸਕਾਊਟ ਅਤੇ ਗਾਇਡਜ਼ ਨੇ ਭਾਗ ਲਿਆ। ਸਮਾਗਮ ਵਿੱਚ ਰੂਪਨਗਰ ਦੇ ਸਕੱਤਰ ਗੁਰਸੇਹਜ ਸਿੰਘ ਨੇ ਪ੍ਰੈਕਟੀਕਲ ਤਰੀਕੇ ਨਾਲ ?ਫਸਟ ਏਡ ਬਾਰੇ ਦੱਸਿਆ ਅਤੇ ਯੋਗਾ ਟਰੇਨਰ ਗੁਰਪ੍ਰੀਤ ਕੌਰ ਨੇ ਵੀ ਸਿਹਤਮੰਦ ਰਹਿਣ ਦੇ ਗੁਰ ਦੱਸੇ।ਬਤੌਰ ਟਰੇਨਰ ਰਾਬਿੰਦਰ ਸਿੰਘ ਰੱਬੀ (ਲੈਕਚਰਾਰ ਸਸਸਸ ਭੱਕੂ ਮਾਜਰਾ), ਉਂਕਾਰ ਸਿੰਘ (ਸਹਸ ਚੱਕ ਕਰਮਾ) ਮਨਰੀਤ ਕੌਰ, ਚਰਨਜੀਤ ਸਿੰਘ ਚੰਨੀ (ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਰੂਪਨਗਰ) ਅਤੇ ਸਕਾਊਟ ਮਾਸਟਰ ਦੀਪਾਂਕਰ ਕੌਸ਼ਲ ਸ਼ਾਮਿਲ ਸਨ। ਇਸ ਮੌਕੇ ਓਂਕਾਰ ਸਿੰਘ ਨੇ ਬੱਚਿਆਂ ਨੂੰ ਬਹੁਤ ਸਰਲ ਤਰੀਕੇ ਨਾਲ਼ ਬਾ ਕਮਾਲ ਗੱਲਾਂ ਸਮਝਾਈਆਂ ਅਤੇ ਉਨ੍ਹਾਂ ਨੂੰ ਭਾਗੀਦਾਰ ਬਣਾ ਕੇ ਇੱਕ ਵਧੀਆ ਮਾਹੌਲ ਸਿਰਜ ਦਿੱਤਾ।

ਗਰੁੱਪ ਲੀਡਰ ਹਰਨੂਰਦੀਪ ਸਿੰਘ ਰੰਧਾਵਾ ਅਤੇ ਅਮਰਿੰਦਰ ਸਿੰਘ ਦਾ ਵੀ ਸਨਮਾਨ ਹੋਇਆ। ਹਰਜਸ ਸਿੰਘ, ਉਦੇਪ੍ਰਤਾਪ ਸਿੰਘ, ਸੁਖਪ੍ਰੀਤ ਸਿੰਘ ਅਤੇ ਸਹਿਜਪ੍ਰੀਤ ਸਿੰਘ ਦੀ ਕਾਰਗੁਜ਼ਾਰੀ ਵੀ ਵਧੀਆ ਰਹੀ।ਮੈਡਮ ਅਮਨਦੀਪ ਕੌਰ ਅਤੇ ਗੁਰਿੰਦਰ ਕੌਰ ਦਾ ਵੀ ਸਹਿਯੋਗ ਵਰਣਨਯੋਗ ਹੈ।

ਮੰਚ ਸੰਚਾਲਨ ਚਰਨਜੀਤ ਸਿੰਘ ਚੰਨੀ ਨੇ ਕੀਤਾ।ਸਨਮਾਨ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ੍ਰੀਮਤੀ ਪਰਮਿੰਦਰ ਕੌਰ (ਡੀ.ਟੀ.ਸੀ.), ਸ੍ਰੀਮਤੀ ਅਮਰਜੀਤ ਕੌਰ ਮਾਵੀ (ਸਮਿਸ ਕਟਲੀ) ਅਤੇ ਸ੍ਰੀਮਤੀ ਰਣਧੀਰ ਕੌਰ (ਗਾਇਡ ਕੈਪਟਨ) ਵੀ ਪੁੱਜੇ, ਜਿਨ੍ਹਾਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿੱਚ ਪ੍ਰਿੰ. ਸੰਦੀਪ ਕੌਰ ਦੀ ਦੇਖ-ਰੇਖ ਹੇਠ ਬਾਖੂਬੀ ਕੈਂਪ ਲਾਇਆ।

ਡਿਜੀਟਲ ਇਨੋਵੇਸ਼ਨ ਮੇਲੇ ਦੌਰਾਨ ਵਿਦਿਆਰਥੀਆਂ ਵੱਲੋਂ ਏ ਆਈ ਰਾਹੀਂ ਸਮੱਸਿਆਵਾਂ ਦੇ ਨਿਪਟਾਰੇ

ਜਲੰਧਰ (ਸੁਰਿੰਦਰ ਕੁਮਾਰ) ਪੰਜਾਬ ਸਕੂਲ ਸਿੱਖਿਆ ਵਿਭਾਗ ਵਲੋਂ 'ਮਿਸ਼ਨ ਰਫ਼ਤਾਰ' ਤਹਿਤ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਨਹਿਰੂ ਗਾਰਡਨ ਵਿਖੇ ਜ਼ਿਲ੍ਹਾ ਪੱਧਰੀ ਡਿਜੀਟਲ ਇਨੋਵੇਸ਼ਨ ਮੇਲਾ



(ਜਲੰਧਰ ਟੈਕ ਫੇਅਰ 2026-27) ਕਰਵਾਇਆ ਗਿਆ।ਪੰਜਾਬ ਦੇ ਬਾਗਬਾਨੀ, ਸੂਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ।ਇਸ ਮੌਕੇ ਪ੍ਰਦਰਸ਼ਨੀ ਦਾ ਨਿਰੀਖਣ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਭਗਤ ਨੇ ਕਿਹਾ ਕਿ ਕੋਈ ਵੀ ਸਮਾਜ ਮਿਆਰੀ ਸਕੂਲੀ ਸਿੱਖਿਆ ਤੋਂ ਬਗੈਰ ਪ੍ਰਗਤੀ ਨਹੀਂ ਕਰ ਸਕਦਾ।ਮੇਲੇ ਦੌਰਾਨ ਵਿਦਿਆਰਥੀਆਂ ਵਲੋਂ ਰੋਜ਼ਾਨਾ ਦੀਆਂ ਨਾਗਰਿਕ ਅਤੇ ਘਰੇਲੂ ਸਮੱਸਿਆਵਾਂ ਦੇ ਹੱਲ ਲਈ ਅਤਿ ਆਧੁਨਿਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ) ਮਾਡਲ ਪ੍ਰਦਰ

ਪ੍ਰਭ ਆਸਰਾ ਨਿਆਸਰਿਆਂ ਦੇ ਘਰ ਫੇਰੂਰਾਈ ਵੱਲੋਂ ਕੈਨੇਡਾ ਵਿਖੇ ਵੱਡਾ ਇਕੱਠ



ਜਗਰਾਉਂ (ਸੰਜੀਵ ਅਰੋੜਾ)-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਪਿੰਡ ਫੇਰੂਰਾਈ ਜਿੱਥੇ ਮੰਦਬੁੱਧੀ ਬਜ਼ੁਰਗਾਂ ਦੀ ਸੇਵਾ ਤੇ ਸੰਭਾਲ ਬਹੁਤ ਹੀ ਸ਼ਲਾਘਾਯੋਗ ਢੰਗ ਨਾਲ ਕੀਤੀ ਜਾਂਦੀ ਹੈ। ਇਸ ਦੀ ਮੇਨ ਬ੍ਰਾਂਚ ਕੁਰਾਲੀ ਚੰਡੀਗੜ੍ਹ ਵਿੱਚ ਪਿਛਲੇ 23 ਸਾਲਾਂ ਤੋਂ ਬਜ਼ੁਰਗਾਂ ਲਈ ਆਸਰਾ ਦਿੱਤਾ ਜਾ ਰਿਹਾ ਹੈ। ਇਸ ਗੱਲ ਦਾ ਪ੍ਰਗਟਾਵਾ ਪ੍ਰਭ ਆਸਰਾ ਫੇਰੂਰਾਈ ਦੇ ਮੁਖੀ ਹਰਜੀਤ ਸਿੰਘ ਰਾਏ ਵੱਲੋਂ ਕੀਤਾ ਗਿਆ। ਹਰਜੀਤ ਸਿੰਘ ਰਾਏ ਤੇ ਨਰਿੰਦਰ ਸਿੰਘ ਗੋਰਾ ਕੈਨੇਡਾ ਨੇ ਦੱਸਿਆ ਕਿ ਪ੍ਰਭ ਆਸਰਾ ਨਿਆਸਰਿਆਂ ਦੇ ਘਰ ਸੰਸਥਾ ਕੁਰਾਲੀ ਚੰਡੀਗੜ੍ਹ ਦੀ ਮੁਖੀ ਬੀਬੀ ਰਾਜਿੰਦਰ ਕੌਰ ਵੱਲੋਂ ਪਿਛਲੇ ਦਿਨੀਂ ਕੈਨੇਡਾ ਫੇਰੀ ਦੌਰਾਨ ਸਮਾਜ ਦਰਦੀਆਂ ਦਾ ਇੱਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਸ਼ਮੂਲੀਅਤ ਕੀਤੀ ਗਈ ਤੇ ਪ੍ਰਭ ਆਸਰਾ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜਿਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ। ਮਮਤਾ ਫਾਊਂਡੇਸ਼ਨ ਦੇ ਪ੍ਰਧਾਨ ਮੱਖਣ ਟੂੱਟ ਵੱਲੋਂ ਹਰਜੀਤ ਸਿੰਘ ਰਾਏ ਵੱਲੋਂ ਪ੍ਰਭ ਆਸਰਾ ਸੰਸਥਾ ਲਈ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ। ਪ੍ਰਭ ਆਸਰਾ ਨਿਆਸਰਿਆਂ ਦੇ ਘਰ ਵੱਲੋਂ ਸੜਕਾਂ ਤੇ ਰੁਲਦੇ ਪ੍ਰਾਣੀਆ ਨੂੰ ਆਸਰਾ ਦਿੱਤਾ ਜਾਂਦਾ ਹੈ ਤੇ ਇਸ ਵਿੱਚ ਬੱਚੇ, ਬਜ਼ੁਰਗਾਂ ਤੇ ਮਤਾਵਾਂ ਲਈ ਵੱਖੋ-ਵੱਖਰੇ ਰੈਣ ਬਸੇਰਿਆਂ ਵਿੱਚ ਵੰਡਿਆ ਗਿਆ ਹੈ ਤੇ ਹੋਰ ਵੀ ਕਈ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ। ਕੈਨੇਡਾ ਦੀ ਧਰਤੀ ਵਿੱਚ ਪ੍ਰਭ ਆਸਰਾ ਲਈ ਯੋਗਦਾਨ ਦੇਣ ਸਮੇਂ ਹਰਜੀਤ ਸਿੰਘ ਗਿੱਲ ਸਰਬੱਤ ਦਾ ਭਲਾ ਫ੍ਰੀ ਐਡ ਸੁਸਾਇਟੀ, ਜੈਸੀ ਸਹੋਤਾ ਐਮ. ਐੱਲ. ਏ, ਬੀਸੀ ਖ਼ਾਲਸਾ ਦਰਬਾਰ ਸੁਸਾਇਟੀ ਵੈਨਕੂਵਰ, ਪਰਮ ਧਾਲੀਵਾਲ, ਹਰਜਿੰਦਰ ਸੋਹੀ, ਮੱਖਣ ਟੂੱਟ ਕਨੇਡਾ, ਨਰਿੰਦਰ ਸਿੰਘ ਗੋਰਾ ਤੇ ਖਾਸ ਕਰਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਗਿਆਨੀ ਨਿਰਭੈ ਸਿੰਘ ਪ੍ਰਭ ਆਸਰਾ ਦੀ ਸਾਲਾਨਾ ਇਕੱਤਰਤਾ ਵਿੱਚ ਸ਼ਾਮਲ ਹੋਏ।

ਕਰਨਲ ਕਸ਼ਮੀਰ ਸਿੰਘ ਦਾ ਵਿਸ਼ੇਸ਼ ਸਨਮਾਨ



ਮੱਖੂ (ਰਛਪਾਲ ਸਿੰਘ ਸੰਧੂ)-ਕਰਨਲ ਕਸ਼ਮੀਰ ਸਿੰਘ ਜੋ ਕਿ ਆਪਣੇ ਆਪ ਨੂੰ 74 ਸਾਲ ਦਾ ਨੌਜਵਾਨ ਦੱਸਦੇ ਹਨ, ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਟ੍ਰਿਬਿਊਟ ਰਾਈਡ ਫਰੀਦਕੋਟ ਵੱਲੋਂ ਕਰਵਾਈ ਸਾਈਕਲ ਰੇਸ ਵਿੱਚ 40 ਕਿਲੋਮੀਟਰ ਦੀ ਰੇਸ 1 ਘੰਟਾ 22 ਮਿੰਟ ਵਿੱਚ ਪੂਰੀ ਕਰਕੇ ਵਿਸ਼ੇਸ਼ ਸਨਮਾਨ ਪ੍ਰਾਪਤ ਕਰਕੇ ਮੱਖੂ ਸ਼ਹਿਰ ਦਾ ਨਾਮ ਰੋਸ਼ਨ ਕੀਤਾ।ਇਸ ਸਾਈਕਲ ਰੇਸ ਦੌਰਾਨ ਉਨ੍ਹਾਂ ਦੇ ਸਾਈਕਲ ਦੀ ਸਪੀਡ 28 ਕਿਲੋਮੀਟਰ ਪ੍ਰਤੀ ਘੰਟਾ ਰਹੀ।ਇਸ ਸਾਈਕਲ ਰੇਸ ਵਿੱਚ 300 ਦੇ ਕਰੀਬ ਸਾਈਕਲਿਸਟ ਨੇ ਹਿੱਸਾ ਲਿਆ।ਸਾਈਕਲ ਰੇਸ ਵਿੱਚ ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਕਰਨਲ ਕਸ਼ਮੀਰ ਸਿੰਘ ਨੇ ਦੱਸਿਆ ਕਿ ਉਹ ਪਿਛਲੇ 5 ਸਾਲ ਤੋਂ ਸਾਈਕਲ ਚਲਾ ਰਹੇ ਹਨ।ਇਸ ਕਰਕੇ ਉਨ੍ਹਾਂ ਦਾ ਸਰੀਰ ਤੰਦਰੁਸਤ ਅਤੇ ਬੀਮਾਰੀਆਂ ਤੋਂ ਬਚਿਆਂ ਹੋਇਆ ਹੈ।

ਐੱਨ ਐੱਸ ਐੱਸ ਕੈਂਪ 'ਚ ਸਾਈਬਰ ਕ੍ਰਾਈਮ ਤੋਂ ਬਚਾਅ ਤੇ ਵਿੱਦਿਅਕ ਕਰਜ਼ਿਆਂ ਸਬੰਧੀ ਜਾਣਕਾਰੀ



ਧੂਰੀ (ਸੁਖਦੇਵ ਸ਼ਰਮਾ, ਮਨੋਹਰ ਸਿੰਘ ਸੱਗੂ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਧੂਰੀ ਵਿਖੇ 13 ਨਵੰਬਰ ਤੋਂ 19 ਨਵੰਬਰ ਤੱਕ ਚੱਲ ਰਹੇ ਐਨ ਐਸ ਐਸ ਕੈਂਪ ਦੌਰਾਨ ਬੱਚੀਆਂ ਨੂੰ ਰੋਜ਼ਾਨਾ ਕਿਸੇ ਨਾਮਵਰ ਹਸਤੀ ਦੇ ਰੂਬਰੂ ਕੀਤਾ ਜਾਂਦਾ ਹੈ। ਇਸੇ ਕੜੀ ਤਹਿਤ ਪੰਜਾਬ ਨੈਸ਼ਨਲ ਬੈਂਕ ਦੇ ਰਿਟਾਇਰਡ ਸੀ: ਮੈਨੇਜਰ ਅਤੇ ਉੱਘੇ ਸਾਹਿਤਕਾਰ ਜਗਦੇਵ ਸ਼ਰਮਾ ਨੇ ਵਾਲੰਟੀਅਰ ਬੱਚੀਆਂ ਨਾਲ ਸੰਵਾਦ ਰਚਾਇਆ। ਅੱਜ ਦਾ ਵਿਸ਼ਾ ਸੀ, ਸਾਈਬਰ ਕ੍ਰਾਈਮ ਤੋਂ ਬਚਣ ਦੇ ਤਰੀਕੇ ਅਤੇ ਵਿਦਿਆਰਥੀਆਂ ਲਈ ਉਚੇਰੀ ਸਿੱਖਿਆ ਲਈ ਬੈਂਕਾਂ ਦੀਆਂ ਕਰਜ਼ ਸਕੀਮਾਂ ਦੇ ਵੇਰਵੇ। ਪਹਿਲਾਂ ਮਹਿਮਾਨ ਨੇ ਬੱਚੀਆਂ ਦੁਆਰਾ ਤਿਆਰ ਕੀਤੇ ਪ੍ਰੋਜੈਕਟਾਂ ਦਾ ਨਿਰੀਖਣ ਕੀਤਾ ਅਤੇ ਬੱਚੀਆਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ। ਰਾਮ ਚੰਦ ਸ਼ਰਮਾ, ਰਿਟਾਇਰਡ ਲੈਕਚਰਾਰ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਸਕੂਲ ਦੇ ਵਾਈਸ ਪਿੰਸੀਪਲ ਅਵਤਾਰ ਸਿੰਘ ਨੇ ਮਹਿਮਾਨ ਦਾ ਤੁਆਰਫ ਕਰਵਾਇਆ। ਕੈਂਪ ਪ੍ਰਬੰਧਕ ਸਰਬਜੀਤ ਕੌਰ ਦਾ ਸਹਿਯੋਗ ਸ਼ਲਾਘਾ ਪੂਰਨ ਰਿਹਾ। ਅਖੀਰ ਵਿੱਚ ਪਿੰਸੀਪਲ ਗੁਰਵਿੰਦਰ ਸਿੰਘ ਨੇ ਚਰਿੱਤਰ ਨਿਰਮਾਣ 'ਤੇ ਜ਼ੋਰ ਦਿੰਦਿਆਂ ਸਾਰਿਆਂ ਦਾ ਧੰਨਵਾਦ ਕੀਤਾ।

ਸੇਂਟ ਥੇਰੇਸਾ ਕਾਨਵੈਂਟ ਸਕੂਲ ਵਿੱਚ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ



ਸਮਾਣਾ (ਇਕਬਾਲ ਸਿੰਘ ਬੱਲ)-ਸੇਂਟ ਥੇਰੇਸਾ ਕਾਨਵੈਂਟ ਸਕੂਲ ਵਿੱਚ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਭਾਰਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਦੇ ਉਦੇਸ਼ ਨਾਲ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ ਗਿਆ। ਇਸ ਸਮਾਗਮ ਵਿੱਚ ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਜੋਸ਼ ਨਾਲ ਭਾਗ ਲਿਆ। ਇਸ ਮੌਕੇ ਬੱਚਿਆਂ ਨੇ ਵੱਖ-ਵੱਖ ਰੰਗ-ਬਿਰੰਗੇ ਅਤੇ ਆਕਰਸ਼ਕ ਪਹਿਰਾਵਿਆਂ ਵਿੱਚ ਰੈਂਪ ਵਾਕ ਕਰਕੇ ਆਪਣੀ ਕਲਾ, ਹੁਨਰ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਨੰਨ੍ਹੇ-ਮੁੰਨੇ ਬੱਚੇ ਆਜ਼ਾਦੀ ਘੁਲਾਟੀਆਂ, ਮਹਾਨ ਸ਼ਖ਼ਸੀਅਤਾਂ, ਡਾਕਟਰਾਂ, ਇੰਜੀਨੀਅਰਾਂ ਅਤੇ ਹੋਰ ਵੱਖ-ਵੱਖ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਦੇ ਰੂਪ ਵਿੱਚ ਸਜੇ ਹੋਏ ਨਜ਼ਰ ਆਏ। ਬੱਚਿਆਂ ਨੇ ਨਾ ਸਿਰਫ਼ ਆਪਣੇ ਪਹਿਰਾਵਿਆਂ ਨਾਲ ਸਭ ਦਾ ਧਿਆਨ ਖਿੱਚਿਆ, ਸਗੋਂ ਆਪਣੇ ਕਿਰਦਾਰ ਅਨੁਸਾਰ ਪੇਸ਼ਕਾਰੀ ਕਰਕੇ ਦਰਸ਼ਕਾਂ ਨੂੰ ਪ੍ਰਭਾਵਿਤ ਵੀ ਕੀਤਾ। ਇਸ ਮੁਕਾਬਲੇ 'ਚ ਬੱਚਿਆਂ ਨੇ ਵੱਖ-ਵੱਖ ਰੂਪ ਧਾਰਨ ਕਰਕੇ ਸਮਾਜ ਨੂੰ ਸਿੱਖਿਆ, ਸਿਹਤ, ਦੇਸ਼ ਭਗਤੀ, ਮਿਹਨਤ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੁੜੇ ਮਹੱਤਵਪੂਰਨ ਸੰਦੇਸ਼ ਵੀ ਦਿੱਤੇ। ਉਨ੍ਹਾਂ ਦੀ ਮਾਸੂਮ ਅਦਾਕਾਰੀ, ਸੁੰਦਰ ਪਹਿਰਾਵੇ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਬੱਚਿਆਂ ਦੀ ਹੌਸਲਾ ਅਫ਼ਜ਼ਾਈ ਲਈ ਸਕੂਲ ਦੇ ਅਧਿਆਪਕਾਂ ਨੇ ਵੀ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸਿਸਟਰ ਰੋਸ਼ਨੀ ਨੇ ਕਿਹਾ ਕਿ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਕਰਵਾਉਣਾ ਵੀ ਬਹੁਤ ਜ਼ਰੂਰੀ ਹੈ, ਕਿਉਂਕਿ ਇਨ੍ਹਾਂ ਰਾਹੀਂ ਬੱਚਿਆਂ ਦੀਆਂ ਅੰਦਰੂਨੀ ਪ੍ਰਤਿਭਾਵਾਂ ਸਾਹਮਣੇ ਆਉਂਦੀਆਂ ਹਨ। ਅੰਤ ਵਿੱਚ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ।

ਗੋਪੀ ਰੰਗੀਲਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਸ਼ਹਿਰ ਵਿਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਅਤੇ ਆਮ ਆਦਮੀ ਪਾਰਟੀ ਪਟਿਆਲਾ ਦਾ ਪਰਿਵਾਰ ਹੋਰ ਵੱਡਾ ਹੋ ਗਿਆ, ਜਦੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਗੋਪੀ ਕੇਸ਼ਵ ਰੰਗੀਲਾ ਆਪਣੇ ਸਾਥੀਆਂ ਸਮੇਤ ਆਪ ਵਿੱਚ ਸ਼ਾਮਿਲ ਹੋ ਗਏ। ਉਨ੍ਹਾਂ ਕਿਹਾ ਕਿ ਆਪ ਸੁਪਰੀਮੋ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਪੱਖੀ ਸਰਕਾਰ ਪੂਰੇ ਪੰਜਾਬ ਵਿੱਚ ਲੋਕਾਂ ਦੀ ਸੋਚ ਨੂੰ ਬਦਲ ਰਹੀ ਹੈ। ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੀ ਰਹਿਨੁਮਾਈ ਹੇਠ ਕਾਂਗਰਸ ਪਾਰਟੀ ਦੇ ਓ ਬੀ ਸੀ ਮੋਰਚਾ ਪ੍ਰਧਾਨ, ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਤੇ ਵਾਈਸ ਪ੍ਰਧਾਨ ਦੋ ਵਾਰ ਕਾਂਗਰਸ ਪਾਰਟੀ ਤੋਂ ਐਮ ਸੀ ਦੀਆਂ ਚੋਣਾਂ ਲੜ ਚੁੱਕੇ ਗੋਪੀ ਕੇਸ਼ਵ ਰੰਗੀਲਾ, ਮੀਨਾਕਸ਼ੀ ਕੇਸ਼ਵ ਅਤੇ ਸੀਨੀਅਰ ਕਾਂਗਰਸੀ ਲੀਡਰ ਤੇ ਸਮਾਜ ਸੇਵੀ ਰਾਕੇਸ਼ ਧੰਨਾ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ।

ਜਿੰਮੀ ਇੰਸਾਂ ਤੇ ਜਯਾ ਇੰਸਾਂ ਨੂੰ ਆਨਰੇਰੀ ਡਾਕਟਰੇਟ ਐਵਾਰਡ ਮਿਲਣ 'ਤੇ ਪੰਚਾਇਤ ਵੱਲੋਂ ਨਿੱਘਾ ਸਵਾਗਤ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪਿੰਡ ਤੁੰਗਵਾਲੀ ਵਾਸੀ ਸੱਚ ਕਹੂੰ ਦੇ ਪੱਤਰਕਾਰ ਸੁਰੇਸ਼ ਕੁਮਾਰ ਇੰਸਾਂ ਦੇ ਪੁੱਤਰ ਜਿੰਮੀ ਇੰਸਾਂ ਤੇ ਨੂੰਹ ਜਯਾ ਇੰਸਾਂ (ਜੀਨੀਅਸ ਅਕੈਡਮੀ ਭੁੱਚੋ ਮੰਡੀ ਦੇ ਸੰਸਥਾਪਕ) ਨੂੰ ਪੀ ਐਚ ਐਚ ਡੀ ਮੈਜਿਕ ਬੁੱਕ ਆਫ ਰਿਕਾਰਡ ਫਾਊਂਡੇਸ਼ਨ ਫਰੀਦਾਬਾਦ ਦਿੱਲੀ ਵੱਲੋਂ ਆਨਰਾਰੀ ਡਾਕਟਰੇਟ ਐਵਾਰਡ ਮਿਲਣ ਉਪਰੰਤ ਪਿੰਡ ਪਹੁੰਚਣ 'ਤੇ ਪਿੰਡ ਵਾਸੀਆਂ, ਧਾਰਮਿਕ ਤੇ ਸਮਾਜ ਸੇਵੀ ਜਥੇਬੰਦੀਆਂ, ਰਾਜਸੀ ਆਗੂਆਂ ਅਤੇ ਪੰਚਾਇਤ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਰਪੰਚ ਜੋਗਿੰਦਰ ਸਿੰਘ ਬਰਾੜ ਨੇ ਕਿਹਾ ਕਿ ਜਿੰਮੀ ਇੰਸਾਂ ਅਤੇ ਜਯਾ ਇੰਸਾਂ ਨੇ ਇਸ ਪ੍ਰਾਪਤੀ ਨਾਲ ਪਿੰਡ ਦਾ ਨਾਮ ਚਮਕਾ ਦਿੱਤਾ। ਉਨਾਂ ਆਖਿਆ ਕਿ ਇਲਾਕੇ ਵਿੱਚ ਇਨ੍ਹਾਂ ਦੀ ਮੱਨੀ ਪ੍ਰੇਮਨੀ ਅਕੈਡਮੀ ਜੋ ਵਿੱਦਿਆ ਦੇ ਖੇਤਰ ਵਿੱਚ ਬੱਚਿਆਂ ਨੂੰ ਉਚੇਰੀ ਸਿੱਖਿਆ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਨੇ ਹੋਰ ਬੱਚਿਆਂ ਨੂੰ ਵੀ ਇਨ੍ਹਾਂ ਦੀ ਤਰ੍ਹਾਂ ਮਿਹਨਤ ਕਰਨ ਦੀ ਅਪੀਲ ਕੀਤੀ। ਇਸ ਸਮੇਂ ਸੁਖਪਾਲ ਸਿੰਘ ਪੰਚ, ਬਲਵੀਰ ਸਿੰਘ ਪੰਚ, ਕਾਲਾ ਸਿੰਘ (ਪ੍ਰਧਾਨ ਸ੍ਰੀ ਗੁਰੂਦੁਆਰਾ ਸਾਹਿਬ), ਸਾਬਕਾ ਸਰਪੰਚ ਸੁਖਵਿੰਦਰ ਸਿੰਘ, ਬਾਬਾ ਜੀਵਨ ਸਿੰਘ, ਭੁਪਿੰਦਰ ਸਿੰਘ ਸਿੱਧੂ, ਭਾਜਪਾ ਆਗੂ ਗੁਰਜੀਤ ਮਾਨ, ਬੀਰੂ ਗੋਇਲ, 'ਆਪ' ਆਗੂ ਪਿਆਰਾ ਸਿੰਘ, ਡਾ. ਹਰਚੇਤ ਕੁਮਾਰ ਸ਼ਰਮਾ, ਕਾਲਾ ਸਿੰਘ ਪ੍ਰਧਾਨ, ਮੈਂਗਲ ਸਿੰਘ ਟਿਵਾਣਾ, ਮੇਘ ਰਾਜ ਇੰਸਾਂ, ਪ੍ਰਵੀਨ ਜਿੰਦਲ ਇੰਸਾਂ ਅਤੇ ਕਾਜਲ ਇੰਸਾਂ ਆਦਿ ਹਾਜ਼ਰ ਸਨ।

ਆਸਰਾ ਗਰੁੱਪ 'ਚ ਮੈਗਾ ਕਾਰਨੀਵਲ-2026 ਦਾ ਆਯੋਜਨ

ਭਵਾਨੀਗੜ੍ਹ (ਰਾਜ ਖੁਰਮੀ)



ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇਅ 'ਤੇ ਸਥਿਤ ਆਸਰਾ ਗਰੁੱਪ ਵਿਖੇ ਸਾਲਾਨਾ ਮੈਗਾ ਕਾਰਨੀਵਲ-2026 ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ ਅਤੇ ਐੱਸ.ਪੀ. ਸੰਗਰੂਰ ਦਵਿੰਦਰ ਅੱਤਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਆਰ.ਕੇ. ਗੋਇਲ, ਐੱਮ.ਡੀ. ਡਾ. ਕੇਸ਼ਵ ਗੋਇਲ ਅਤੇ ਕੈਂਪਸ ਡਾਇਰੈਕਟਰ ਅਰਪਿਤ ਗੋਇਲ ਵੱਲੋਂ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਕਾਰਨੀਵਲ ਵਿੱਚ ਆਸਰਾ ਗਰੁੱਪ ਦੇ ਕਾਲਜ ਅਤੇ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਲਗਭਗ 3000 ਵਿਦਿਆਰਥੀਆਂ ਨੇ ਭਾਗ ਲਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਲਗਾਈਆਂ ਗਈਆਂ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਸਮਾਗਮ ਦਾ ਇੱਕ ਹੋਰ ਵਿਸ਼ੇਸ਼ ਆਕਰਸ਼ਣ ਕਾਲਜ ਦੇ ਚੇਅਰਮੈਨ ਡਾ. ਆਰ.ਕੇ. ਗੋਇਲ ਦੀ ਸਪੁੱਤਰੀ ਵਿਸ਼ਾਖਾ ਗੋਇਲ ਦਾ ਨਵਾਂ ਗੀਤ ਆਲ ਅਬਾਊਟ ਯੂ ਸ਼ਾਨਦਾਰ ਢੰਗ ਨਾਲ ਰਿਲੀਜ਼ ਕਰਨਾ ਰਿਹਾ। ਇਸ ਮੌਕੇ ਵਿਦਿਆਰਥੀਆਂ ਨੇ ਆਪਣੀਆਂ ਸ਼ਾਨਦਾਰ ਪੇਸ਼ਕਾਰੀਆਂ ਨਾਲ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਮੁੱਖ ਮਹਿਮਾਨਾਂ ਨੇ ਵੱਖ-ਵੱਖ ਸਟਾਲਾਂ ਦਾ ਦੌਰਾ ਕਰਦਿਆਂ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਮਾਡਲਾਂ ਅਤੇ ਕਲਾਤਮਕ ਵਸਤਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਸੰਸਥਾ ਵੱਲੋਂ ਕਾਰਨੀਵਲ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਡਾ. ਆਰ. ਕੇ. ਗੋਇਲ ਨੇ ਕਿਹਾ ਕਿ ਮੈਗਾ ਕਾਰਨੀਵਲ ਕਰਵਾਉਣ ਦਾ ਮੁੱਖ ਮਕਸਦ ਵਿਦਿਆਰਥੀਆਂ ਦੀ ਰਚਨਾਤਮਕ ਸਮਰੱਥਾ, ਕਲਾਤਮਕ ਹੁਨਰ ਤੇ ਛੁਪੀਆਂ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਮੰਚ ਪ੍ਰਦਾਨ ਕਰਨਾ ਹੈ। ਐੱਮ. ਡੀ. ਡਾ. ਕੇਸ਼ਵ ਗੋਇਲ ਨੇ ਕਿਹਾ ਕਿ ਆਸਰਾ ਗਰੁੱਪ ਹਮੇਸ਼ਾ ਤੋਂ ਹੀ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਪਹਿਲ ਦਿੰਦਾ ਆਇਆ ਹੈ।

ਇਸ ਮੌਕੇ ਪ੍ਰੋ. ਵਿਕਾਸ ਗੋਇਲ, ਡਾ. ਮੁਨੀਸ਼ ਗੋਇਲ, ਡਾ. ਰਿਤੂ ਚੋਪੜਾ, ਮੈਡਮ ਅੰਜੂ ਖੋਸਲਾ ਤੋਂ ਇਲਾਵਾ ਸੰਸਥਾ ਦਾ ਸਮੂਹ ਸਟਾਫ਼ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਧੀਰਾ ਖੁੱਡੀਆਂ ਵੱਲੋਂ ਭਲਕੇ ਚੋਣ ਮੁਹਿੰਮ ਦਾ ਆਗਾਜ਼

ਮਲੋਟ (ਰਜਿੰਦਰ ਜੁਨੇਜਾ)-ਹਲਕਾ ਲੰਬੀ ਤੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਰਣਧੀਰ ਸਿੰਘ ਧੀਰਾ ਖੁੱਡੀਆਂ ਵੱਲੋਂ 20 ਨਵੰਬਰ ਨੂੰ ਆਪਣੀ ਚੋਣ ਮੁਹਿੰਮ ਦਾ ਰਸਮੀ ਆਗਾਜ਼ ਕੀਤਾ ਜਾ ਰਿਹਾ ਹੈ।

ਆਸ਼ਾ ਵਰਕਰਜ ਫੈਸੀਲਿਟੇਟਰਜ਼ ਸੁਪਰਵਾਈਜ਼ਰ ਸਾਂਝੇ ਮੋਰਚੇ ਵੱਲੋਂ ਸੰਗਰੂਰ 'ਚ ਧਰਨਾ ਜਾਰੀ



ਪੱਟੀ, (ਬਲਦੇਵ ਸਿੰਘ ਸੰਧੂ)- ਆਲ ਇੰਡੀਆ ਆਸ਼ਾ ਵਰਕਰਜ/ ਫੈਸੀਲਿਟੇਟਰਜ ਤੇ ਸੁਪਰਵਾਈਜ਼ਰਾਂ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੂਬੇ ਭਰ ਦੀਆਂ ਸਮੂਹ ਆਸ਼ਾ ਵਰਕਰਜ ਵੱਲੋਂ ਸੰਗਰੂਰ ਅੰਦਰ ਬੀਤੇ ਕਈ ਦਿਨਾਂ ਤੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਲਗਾਤਾਰ ਰੋਸ ਪ੍ਰਦਰਸ਼ਨ ਜਾਰੀ।ਜਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐਨ.ਐਚ.ਐਮ ਅਧੀਨ ਪੰਜਾਬ ਭਰ ਵਿੱਚ ਕੰਮ ਕਰਨ ਵਾਲੀਆਂ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸੁਪਰਵਾਈਜ਼ਰ ਤਕਰੀਬਨ ਪੂਰੇ 18 ਸਾਲ ਤੋਂ ਸਿਹਤ ਵਿਭਾਗ ਦੇ ਕੰਮਾਂ ਨੂੰ ਬੜੀ ਇਮਾਨਦਾਰੀ ਅਤੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ। ਭਿਆਨਕ (ਕਰੋਨਾ ਮਹਾਂਮਾਰੀ) ਬਿਮਾਰੀ ਵਿੱਚ ਆਪਣੀ ਜਾਨ ਦੀ ਬਿਨ੍ਹਾਂ ਪ੍ਰਵਾਹ ਕੀਤਿਆਂ ਕੰਮ ਨੂੰ ਮੋਹਰੀ ਕਤਾਰ ਵਿੱਚ ਕਰਦੀਆਂ ਹਨ ਅਤੇ ਵਿਭਾਗ ਦੇ ਕੰਮਾਂ ਦੇ ਨਿਸ਼ਾਨੇ ਨੂੰ ਕਾਇਮ ਰੱਖਦੀਆਂ ਹਨ। ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ 08 ਮਾਰਚ ਤੋਂ 11 ਮਾਰਚ ਤੱਕ ਚੱਲ ਵਾਲੇ ਬਜਟ ਵਿੱਚੋਂ ਫੁੱਟੀ ਕੌਡੀ ਨਹੀਂ ਦਿੱਤੀ। ਨਿਰਾਸ਼ਾ ਅਤੇ ਤਸ਼ੱਸਦ ਤੋਂ ਬਿਨਾਂ ਕਿਸੇ ਕਿਸਮ ਦੇ ਭੱਤਿਆਂ ਵਿੱਚ ਵਾਧਾ ਨਹੀ ਕੀਤਾ। ਇਸ ਨਾਲ ਪੰਜਾਬ ਭਰ ਦੀਆਂ ਸੈਂਕੜੇ ਆਸ਼ਾਂ ਵਰਕਰਾਂ ਪੰਜਾਬ ਸਰਕਾਰ ਦੇ ਕਾਰਜਗੁਜਾਰੀ ਦੀ ਨਿੰਦਿਆ ਕਰਦੀਆਂ ਹਨ। ਆਪਣੀਆਂ ਪੈਡਿੰਗ ਮੰਗਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਲਗਾਤਾਰ ਧਰਨਾ ਜਾਰੀ ਹੈ।

ਇਸ ਮੌਕੇ ਅਮਨਦੀਪ ਕੌਰ ਘਰਿਆਲਾ ਬਲਾਕ ਪ੍ਰਧਾਨ, ਵੀਰਪਾਲ ਕੌਰ ਸੈਕਟਰੀ,ਸਰਬਜੀਤ ਕੌਰ ਮੀਤ ਪ੍ਰਧਾਨ, ਰਾਜਵਿੰਦਰ ਕੌਰ ਖ਼ਜ਼ਾਨਚੀ, ਰਾਜਬੀਰ ਕੌਰ ਸੁਪਰਵਾਈਜ਼ਰ, ਰਣਜੀਤ ਕੌਰ ਸੁਪਰਵਾਈਜ਼ਰ, ਗੁਰਪ੍ਰੀਤ ਕੌਰ ਸੁਪਰਵਾਈਜ਼ਰ, ਗੁਰਸ਼ਿੰਦਰ ਕੌਰ ਸੁਪਰਵਾਈਜ਼ਰ, ਗੁਰਜਿੰਦਰ ਕੌਰ ਸੁਪਰਵਾਈਜ਼ਰ ਆਦਿ ਹਾਜ਼ਰ ਸੀ।

ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ



ਮ੍ਰਿਤਕ ਇਕਬਾਲ ਸਿੰਘ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਬੀਤੀ ਰਾਤ ਫਤਿਹਗੜ੍ਹ ਚੂੜੀਆਂ ਵਿਖੇ ਹੋਏ ਸੜਕ ਹਾਦਸੇ 'ਚ ਇਕ ਵਿਅਕਤੀ ਦੀ ਮੌਤ ਹੋ ਗਈ ਤੇ ਇਕ ਦੇ ਜ਼ਖ਼ਮੀ ਹੋ ਗਿਆ।ਡਾ. ਗੁਰਮੀਤ ਸਿੰਘ ਨੇ ਦੱਸਿਆ ਕਿ ਉਸਦੇ ਪਿਤਾ ਇਕਬਾਲ ਸਿੰਘ ਜੋ ਅਜਨਾਲਾ ਰੋਡ 'ਤੇ ਟੀ ਵੀ ਸੈਂਟਰ (ਇਲੈਕਟ੍ਰੋ-ਨਿਕਸ) ਦਾ ਕੰਮ ਕਰਦੇ ਹਨ, ਜੋ ਆਪਣੇ ਸਾਥੀ ਗੁਰਦੇਵ ਸਿੰਘ ਵਾਸੀ ਠੱਠਾ ਨਾਲ ਸਵਿਫਟ ਕਾਰ 'ਤੇ ਸਵਾਰ ਹੋ ਕੇ ਫਤਿਹਗੜ੍ਹ ਚੂੜੀਆਂ ਦੇ ਡੇਰਾ ਰੋਡ 'ਤੇ ਕਿਸੇ ਕੰਮ ਲਈ ਗਏ ਸੀ ਤੇ ਵਾਪਸੀ ਸਮੇਂ ਜਦੋਂ ਉਹ ਪੁਰਾਣੇ ਬੱਸ ਅੱਡੇ ਨਜ਼ਦੀਕ ਪਹੁੰਚੇ ਤਾਂ ਗਲਤ ਸਾਈਡ ਤੋਂ ਅਣਗਿਹਲੀ ਨਾਲ ਆ ਰਹੇ ਤੇਜ਼ ਰਫ਼ਤਾਰ ਸੋਨਾਲੀਕਾ ਟਰੈਕਟਰ ਟਰਾਲੀ ਨੇ ਉਨ੍ਹਾਂ ਦੀ ਕਾਰ ਨੂੰ ਸਿੱਧੀ ਟੱਕਰ ਮਾਰ ਦਿੱਤੀ, ਜਿਸ ਤੋਂ ਬਾਅਦ ਚਾਲਕ ਗੁਰਦੇਵ ਸਿੰਘ ਅਤੇ ਉਸ ਦੇ ਪਿਤਾ ਇਕਬਾਲ ਸਿੰਘ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਰਕਾਰੀ ਹਸਪਤਾਲ ਫਤਿਹਗੜ੍ਹ ਚੂੜੀਆਂ ਵਿਖੇ ਇਲਾਜ ਲਈ ਲਿਜਾਇਆ ਗਿਆ, ਜਿੱਥੇ ਉਸ ਦੇ ਪਿਤਾ ਇਕਬਾਲ ਸਿੰਘ ਦੇ ਅੰਦਰੂਨੀ ਸੱਟਾਂ ਲੱਗਣ ਕਾਰਨ ਡਾਕਟਰਾਂ ਵੱਲੋਂ ਅੰਮ੍ਰਿਤਸਰ ਵਿਖੇ ਰੈਫਰ ਕਰ ਦਿੱਤਾ ਗਿਆ, ਜਿੱਥੇ ਉਨ੍ਹਾਂ ਦੀ ਇਲਾਜ ਦੌਰਾਨ ਮੌਤ ਹੋ ਗਈ, ਜਦਕਿ ਚਾਲਕ ਗੁਰਦੇਵ ਸਿੰਘ ਦੀ ਹਾਲਤ ਸਥਿਰ ਹੈ।ਪੁਲਸ ਨੇ ਮ੍ਰਿਤਕ ਇਕਬਾਲ ਸਿੰਘ ਦੇ ਲੜਕੇ ਡਾ. ਗੁਰਮੀਤ ਸਿੰਘ ਦੇ ਬਿਆਨਾਂ 'ਤੇ ਵੱਖ-ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰ ਲਿਆ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਬਾਈਕ ਰੈਲੀ ਕੱਢੀ



ਬਟਾਲਾ (ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇਤਿਹਾਸਕ ਅਤੇ ਧਾਰਮਿਕ ਸ਼ਹਿਰ ਬਟਾਲਾ ਵਿਖੇ ਵਿਸ਼ਾਲ ਬਾਈਕ ਰੈਲੀ ਕੱਢੀ ਗਈ।ਉਸਮਾਨਪੁਰ ਸਿਟੀ ਬਟਾਲਾ ਤੋਂ ਸ਼ੁਰੂ ਹੋਈ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਸ਼ਿਆਂ ਦੇ ਮੁਕੰਮਲ ਖਾਤਮੇ ਦਾ ਸੰਕਲਪ ਲਿਆ।ਬਾਈਕ ਰੈਲੀ ਉਸਮਾਨਪੁਰ ਸਿਟੀ ਬਟਾਲਾ ਰਿਹਾਇਸ਼ ਵਿਧਾਇਕ ਬਟਾਲਾ ਦੇ ਤੋਂ ਸ਼ੁਰੂ ਹੋ ਕੇ ਜੀ.ਟੀ.ਰੋਡ ਤੋਂ ਗਾਂਧੀ ਕੈਂਪ, ਗਾਂਧੀ ਕੈਂਪ ਤੋਂ ਵਾਇਆ ਪੁਲਸ ਲਾਈਨ ਰੋਡ ਪੁਲਸ ਪੋਸਟ ਸਿੰਬਲ ਚੌਕ ਤੋਂ ਉਸਮਾਨਪੁਰ ਸਿਟੀ ਵਿੱਚ ਪਹੁੰਚ ਕੇ ਸਮਾਪਤ ਹੋਈ। ਇਸ ਮੌਕੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ, ਜ਼ਿਲ੍ਹਾ ਪ੍ਰਧਾਨ ਅਤੇ ਵਾਈਸ ਚੇਅਰਮੈਨ ਜ਼ਿਲ੍ਹਾ ਪਰੀਸ਼ਦ ਗੁਰਦਾਸਪੁਰ, ਮਨਦੀਪ ਸਿੰਘ ਗਿੱਲ, ਸੀਨੀਅਰ ਵਾਈਸ ਪ੍ਰਧਾਨ ਮੈਨੇਜਰ ਅਤਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਜਗਜੀਤ ਸਿੰਘ ਪਿੰਟਾ, ਮੇਅਰ ਭੁਪਿੰਦਰ ਸਿੰਘ ਬਾਜਵਾ, ਚੇਅਰਮੈਨ ਮਾਨਿਕ ਮਹਿਤਾ, ਅਨਮੋਲ ਰੰਧਾਵਾ ਵਾਈਸ ਜ਼ਿਲ੍ਹਾ ਪ੍ਰਧਾਨ ਨਸ਼ਾ ਮੁਕਤੀ ਮੋਰਚਾ, ਚੇਅਰਮੈਨ ਗਗਨਦੀਪ ਸਿੰਘ, ਚੇਅਰਮੈਨ ਕਿਰਪਾਲ ਸਿੰਘ ਉਦੋਵਾਲੀ ਸਮੇਤ ਵੱਡੀ ਗਿਣਤੀ ਵਿੱਚ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਆਦਿ ਮੌਜੂਦ ਸਨ। ਰੈਲੀ ਨੂੰ ਸੰਬੋਧਨ ਕਰਦਿਆਂ ਅੰਮ੍ਰਿਤ ਕਲਸੀ, ਮਨਦੀਪ ਸਿੰਘ ਗਿੱਲ, ਚੇਅਰਮੈਨ ਮਾਨਿਕ ਮਹਿਤਾ, ਅਨਮੋਲ ਰੰਧਾਵਾ ਤੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੇ ਅਗਵਾਈ ਵਿੱਚ ਅੱਜ ਬਟਾਲਾ ਵਿਖੇ ਬਾਈਕ ਰੈਲੀ ਕੱਢੀ ਗਈ ਹੈ ਅਤੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਲਾਮਬੰਦ ਹੋਣ ਦਾ ਸੱਦਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਵੱਡੀ ਲੋਕ ਲਹਿਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਬਾਈਕ ਰੈਲੀ ਦਾ ਮੁੱਖ ਉਦੇਸ਼ ਪਿੰਡਾਂ ਅਤੇ ਸ਼ਹਿਰਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਾ ਅਤੇ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਕਰਵਾਉਣ ਲਈ ਪ੍ਰੇਰਿਤ ਕਰਨਾ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਤਹਿਸੀਲਦਾਰ ਅਰਜਨ ਸਿੰਘ ਗਰੇਵਾਲ, ਨਾਇਬ ਤਹਿਸੀਲਦਾਰ ਰਣਜੀਤ ਸਿੰਘ, ਸੀਨੀਅਰ ਆਗੂ ਪਰਦੀਪ ਕੁਮਾਰ, ਹਲਕਾ ਕੁਆਰਡੀਨੇਟਰ ਮਨਜੀਤ ਸਿੰਘ ਬਮਾਰਾਹ, ਚੇਅਰਮੈਨ ਜਗਜੀਤ ਸਿੰਘ, ਹਲਕਾ ਕੁਆਰਡੀਨੇਟਰ ਦੀਨਾਨਗਰ ਰਾਜੀਵ ਸੈਣੀ, ਪ੍ਰਧਾਨ ਵੀਨੂੰ, ਅਜਮੇਰ ਸਿੰਘ ਬੰਟੀ, ਗੁਰਜੀਤ ਸਿੰਘ ਸੁੰਦਰ ਨਗਰ, ਅਮਰੀਕ ਸਿੰਘ ਲੰਬੜਦਾਰ, ਦਵਿੰਦਰ ਸਿੰਘ ਸੋਨੂੰ, ਦਾਸ ਕਰਨ ਸੰਧੂ, ਜਗਤਪਾਲ ਮਹਾਜਨ, ਸੰਧੂ ਭੱਟੀ, ਸੂਬੇਦਾਰ ਬਲਜਿੰਦਰ ਸਿੰਘ, ਹੈਪੀ ਸਰਪੰਚ, ਪਰਦੀਪ ਕੁਮਾਰ, ਗੁਰਪ੍ਰੀਤ ਸਿੰਘ, ਸੁਖਜਿੰਦਰ ਕੁਮਾਰ, ਰਣਬੀਰ ਸਿੰਘ ਰਾਣਾ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।

ਵਡਾਲਾ ਵੀਰਮ ਦੇ ਨੌਜਵਾਨ ਦੀ ਇੰਗਲੈਂਡ ਵਿਖੇ ਸੜਕ ਹਾਦਸੇ 'ਚ ਮੌਤ



ਮਜੀਠਾ (ਸੋਇਮ ਆਨੰਦ)-ਕਵੀ ਸ਼ਾਹ ਮੁਹੰਮਦ ਦੇ ਪਿੰਡ ਵਡਾਲਾ ਵੀਰਮ ਦੇ ਜੰਮਪਲ ਨੌਜਵਾਨ ਸਮਾਜ ਸੇਵੀ ਨਿੱਕੂ ਵਡਾਲਾ ਜੋ ਕਿ ਆਪਣੇ ਰੁਜ਼ਗਾਰ ਲਈ ਇੰਗਲੈਂਡ ਵਿਖੇ ਕੁਝ ਸਾਲ ਪਹਿਲਾਂ ਗਿਆ ਸੀ, ਪਿਛਲੇ ਦਿਨੀਂ ਉਸ ਦੀ ਸੜਕ ਹਾਦਸੇ ਵਿੱਚ ਭਿਆਨਕ ਐਕਸੀਡੈਂਟ ਹੋਣ ਕਾਰਨ ਮੌਤ ਹੋ ਗਈ ਅਤੇ ਇੰਗਲੈਂਡ ਵਿਖੇ ਪੋਸਟ ਮਾਰਟਮ ਕਰਨ ਤੋਂ ਬਾਅਦ ਨਿੱਕੂ ਵਡਾਲਾ ਦਾ ਮ੍ਰਿਤਕ ਸਰੀਰ ਅੰਮ੍ਰਿਤਸਰ ਏਅਰਪੋਰਟ ਵਿਖੇ ਪਿੰਡ ਵਡਾਲਾ ਵੀਰਮ ਵਿਖੇ ਇੰਟਰਨੈਸ਼ਨਲ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲਿਆਂਦਾ ਜਾ ਰਿਹਾ ਹੈ। ਮਿਲੀ ਸੂਚਨਾ ਅਨੁਸਾਰ ਨਿੱਕੂ ਵਡਾਲਾ ਦਾ ਮ੍ਰਿਤਕ ਸਰੀਰ 20 ਨਵੰਬਰ ਨੂੰ ਅੰਮ੍ਰਿਤਸਰ ਏਅਰਪੋਰਟ 'ਤੇ ਪਹੁੰਚ ਜਾਵੇਗਾ ਜਿਸ ਤੋਂ ਬਾਅਦ ਪਿੰਡ ਵਡਾਲਾ ਵੀਰਮ ਦੇ ਸ਼ਮਸ਼ਾਨਘਾਟ ਵਿਖੇ ਸਸਕਾਰ ਕੀਤਾ ਜਾਵੇਗਾ।ਇਲਾਕੇ ਦੇ ਸਮਾਜ ਸੇਵੀ ਮਨਵੀਰ ਸਿੰਘ ਵਡਾਲਾ ਨੇ ਦੱਸਿਆ ਕਿ ਨਿੱਕੂ ਵਡਾਲਾ ਜੋ ਕਿ ਬਚਪਨ ਤੋਂ ਹੀ ਧਾਰਮਿਕ ਰੁਚੀ ਰੱਖਦਾ ਸੀ, ਪਿੰਡ ਤੋਂ ਮੁਢਲੀ ਪੜ੍ਹਾਈ ਕਰਨ ਤੋਂ ਬਾਅਦ ਸੱਤ ਸਾਲ ਪਹਿਲਾਂ ਇੰਗਲੈਂਡ ਵਿਖੇ ਰੁਜ਼ਗਾਰ ਵਾਸਤੇ ਗਿਆ ਸੀ। ਉਹ ਕਿਸੇ ਵੀ ਲੋੜਵੰਦ ਨੂੰ, ਕਿਸੇ ਖਿਡਾਰੀ ਨੂੰ ਮਦਦ ਦੀ ਜ਼ਰੂਰਤ ਪੈਂਦੀ ਸੀ ਜਾਂ ਪਿੰਡ ਵਿੱਚ ਕੋਈ ਧਾਰਮਿਕ ਸਮਾਗਮ ਜਾਂ ਖੇਡ ਟੂਰਨਾਮੈਂਟ ਹੁੰਦਾ ਤਾਂ ਨਿੱਕੂ ਵਡਾਲਾ ਇੰਗਲੈਂਡ ਤੋਂ ਹੀ ਮਾਇਆ ਰਾਹੀਂ ਸੇਵਾ ਕਰਦਾ ਸੀ। ਅਜਿਹੀ ਸ਼ਖਸੀਅਤ ਦਾ ਜਾਣਾ ਜਿੱਥੇ ਮ੍ਰਿਤਕ ਦੇ ਪਿਤਾ ਠੇਕੇਦਾਰ ਅਮਰੀਕ ਸਿੰਘ ਵਡਾਲਾ ਦੇ ਪਰਵਾਰ ਲਈ ਇੱਕ ਬਹੁਤ ਹੀ ਵੱਡਾ ਘਾਟਾ ਹੈ, ਉਥੇ ਹੀ ਸਮਾਜ ਲਈ ਵੀ ਬਹੁਤ ਹੀ ਵੱਡਾ ਅਤੇ ਨਾ ਪੂਰਾ ਹੋਣ ਵਾਲਾ ਘਾਟਾ ਹੈ।

ਪ੍ਰਕਾਸ਼ ਪੁਰਬ ਤੇ ਰਾਮ ਤੀਰਥ ਮੇਲੇ ਦੇ ਸੰਬੰਧ 'ਚ ਸੰਤ ਸੰਮੇਲਨ ਭਲਕੇ



ਅੰਮ੍ਰਿਤਸਰ (ਅਰੋੜਾ):- ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਜੀ ਮਹਾਰਾਜ ਜੀ ਦੇ ਆਸ਼ੀਰਵਾਦ ਸਦਕਾ ਆਰਤੀ ਸ਼ਿਵ ਦੁਰਗਾ ਮੰਦਰ ਟਰੱਸਟ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਰਾਮ ਤੀਰਥ ਮੇਲੇ ਦੇ ਸਬੰਧ ਵਿੱਚ ਹਰ ਸਾਲ ਕਰਵਾਏ ਜਾਣ ਵਾਲੇ ਸੰਤ ਸੰਮੇਲਨ ਅਤੇ ਸ਼ੋਭਾ ਯਾਤਰਾ ਦਾ ਆਯੋਜਨ 21 ਨਵੰਬਰ ਦਿਨ ਸ਼ਨੀਵਾਰ ਨੂੰ ਆਰੰਭ ਹੋਵੇਗਾ। ਸ਼ਨੀਵਾਰ ਸਵੇਰੇ 11 ਵਜੇ ਰਾਮ ਤੀਰਥ ਲਈ ਆਰਤੀ ਸ਼ਿਵ ਦੁਰਗਾ ਮੰਦਰ ਕਰਤਾਰ ਨਗਰ ਛੇਹਰਟਾ ਤੋਂ ਸ਼ੋਭਾ ਯਾਤਰਾ ਸਜਾਈ ਜਾਵੇਗੀ।ਇਹ ਸ਼ੋਭਾ ਯਾਤਰਾ ਨਗਰ ਕੀਰਤਨ ਸਵੇਰੇ 11 ਵਜੇ ਮੰਦਰ ਤੋਂ ਆਰੰਭ ਹੋ ਕੇ ਦੁਪਹਿਰ 1 ਵਜੇ ਉਸਾਰੀ ਅਧੀਨ ਪੰਡਤ ਨਾਨਕ ਚੰਦ, ਮਾਤਾ-ਪਿਤਾ ਬਿਰਧ ਆਸ਼ਰਮ ਅਤੇ ਸਤਿਸੰਗ ਧਾਮ ਰਾਮ ਤੀਰਥ ਵਿਖੇ ਪਹੁੰਚੇਗੀ।21 ਨਵੰਬਰ ਤੋਂ 25 ਨਵੰਬਰ ਤੱਕ ਸੰਤ ਸੰਮੇਲਨ ਕਰਵਾਇਆ ਜਾਵੇਗਾ।ਸਮੂਹ ਸੰਤਾਂ ਅਤੇ ਭਗਤਾਂ ਨੂੰ ਇਸ ਵਿਸ਼ਾਲ ਨਗਰ ਕੀਰਤਨ ਅਤੇ ਸੰਤ ਸੰਮੇਲਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਜਾਂਦੀ ਹੈ।ਸੰਤ ਸੰਮੇਲਨ ਰੋਜ਼ਾਨਾ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗਾ। ਇਹ ਜਾਣਕਾਰੀ ਆਰਤੀ ਸ਼ਿਵ ਦੁਰਗਾ ਮੰਦਰ ਦੇ ਮੁੱਖ ਸੇਵਾਦਾਰ ਸੁਮਿਤ ਸ਼ਾਸਤਰੀ ਵੱਲੋਂ ਦਿੱਤੀ ਗਈ। ਇਸ ਮੌਕੇ ਸੇਵਾਦਾਰ ਪਵਨ ਅਰੋੜਾ ਚੱਕੀ ਵਾਲੇ, ਬਾਬੂ ਬਾਲ ਕ੍ਰਿਸ਼ਨ ਸ਼ਰਮਾ, ਸੋਹਨ ਲਾਲ, ਮੋਹਨ ਲਾਲ, ਅਮਿਤ ਕੁਮਾਰ, ਬਿੱਲੂ ਭਗਤ, ਮਨਜੀਤ ਮਿੰਟਾ, ਅਖਿਲ ਅਰੋੜਾ ਅਤੇ ਮੰਦਰ ਦੇ ਹੋਰ ਸੇਵਾਦਾਰ ਵੀ ਮੌਜੂਦ ਸਨ।

ਉੱਪਲ ਜਠੇਰਿਆਂ ਦਾ ਮੇਲਾ 13 ਦਸੰਬਰ ਨੂੰ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ) ਉੱਪਲ ਭਾਈਚਾਰੇ ਜਠੇਰਿਆਂ ਦੀ ਮੇਲਾ 13 ਦਸੰਬਰ ਦਿਨ ਐਤਵਾਰ ਨੂੰ ਬਾਬਾ ਨਾਰ ਸਿੰਘ ਮੰਦਰ ਪਰਮੰਡਲ ਜ਼ਿਲ੍ਹਾ ਸਾਂਭਾ (ਜੰਮੂ ਕਸ਼ਮੀਰ) ਵਿਖੇ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਦੇ ਨਾਲ ਮਨਾਈ ਜਾਵੇਗੀ।ਜਿਸ ਵਿੱਚ ਦੇਸ਼ ਵਿਦੇਸ਼ ਤੋਂ ਉੱਪਲ ਗੋਤ ਭਾਈਚਾਰੇ ਦੇ ਪਰਵਾਰ ਸ਼ਰਧਾ ਭਾਵਨਾਂ ਤੇ ਉਤਸ਼ਾਹ ਨਾਲ ਸ਼ਾਮਲ ਹੋਣਗੇ।ਇਹ ਜਾਣਕਾਰੀ ਪਰਮੰਡਲ ਮੰਦਰ ਕਮੇਟੀ ਦੇ ਮੈਂਬਰ ਤੇ ਪ੍ਰੈਸ ਸੈਕਟਰੀ ਮਨੀਸ਼ ਕੁਮਾਰ ਉੱਪਲ ਅਜਨਾਲਾ ਨੇ ਸ਼ਾਝੀ ਕੀਤੀ। ਉਹਨਾਂ ਦੱਸਿਆ ਕੀ ਪਹਿਲਾਂ ਹਵਨ ਯੱਗ ਕਰਵਾਇਆ ਜਾਵੇਗਾ ਅਤੇ ਬਾਅਦ ਵਿੱਚ ਵੱਖ ਵੱਖ ਆਈਆਂ ਹੋਈਆਂ ਭਜਨ ਮੰਡਲੀਆਂ ਵਲੋਂ ਸਤਿਸੰਗ ਕੀਤਾ ਜਾਵੇਗਾਂ।

ਮਾਤਾ ਅਜੀਤ ਕੌਰ ਨਿੱਜਰ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ) ਸ਼੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਦੇ ਸੇਵਾਦਾਰ ਗੁਰਨਾਮ ਸਿੰਘ ਗੋਲਡੀ ਅਮਰੀਕਾ ਵਾਲੇ ਉਨ੍ਹਾਂ ਦੇ ਮਾਤਾ ਅਜੀਤ ਕੌਰ ਨਿੱਜਰ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਦੇ ਨਮਿੱਤ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਹਨਾਂ ਦੇ ਗ੍ਰਹਿ ਵਿਖੇ ਪਾਏ ਗਏ। ਸ਼ਰਧਾਂਜਲੀ ਸਮਾਗਮ ਅਜਨਾਲਾ ਦੇ ਸੈਂਟਰਲ ਗੁਰਦੁਆਰਾ ਵਿਖੇ ਹੋਇਆ। ਇਸ ਮੌਕੇ ਇਸ ਸ਼ਰਧਾਂਜਲੀ ਸਮਾਗਮ ਵਿੱਚ ਸ਼੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਵੱਲੋਂ ਗੁਰਨਾਮ ਸਿੰਘ ਗੋਲਡੀ ਨੂੰ ਸਨਮਾਨਿਤ ਕੀਤਾ ਗਿਆ। ਮਾਤਾ ਅਜੀਤ ਕੌਰ ਦੀ ਕੀਤੀ ਲੰਗਰ ਵਿੱਚ ਸੇਵਾ ਪ੍ਰਤੀ ਵੀ ਯਾਦ ਕੀਤਾ। ਇਸ ਮੌਕੇ ਅਜਨਾਲੇ ਹਲਕੇ ਤੋਂ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਦੇ ਮਾਤਾ ਡਾਕਟਰ ਅਵਤਾਰ ਕੌਰ ਵੱਲੋਂ ਵੀ ਅਜੀਤ ਕੌਰ ਮਾਤਾ ਨੂੰ ਸ਼

ਨਬੀਪੁਰ ਸਰਬਸੰਮਤੀ ਨਾਲ ਬਣੇ ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ

ਸ਼ਾਹਕੋਟ (ਗਿਆਨ ਸੈਦਪੁਰੀ)- ਐੱਸ ਸੀ/ ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੀ ਵਿਸੇਸ਼ ਮੀਟਿੰਗ ਅੰਬੇਡਕਰ ਭਵਨ ਨਕੋਦਰ ਰੋਡ ਜਲੰਧਰ ਵਿਖੇ ਹੋਈ। ਜਿਸ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ ਦੀ ਸੇਵਾ-ਮੁਕਤੀ ਕਾਰਨ ਖਾਲੀ ਹੋਏ ਸੂਬਾ ਪ੍ਰਧਾਨ ਦੇ ਅਹੁਦੇ ਲਈ ਲਛਮਣ ਸਿੰਘ ਨਬੀਪੁਰ ਨੂੰ ਐਸ ਸੀ ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦਾ ਸੂਬਾ ਪ੍ਰਧਾਨ ਚੁਣਿਆ ਗਿਆ ।



ਇਹ ਚੋਣ ਚੀਫ ਆਰਗੇਨਾਈਜ਼ਰ ਪਰਮਿੰਦਰ ਗੁਰਦਾਸਪੁਰ, ਸਾਬਕਾ ਸੂਬਾ ਪ੍ਰਧਾਨ ਬਲਜੀਤ ਸਿੰਘ ਸਲਾਣਾ, ਸੂਬਾ ਪ੍ਰਧਾਨ ਕਰਿਸ਼ਨ ਸਿੰਘ ਦੁੱਗਾਂ, ਸੀਨੀਅਰ ਆਗੂ ਹਰਬੰਸ ਲਾਲ ਪਰਜ਼ੀਆਂ ਤੇ ਸਾਬਕਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਸਿੰਘ ਤਰਨਤਾਰਨ 'ਤੇ ਅਧਾਰਿਤ ਕਮੇਟੀ ਨੇ ਸੁਹਿਰਦਤਾ ਨਾਲ ਕਰਵਾਈ । ਇਸੇ ਤਰ੍ਹਾਂ ਹਾਜ਼ਰ ਮੈਂਬਰਾਂ ਨੇ ਪਰਵਿੰਦਰ ਸਿੰਘ ਭਾਰਤੀ ਨੂੰ ਜਨਰਲ ਸਕੱਤਰ ਅਤੇ ਬੇਅੰਤ ਸਿੰਘ ਭਾਂਬੜੀ ਨੂੰ ਚੀਫ ਆਰਗੇਨਾਈਜ਼ਰ ਵਜੋਂ ਸਰਬਸੰਮਤੀ ਨਾਲ ਚੁਣਿਆ। ਸਾਰੇ ਹਾਜ਼ਰੀਨ ਸਟੇਟ ਦੇ ਅਹੁਦੇਦਾਰ, ਜ਼ਿਲਿਆਂ ਦੇ ਪ੍ਰਧਾਨ ਜਨਰਲ ਸਕੱਤਰ ਅਤੇ ਮੈਂਬਰ ਸਹਿਬਾਨ ਨੇ ਚੁਣੇ ਗਏ ਅਹੁਦੇਦਾਰ ਸਹਿਬਾਨ ਨੂੰ ਮੁਬਾਰਕਬਾਦ ਦਿੱਤੀ ਅਤੇ ਉਮੀਦ ਜਤਾਈ ਕਿ ਸਾਰੇ ਸਾਥੀ ਜਥੇਬੰਦੀ ਦੀ ਬਿਹਤਰੀ ਲਈ ਸੁਹਿਰਦ ਯਤਨ ਕਰਨਗੇ।ਮੀਟਿੰਗ ਵਿੱਚ ਚੀਫ ਆਰਗੇਨਾਈਜ਼ਰ ਪਰਮਿੰਦਰ ਸਿੰਘ ਗੁਰਦਾਸਪੁਰ, ਸਾਬਕਾ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ, ਬਲਜੀਤ ਸਿੰਘ ਸਲਾਣਾ, ਸਕੱਤਰ ਜਨਰਲ ਬਲਵਿੰਦਰ ਸਿੰਘ ਲਤਾਲਾ, ਸੀਨੀਅਰ ਮੀਤ ਪ੍ਰਧਾਨ ਗੁਰਸੇਵਕ ਸਿੰਘ ਕਲੇਰ, ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ, ਸੀਨੀ ਮੀਤ ਪ੍ਰਧਾਨ ਵੀਰ ਸਿੰਘ , ਸਾਬਕਾ ਸੀਨੀਅਰ ਮੀਤ ਪ੍ਰਧਾਨ ਹਰਬੰਸ ਲਾਲ ਪਰਜੀਆਂ, ਸੁਪਿੰਦਰ ਸਿੰਘ ਫਤਹਿਗੜ੍ਹ ਸਾਹਿਬ, ਲੈਕ. ਨਾਹਰ ਸਿੰਘ ਫਤਹਿਗੜ੍ਹ ਸਾਹਿਬ, ਸਰਪ੍ਰਸਤ ਗੁਰਮੇਜ ਹੀਰ,ਸੀਨੀਅਰ ਮੀਤ ਪ੍ਰਧਾਨ ਦੇਵ ਰਾਜ ਜਲੰਧਰ, ਸੁਨੀਲ ਕੁਮਾਰ ਜਲੰਧਰ, ਦੇਸ ਰਾਜ ਜਲੰਧਰ, ਲੈਕਚਰਾਰ ਪ੍ਰੇਮ ਸਿੰਘ ਆਦਮਪੁਰ, ਦੇਸ ਰਾਜ, ਸੁਖਚਰਨ ਜਲੰਧਰ, ਦੀਪਕ ਆਦਮਪੁਰ, ਮਦਨ ਮੰਡ, ਪ੍ਰਿੰਸੀਪਲ ਅਸ਼ੋਕ ਬਸਰਾ, ਰਾਵਿੰਦਰ ਨੂਰਮਹੱਲ, ਅਮਰੀਕ ਸਿੰਘ, ਜਸਵੀਰ ਚੌਹਾਨ ਲੋਹੀਆ, ਹਰਵਿੰਦਰ ਸਿੰਘ, ਸੁਖਵਿੰਦਰ ਪਾਲ ਜਲੰਧਰ, ਕੁਲਵਿੰਦਰ ਸਿੰਘ, ਪ੍ਰਧਾਨ ਹਰਬੰਸ ਲਾਲ ਜਲੰਧਰ ਅਵਤਾਰ ਭਾਬਰੀ, ਰਣਦੀਪ ਸਿੰਘ ਮਾਲੇਰਕੋਟਲਾ, ਜਸਵੀਰ ਸਿੰਘ ਬੀਹਲਾ ਬਰਨਾਲਾ, ਹਰਪਾਲ ਸਿੰਘ ਤਰਨਤਾਰਨ, ਸ਼ਾਵਿੰਦਰ ਸਿੰਘ ਬਟਾਲਾ, ਬਲਬੀਰ ਸਿੰਘ ਤਰਨਤਾਰਨ, ਅਮਨਦੀਪ ਸਿੰਘ ਮੋਗਾ ਹਰਦੀਪ ਸਿੰਘ ਤੂਰ, ਭਰਤ ਪ੍ਰਤਾਪ ਫਿਰੋਜ਼ਪੁਰ, ਸੁਖਪਾਲ ਬਕਰਾਹਾ, ਜਗਤਾਰ ਜੱਗੀ, ਲਾਲ ਸਿੰਘ ਪਟਿਆਲਾ, ਦੀਪਕ ਕੁਮਾਰ, ਤਰਸੇਮ ਸਿੰਘ ਫਰੀਦਕੋਟ, ਨਰਿੰਦਰਜੀਤ ਕਪੂਰਥਲਾ, ਸੰਦੀਪ ਕਪੂਰਥਲਾ, ਦਰਸ਼ਨ ਸਿੰਘ ਸਰਹਿੰਦ, ਰਾਜ ਕੁਮਾਰ ਸਿੰਘ, ਨਛੇ ਸਿੰਘ, ਕੁਲਵਿੰਦਰ ਸਿੰਘ ਰੋਪੜ ਤੇ ਹੋਰ ਮੈਂਬਰ ਹਾਜ਼ਰ ਸਨ । ਮੀਟਿੰਗ ਦੀ ਕਾਰਵਾਈ ਸਾਬਕਾ ਸੀਨੀਅਰ ਮੀਤ ਪ੍ਰਧਾਨ ਹਰਬੰਸ ਪਰਜੀਆ ਨੇ ਚਲਾਈ।

ਮੇਰੀ ਪਹਿਲੀ ਤਰਜੀਹ ਬੱਚਿਆਂ ਨੂੰ ਸਿੱਖਿਅਤ ਕਰਨਾ : ਸਿੱਧੂ

ਚੰਡੀਗੜ੍ਹ (ਸੁਰਜੀਤ ਸੁਮਨ)- ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਪੰਜਾਬ ਪ੍ਰਦੇਸ਼ ਚੋਣ ਕਮੇਟੀ ਵੱਲੋਂ ਨਵੇਂ ਥਾਪੇ ਗਏ ਮੈਂਬਰਾਂ ਵਿੱਚ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਸੀਨੀਅਰ ਕਾਂਗਰਸ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੂੰ ਇਸ ਕਮੇਟੀ ਵਿੱਚ ਮੈਂਬਰ ਵਜੋਂ ਨਿਯੁਕਤ ਕੀਤਾ ਗਿਆ ਹੈ। ਗੱਲਬਾਤ



ਕਰਦਿਆਂ ਬਲਬੀਰ ਸਿੰਘ ਸਿੱਧੂ ਨੇ ਕਿਹਾ ਉਹ ਮਾਣਯੋਗ ਕਾਂਗਰਸ ਹਾਈਕਮਾਂਡ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਇਹ ਮਾਣ ਬਖਸ਼ਿਆ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਪੰਜਾਬ ਮੰਗਦਾ ਇਨਸਾਫ ਦੀ ਸ਼ੁਰੂਆਤ ਵੀ ਕਾਂਗਰਸ ਹਾਈਕਮਾਂਡ ਵੱਲੋਂ ਉਨ੍ਹਾਂ ਦੇ ਹਲਕੇ ਮੋਹਾਲੀ ਤੋਂ ਕਰਕੇ ਉਨ੍ਹਾਂ ਨੂੰ ਬਹੁਤ ਵੱਡਾ ਸਨਮਾਨ ਦਿੱਤਾ ਹੈ।ਬਲਬੀਰ ਸਿੰਘ ਸਿੱਧੂ ਆਪਣੇ ਹਲਕੇ ਮੋਹਾਲੀ ਦੇ ਲੋਕਾਂ ਨਾਲ਼ ਰਾਬਤਾ ਕਾਇਮ ਕਰ ਰਹੇ ਹਨ। ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋ ਰਹੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਮੇਰੀ ਸਭ ਤੋਂ ਪਹਿਲੀ ਤਰਜੀਹ ਸਿੱਖਿਆ ਦੇ ਖੇਤਰ ਵਿੱਚ ਵਿੱਚ ਬੱਚਿਆਂ ਨੂੰ ਸਿੱਖਿਅਤ ਕਰਨ ਦੀ ਹੈ। ਉਨ੍ਹਾਂ ਕਿਹਾ ਕਿ ਸਿਹਤ ਮੰਤਰੀ ਹੁੰਦਿਆਂ ਮੈਂ ਸਭ ਤੋਂ ਪਹਿਲੀ ਗਰਾਂਟ ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦਾ ਭਵਿੱਖ ਸੰਵਾਰਨ ਲਈ ਜਾਰੀ ਕੀਤੀ ਸੀ। ਉਨ੍ਹਾਂ ਕਿਹਾ ਕਿ ਮੋਹਾਲੀ ਵਿਖੇ ਮੈਂ ਡਾ. ਅੰਬੇਡਕਰ ਦੇ ਨਾਂ ਦਾ ਮੈਡੀਕਲ ਕਾਲਜ ਬਣਾਇਆ, ਜਿਸ ਨਾਲ਼ ਸਿਹਤ ਦੇ ਖੇਤਰ ਦੇ ਨਾਲ਼ ਨਾਲ਼ ਸਾਡੇ ਹਲਕੇ ਨੂੰ ਵੀ ਇਸ ਦਾ ਬਹੁਤ ਵੱਡਾ ਫਾਇਦਾ ਹੋਇਆ ਹੈ।

ਖਾਲਸਾ ਏਡ ਵੱਲੋਂ ਸਪੈਸ਼ਲ ਓਲੰਪਿਕ ਪੰਜਾਬ ਦੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸੇਵਾ

ਜਲੰਧਰ (ਨ ਜ਼ ਸ) ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਸੰਸਥਾ ਖਾਲਸਾ ਏਡ ਦੇ ਵਲੰਟੀਅਰਾਂ ਵੱਲੋਂ ਸਪੈਸ਼ਲ ਓਲੰਪਿਕ ਪੰਜਾਬ ਦੇ ਸਾਲਾਨਾ ਖੇਡ ਟੂਰਨਾਮੈਂਟ ਦੌਰਾਨ ਲਗਾਤਾਰ ਤਿੰਨ ਦਿਨ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਅਤੇ ਖਿਡਾਰੀਆਂ ਦੀ ਸੇਵਾ ਕੀਤੀ ਗਈ।ਇਸ ਮੌਕੇ ਵਲੰਟੀਅਰਾਂ ਨੇ ਆਪਣਾ ਕੀਮਤੀ ਸਮਾਂ ਦੇ ਕੇ ਪੂਰੀ ਸਮਰਪਣ ਭਾਵਨਾ, ਜ਼ਿੰਮੇਵਾਰੀ ਅਤੇ ਨਿਸ਼ਕਾਮ ਸੇਵਾ ਦੇ ਜਜ਼ਬੇ ਨਾਲ ਬੱਚਿਆਂ ਨੂੰ ਖਾਣ-ਪੀਣ ਦੀਆਂ ਵਸਤਾਂ ਅਤੇ ਰਿਫਰੈਸ਼ਮੈਂਟ ਵਰਤਾਉਣ, ਗੱਦੇ ਵੰਡਣ, ਮੈਡੀਕਲ ਸਹਾਇਤਾ ਲਈ ਮਦਦ ਕਰਨ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਪਹੁੰਚਾਉਣ ਦੀ ਸੇਵਾ ਨਿਭਾਈ।ਲੰਗਰ ਅਤੇ ਖਾਣ-ਪੀਣ ਦੀਆਂ ਵਸਤਾਂ ਸਮੇਤ ਸਮੁੱਚੇ ਪ੍ਰਬੰਧ ਸਪੈਸ਼ਲ ਓਲੰਪਿਕ ਪੰਜਾਬ ਦੀ ਕਮੇਟੀ ਵੱਲੋਂ ਕੀਤੇ ਗਏ ਸਨ, ਜਦਕਿ ਖਾਲਸਾ ਏਡ ਦੇ ਵਲੰਟੀਅਰਾਂ ਨੇ ਇਨ੍ਹਾਂ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਬੱਚਿਆਂ ਤੱਕ ਪਹੁੰਚਾਉਣ ਵਿੱਚ ਆਪਣਾ ਯੋਗਦਾਨ ਪਾਇਆ। ਇਸ ਸਾਲ ਸਪੈਸ਼ਲ ਓਲੰਪਿਕ ਪੰਜਾਬ ਵੱਲੋਂ ਕਰਵਾਏ ਗਏ 27ਵੇਂ ਖੇਡ ਟੂਰਨਾਮੈਂਟ ਵਿੱਚ ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਲਗਭਗ 700 ਤੋਂ 800 ਵਿਸ ਲੋੜਾਂ ਵਾਲੇ ਬੱਚਿਆਂ ਅਤੇ ਖਿਡਾਰੀਆਂ ਦੀ ਸੇਵਾ ਲਈ ਖਾਲਸਾ ਏਡ ਦੇ ਵਲੰਟੀਅਰਾਂ ਵੱਲੋਂ ਤਿੰਨ ਦਿਨ ਲਗਾਤਾਰ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ। ਸਪੈਸ਼ਲ ਓਲੰਪਿਕ ਪੰਜਾਬ ਦੇ



ਇਸ ਖੇਡ ਸਮਾਗਮ ਦੀ ਸਮੁੱਚੀ ਵਿਵਸਥਾ ਅਸ਼ੋਕ ਅਰੋੜਾ, ਕਿਪਸ ਮਾਰਕੀਟ ਦੇ ਮਾਲਕ ਅਤੇ ਸਪੈਸ਼ਲ ਓਲੰਪਿਕ ਪੰਜਾਬ ਦੇ ਪ੍ਰਧਾਨ, ਦੀ ਦੇਖ-ਰੇਖ ਹੇਠ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਨਿਰੰਜਨ ਕੁਮਾਰ, ਜੋ ਸੰਸਥਾ ਵਿੱਚ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ ਅਤੇ ਪੰਜਾਬ ਦੇ ਸਪੋਰਟਸ ਡਾਇਰੈਕਟਰ ਮਨਦੀਪ ਸਿੰਘ ਵੀ ਇਸ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਦੌਰਾਨ ਸਪੈਸ਼ਲ ਓਲੰਪਿਕ ਪੰਜਾਬ ਦੀ ਕਮੇਟੀ ਵੱਲੋਂ ਹਰ ਰੋਜ਼ ਬੱਚਿਆਂ ਲਈ ਪੰਜ ਵੱਖ-ਵੱਖ ਸਮਿਆਂ 'ਤੇ ਬ੍ਰੇਕਫਾਸਟ, ਰਿਫਰੈਸ਼ਮੈਂਟ ਬ੍ਰੇਕ, ਲੰਚ, ਸ਼ਾਮ ਦੀ ਰਿਫਰੈਸ਼ਮੈਂਟ ਅਤੇ ਡਿਨਰ ਦਾ ਪ੍ਰਬੰਧ ਕੀਤਾ ਜਾਂਦਾ ਹੈ। ਖਾਲਸਾ ਏਡ ਦੇ ਵਲੰਟੀਅਰਾਂ ਵੱਲੋਂ ਇਹ ਵਸਤਾਂ ਬੱਚਿਆਂ ਤੱਕ ਪਹੁੰਚਾਉਣ ਅਤੇ ਵਰਤਾਉਣ ਦੀ ਸੇਵਾ ਨਿਭਾਈ ਜਾਂਦੀ ਹੈ। ਇਸ ਸੇਵਾ ਕਾਰਜ ਦੌਰਾਨ ਸਪੈਸ਼ਲ ਓਲੰਪਿਕ ਪੰਜਾਬ ਦੇ ਡਾਇਰੈਕਟਰ ਸ੍ਰੀ ਅਸ਼ੋਕ ਕੁਮਾਰ ਅਤੇ ਸ੍ਰੀ ਅਨਿਲ ਗੋਇਲ ਵੱਲੋਂ ਖਾਲਸਾ ਏਡ ਦੇ ਵਲੰਟੀਅਰਾਂ ਨੂੰ ਪੂਰਾ ਸਹਿਯੋਗ ਅਤੇ ਮਾਰਗਦਰਸ਼ਨ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਖਾਲਸਾ ਏਡ ਹਮੇਸ਼ਾ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਹੈ ਅਤੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਜਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਜਦੋਂ ਵੀ ਕਿਸੇ ਤਰ੍ਹਾਂ ਦੀ ਮਦਦ, ਸਹੂਲਤ ਜਾਂ ਸੇਵਾ ਦੀ ਲੋੜ ਹੋਵੇਗੀ, ਖਾਲਸਾ ਏਡ ਹਰ ਸਮੇਂ ਉਨ੍ਹਾਂ ਦੇ ਨਾਲ ਖੜ੍ਹੀ ਹੈ।ਖਾਲਸਾ ਏਡ ਵੱਲੋਂ ਸਪੈਸ਼ਲ ਓਲੰਪਿਕ ਪੰਜਾਬ ਦੀ ਸੰਸਥਾ ਵੱਲੋਂ ਮੁਹੱਈਆ ਕਰਵਾਏ ਗਏ ਵਿਸ਼ੇਸ਼ ਕਾਊਂਟਰ 'ਤੇ ਆਪਣਾ ਬੈਨਰ ਲਗਾ ਕੇ ਸਾਰੀਆਂ ਸੇਵਾਵਾਂ ਸੁਚੱਜੇ ਢੰਗ ਨਾਲ ਨਿਭਾਈਆਂ ਗਈਆਂ।

ਇਨੋਸੈਂਟ ਹਾਰਟਸ ਸਕੂਲ ਨੇ 'ਅਨਹਦ' ਏ ਡਿਵਾਈਨ ਕਨੈਕਸ਼ਨ' ਕਰਵਾਈ

ਜਲੰਧਰ (ਸੈਲੀ ਐਲਬਰਟ) ਇਨੋਸੈਂਟ ਹਾਰਟਸ ਸਕੂਲ ਦੇ ਨੂਰਪੁਰ ਰੋਡ ਕੈਂਪਸ ਵਿੱਚ ਇੱਕ ਅਧਿਆਤਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ, 'ਅਨਹਦ : ਏ ਡਿਵਾਈਨ ਕਨੈਕਸ਼ਨ' ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਅਧਿਆਤਮਿਕ ਚੇਤਨਾ ਅਤੇ ਸੱਭਿਆਚਾਰਕ ਸਦਭਾਵਨਾ ਪੈਦਾ ਕਰਨ ਦੇ ਨਾਲ ਨਾਲ ਭਾਵਨਾਤਮਕ ਸੰਤੁਲਨ ਨੂੰ ਉਤਸ਼ਾਹਿਤ ਕਰਨਾ ਸੀ।ਪੂਰੇ ਕੈਂਪਸ ਵਿੱਚ ਮਾਹੌਲ ਸ਼ਾਂਤਮਈ ਅਤੇ ਭਗਤੀ ਭਰਿਆ ਰਿਹਾ।ਇਸ ਵਿਸ਼ੇਸ਼ ਅਧਿਆਤਮਿਕ ਪਹਿਲਕਦਮੀ ਦੀ ਮਾਵਾਂ ਅਤੇ ਦਾਦੀਆਂ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ, ਜਿਨ੍ਹਾਂ ਨੇ ਆਪਣੀ ਮੌਜੂਦਗੀ ਨਾਲ ਇਸ ਪ੍ਰੋਗਰਾਮ ਦੀ ਸ਼ੋਭਾ ਵਧਾਈ।ਨੂਰਪੁਰ ਰੋਡ ਕੈਂਪਸ ਵਿੱਚ 5ਵੀਂ ਅਤੇ 6ਵੀਂ ਜਮਾਤ ਦੇ ਵਿਦਿਆਰਥੀਆਂ ਨੇ ਰੂਹਾਨੀ ਭਜਨਾਂ ਅਤੇ ਸ਼ਬਦ ਗਾਇਨ ਰਾਹੀਂ ਆਪਣੀ ਆਸਥਾ ਅਤੇ ਸ਼ਰਧਾ ਦਾ ਮਨਮੋਹਕ ਪ੍ਰਦਰਸ਼ਨ ਪੇਸ਼ ਕੀਤਾ।ਉਨ੍ਹਾਂ ਦੇ ਸੁਰੀਲੇ ਪ੍ਰਦਰਸ਼ਨ ਨੇ ਸਰੋਤਿਆਂ ਨੂੰ ਪ੍ਰੇਰਿਤ ਕੀਤਾ ਅਤੇ ਸਾਰਿਆਂ ਨੂੰ ਅਧਿਆਤਮਿਕ ਅਨੁਭਵ ਨਾਲ ਜੋੜਿਆ। ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ



ਨਾਲ ਹੋਈ। ਇਸ ਮੌਕੇ ਦਿੱਤਾ ਗਿਆ ਸੰਦੇਸ਼ ਇਹ ਸੀ ਕਿ ਬੱਚਿਆਂ ਵਿੱਚ ਮਜ਼ਬੂਤ ਨੈਤਿਕ ਕਦਰਾਂ-ਕੀਮਤਾਂ ਅਤੇ ਚੰਗੀਆਂ ਕਦਰਾਂ-ਕੀਮਤਾਂ ਪੈਦਾ ਕਰਨ ਵਿੱਚ ਸਕੂਲ ਅਤੇ ਮਾਪਿਆਂ ਦੀ ਸਮੂਹਿਕ ਭੂਮਿਕਾ ਬਹੁਤ ਮਹੱਤਵਪੂਰਨ ਹੈ। ਨੂਰਪੁਰ ਰੋਡ ਦੀ ਡਾਇਰੈਕਟਰ ਸ਼੍ਰੀਮਤੀ ਮੀਨਾਕਸ਼ੀ ਸ਼ਰਮਾ ਅਤੇ ਪ੍ਰਿੰਸੀਪਲ ਸ਼੍ਰੀਮਤੀ ਜਸਮੀਤ ਬਖਸ਼ੀ ਦੀ ਮੌਜੂਦਗੀ ਨੇ ਇਸ ਪ੍ਰੋਗਰਾਮ ਨੂੰ ਹੋਰ ਵੀ ਸ਼ਾਨਦਾਰ ਬਣਾਇਆ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਉਤਸ਼ਾਹਿਤ ਕੀਤਾ ਅਤੇ ਇਸ ਅਧਿਆਤਮਿਕ ਸਮਾਗਮ ਵਿੱਚ ਉਤਸ਼ਾਹਜਨਕ ਭਾਗੀਦਾਰੀ ਅਤੇ ਸਮਰਥਨ ਲਈ ਮਾਵਾਂ ਅਤੇ ਦਾਦੀਆਂ ਦਾ ਦਿਲੋਂ ਧੰਨਵਾਦ ਕੀਤਾ।

26 ਦੀ ਰੈਲੀ ਵਿੱਚ ਵਧ-ਚੜ੍ਹ ਕੇ ਸ਼ਾਮਿਲ ਹੋਇਆ ਜਾਵੇ : ਐਡਵੋਕੇਟ ਹਰਗੋਪਾਲ ਸਿੰਘ

ਪੋਜੇਵਾਲ (ਰਾਮ ਲਾਲ)- ਬਹੁਜਨ ਸਮਾਜ ਪਾਰਟੀ ਨਾਲ ਜੁੜੇ ਵਰਕਰਾਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਬਲਾਚੌਰ ਦੇ ਸਾਬਕਾ ਵਿਧਾਇਕ ਐਡਵੋਕੇਟ ਹਰਗੋਪਾਲ ਸਿੰਘ ਨੇ ਕਿਹਾ ਕਿ 26 ਨਵੰਬਰ ਨੂੰ ਸੰਵਿਧਾਨ ਦਿਵਸ ਦੇ ਮੌਕੇ 'ਤੇ ਫਿਲੌਰ ਵਿਖੇ ਹੋਣ ਵਾਲੀ ਰੈਲੀ ਵਿੱਚ ਸਾਨੂੰ ਸਾਰਿਆਂ ਨੂੰ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਸਾਡੇ ਦੇਸ਼ ਦੇ ਲੋਕਤੰਤਰ, ਸਮਾਨਤਾ, ਆਜ਼ਾਦੀ ਅਤੇ ਭਾਈਚਾਰੇ ਦੀ ਨੀਂਹ ਹੈ। ਸੰਵਿਧਾਨ ਦੀ ਰੱਖਿਆ ਅਤੇ ਇਸ ਵਿੱਚ ਦਰਜ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਐਡਵੋਕੇਟ ਹਰਗੋਪਾਲ ਸਿੰਘ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਦੀ ਮਜ਼ਬੂਤੀ ਲਈ ਪਾਰਟੀ ਦੇ ਹਰ ਆਗੂ, ਵਰਕਰ ਅਤੇ ਸਮਰਥਕ ਨੂੰ ਆਪਸੀ ਏਕਤਾ, ਸਹਿਯੋਗ ਅਤੇ ਸਮਰਪਣ ਦੀ ਭਾਵਨਾ ਨਾਲ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਅੱਗੇ ਕਿਹਾ ਕਿ 26 ਨਵੰਬਰ ਦੀ ਫਿਲੌਰ ਰੈਲੀ ਸੰਵਿਧਾਨ ਦਿਵਸ ਦੇ ਮਹੱਤਵ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸਮਾਜਿਕ ਬਰਾਬਰੀ, ਭਾਈਚਾਰੇ ਤੇ ਸੰਵਿਧਾਨਕ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਇਸ ਰੈਲੀ ਵਿੱਚ ਸ਼ਮੂਲੀਅਤ ਕਰਨੀ ਚਾਹੀਦੀ ਹੈ।



ਕਿਸਾਨ ਆਗੂ ਬੂਟਾ ਸਿੰਘ ਮੁਰੀਦਵਾਲ ਦਾ ਅੰਤਮ ਸੰਸਕਾਰ

ਸ਼ਾਹਕੋਟ (ਗਿਆਨ ਸੈਦਪੁਰੀ) ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਅਤੇ ਚਾਨਣ ਸਿੰਘ ਚੰਦੀ ਯਾਦਗਾਰੀ ਸਪੋਰਟਸ ਕਲੱਬ ਕਸੂਪੁਰ ਦੇ ਸਰਗਰਮ ਮੈਂਬਰ ਬੂਟਾ ਸਿੰਘ ਮੁਰੀਦਵਾਲ ਦਾ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਅੰਤਿਮ ਸਸਕਾਰ ਕੀਤਾ ਗਿਆ।ਉਹ ਲੰਘੀ 14 ਨਵੰਬਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ।ਉਨ੍ਹਾਂ ਦੇ ਨਜ਼ਦੀਕੀ ਮੈਂਬਰਾਂ ਦੇ ਵਿਦੇਸ਼ ਤੋਂ ਪਰਤਣ ਉਪਰੰਤ ਵੀਰਵਾਰ ਨੂੰ ਉਹਨਾਂ ਦਾ ਸਸਕਾਰ ਕੀਤਾ ਗਿਆ।ਉਹਨਾਂ ਦੀ ਅੰਤਿਮ ਯਾਤਰਾ ਵਿੱਚ